ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

YouTube https://youtu.be/LQwolgxDu7I

awazeqaumtvpunjab@gmail.com

ਸ਼ੁੱਕਰਵਾਰ, 27 ਦਸੰਬਰ 2024 (ਨਾਨਕਸ਼ਾਹੀ ਸੰਮਤ : ੫੫੬, ੧੩ ਪੋਹ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111,+447976210161,+919729091243

## ਸ਼ਹੀਦੀ ਹ.ਫਤਾ (27 ਦਸੰਬਰ)

ਸਿੱਖ ਧਰਮ ਵਿੱਚ 21 ਦਸੰਬਰ ਤੋਂ ਲੈ ਕੇ ਅਗਲਾ ਇੱਕ ਹ.ਫਤਾ ਸ਼ਹੀਦੀ ਹ.ਫਤੇ ਦੇ ਤੌਰ 'ਤੇ ਮਨਾਉਂਦੇ ਹਨ। ਇਸ ਇੱਕ ਹ.ਫਤੇ ਵਿੱਚ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦਾ ਪੂਰਾ ਪਰਿਵਾਰ ਸ਼ਹੀਦ ਹੋ ਗਿਆ ਸੀ। ਨਾਨਕਸ਼ਾਹੀ ਕੈਲੰਡਰ ਦੇ ਅਨੁਸਾਰ 21 ਦਸੰਬਰ ਤੋਂ ਲੈ ਕੇ 29 ਦਸੰਬਰ ਤੱਕ ਨੂੰ ਸਿੱਖ ਕੌਮ ਸ਼ਹੀਦੀ ਹ.ਫਤੇ ਦੇ ਤੌਰ 'ਤੇ ਯਾਦ ਕਰਦੀ ਹੈ। ਸ਼ਰਧਾਵਾਨ ਸਿੱਖ ਜ਼ਮੀਨ 'ਤੇ ਸੌਂ ਕੇ ਮਾਤਾ ਗੁਜਰੀ ਜੀ ਨੂੰ ਯਾਦ ਕਰਦੇ ਹਨ। ਦਰਅਸਲ ਦਸੰਬਰ ਦੀ ਇਸ ਕੜਕੜਾਉਂਦੀ ਠੰਢ ਵਿੱਚ ਮਾਤਾ ਗੁਜਰੀ ਜੀ ਅਤੇ ਦੋਨੋਂ ਛੋਟੇ ਸਾਹਿਬਜ਼ਾਦਿਆਂ ਨੂੰ ਸਰਹਿੰਦ ਦੇ ਠੰਡੇ ਬੁਰਜ ਵਿੱਚ ਖੁੱਲ੍ਹੇ ਆਸਮਾਨ ਹੇਠ ਕੈਦ ਕਰਕੇ ਰੱਖਿਆ ਗਿਆ ਸੀ। ਪੂਰਾ ਹ.ਫਤੇ ਵਿੱਚ ਕਿਸ ਦਿਨ ਕੀ ਹੋਇਆ, ਰੋਜ਼ਾਨਾ ਦੱਸ ਰਹੇ ਹਾਂ।



ਮਾਤਾ ਗੁਜਰੀ ਅਤੇ ਛੋਟੇ ਸਾਹਿਬਜ਼ਾਦਿਆਂ ਨੂੰ ਵਜ਼ੀਰ ਖ਼ਾਂ ਨੇ ਕੈਦ ਕਰ ਲਿਆ ਸੀ। ਇਸ ਦਿਨ ਉਸਦੀ ਕਚਹਿਰੀ ਵਿੱਚ ਛੋਟੇ ਸਾਹਿਬਜ਼ਾਦਿਆਂ ਦੀ ਪੇਸ਼ੀ ਸੀ, ਜਿੱਥੇ ਵਜੀਰ ਖਾਨ ਨ ਛੋਟੇ ਸਾਹਿਬਜ਼ਾਦਿਆਂ ਨੂੰ ਬੇਹੱਦ ਡਰਾਇਆ-ਧਮਕਾਇਆ ਅਤੇ ਉਨ੍ਹਾਂ ਨੂੰ ਧਰਮ ਪਰਿਵਰਤਨ ਕਰਨ ਲਈ ਕਿਹਾ, ਪਰ ਛੋਟੇ ਸਾਹਿਬਜ਼ਾਦਿਆਂ ਨੇ ਬਹਾਦਰੀ ਨਾਲ ਜਵਾਬ ਦਿੰਦੇ ਹੋਏ ਕਿਹਾ ਕਿ 'ਅਸੀਂ ਗੋਬਿੰਦ ਸਿੰਘ ਦੇ ਬੇਟੇ ਹਾਂ। ਮਰ ਜਾਵਾਂਗੇ ਪਰ ਧਰਮ ਨਹੀਂ ਤਿਆਗਾਂਗੇ।' ਇਸ ਦੌਰਾਨ ਉਨ੍ਹਾਂ ਨੇ ਜੋ ਬੋਲੇ ਸੋ ਨਿਹਾਲ, ਸਤਿ ਸ੍ਰੀ ਅਕਾਲ ਦੇ ਜੈਕਾਰੇ ਵੀ ਲਗਾਏ, ਜਿਸਨੂੰ ਸੁਣ ਕੇ ਵਜ਼ੀਰ ਖਾਂ ਅਤੇ ਹੋਰ ਲੋਕ ਗੁੱਸੇ ਵਿੱਚ ਆ ਗਏ ਅਤੇ ਉਨ੍ਹਾਂ ਨੇ ਅਗਲੇ ਦਿਨ ਆਉਣ ਲਈ ਕਿਹਾ ਅਤੇ ਨਾਲ ਹੀ ਇਹ ਵੀ ਕਿਹਾ ਕਿ ਕਲ ਜਾਂ ਤਾਂ ਧਰਮ ਪਰਿਵਰਤਨ ਕਰੋ ਜਾਂ ਮਰਨ ਲਈ ਤਿਆਰ ਰਹੋ।

ਆਵਾਜ਼ਿ ਕੌਮ AWAZE QAUM International Newspaper & WEB TV

## ਧੰਨ ਧੰਨ ਸਾਹਿਬ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਅਵਤਾਰ ਦਿਹਾੜੇ ਨੂੰ ਸਮਰਪਿਤ, ਦਮਦਮੀ ਟਕਸਾਲ ਦੀ ਅਗਵਾਈ ਹੇਠ ਸਾਲਾਨਾ ਮਹਾਨ ਨਗਰ ਕੀਰਤਨ 1 ਜਨਵਰੀ ਨੂੰ : ਸੰਤ ਗਿਆਨੀ ਹਰਨਾਮ ਸਿੰਘ ਜੀ ਖਾਲਸਾ

**ਚੌਕ ਮਹਿਤਾ, 26 ਦਸੰਬਰ ( ਬਾਬਾ ਸੁਖਵੰਤ ਸਿੰਘ ਚੰਨਣਕੇ )**- ਧੰਨ ਧੰਨ ਸਾਹਿਬ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਮਹਾਰਾਜ ਦੇ ਪਵਿੱਤਰ ਪਾਵਨ ਅਵਤਾਰ ਦਿਹਾੜੇ ਨੂੰ ਸਮਰਪਿਤ ਸਲਾਨਾ ਮਹਾਨ ਕੀਰਤਨ ਦਮਦਮੀ ਟਕਸਾਲ ਦੇ ਮੌਜੂਦਾ ਮੁੱਖੀ ਅਤੇ ਸੰਤ ਸਮਾਜ ਦੇ ਪ੍ਰਧਾਨ ਸ੍ਰੀ ਮਾਨ ਸੰਤ ਗਿਆਨੀ ਹਰਨਾਮ ਸਿੰਘ ਜੀ ਖਾਲਸਾ ਭਿੰਡਰਾਂਵਾਲਿਆਂ ਦੀ ਰਹਿਨਮਾਈ ਵਿੱਚ ਧੰਨ ਧੰਨ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਸਾਹਿਬ ਜੀ ਛਤਰ ਛਾਇਆ ਹੇਠ, ਪੰਜਾ ਪਿਆਰਿਆਂ ਸਾਹਿਬਾਨ ਦੀ ਅਗਵਾਈ ਹੇਠ ਇਲਾਕੇ ਦੀਆਂ ਸੰਗਤਾਂ ਦੇ ਸਹਿਯੋਗ ਨਾਲ ਫੁੱਲਾਂ ਦੀ ਵਰਖਾ,ਜੈਕਾਰਿਆ ਨਾਲ ਨਗਰ ਕੀਰਤਨ 1 ਜਨਵਰੀ 2025 ਦਿਨ ਬੁੱਧਵਾਰ ਨੂੰ ਦਮਦਮੀ ਟਕਸਾਲ ਦੇ ਹੈਡਕੁਆਰਟਰ ਗੁਰਦੁਆਰਾ ਗੁਰਦਰਸ਼ਨ ਪਰਕਾਸ਼ ਮਹਿਤਾ ਵਿਖੇ ਤੋਂ ਸਜਾਇਆ ਜਾ ਰਿਹਾ ਹੈ, ਹਰ ਸਾਲ ਦੀ ਤਰ੍ਹਾਂ ਇਹ ਨਗਰ ਸਵੇਰੇ 7 ਵਜੇ ਤੋਂ ਦਮਦਮੀ ਟਕਸਾਲ ਮਹਿਤਾ ਤੋਂ ਆਰੰਭ ਹੋਵੇਗਾ, ਅਤੇ ਉਦੋਨੰਗਲ, ਸੂਰੋ ਪੱਡਾ, ਨਾਥ ਦੀ ਖੂੰਹੀ, ਜਲਾਲ ਉਸਮਾ, ਰਾਜਧਾਨ, ਵਡਾਲਾ, ਧਿਆਨਪੁਰ, ਬਾਬਾ ਬਕਾਲਾ ਸਾਹਿਬ, ਸਠਿਆਲਾ, ਗੱਗੜਭਾਣਾ, ਬੁੱਟਰ, ਟਕਾਪੁਰ, ਖੱਬੇ ਰਾਜਪੂਤਾਂ, ਚੂੰਗ, ਚੌਕ ਮਹਿਤਾ ਤੋਂ ਹੁੰਦਿਆਂ ਹੋਇਆਂ ਸਾਮ ਗੁਰਦੁਆਰਾ ਗੁਰਦਰਸ਼ਨ ਪਰਕਾਸ਼ ਮਹਿਤਾ ਵਿੱਖੇ ਸਮਾਪਤੀ ਹੋਵੇਗੀ, ਇਸ ਨਗਰ ਕੀਰਤਨ ਵਿੱਚ ਹਜਾਰਾਂ ਦੀ ਗਿਣਤੀ ਵਿੱਚ ਸੰਗਤਾਂ ਦੀ ਸਮੂਲੀਅਤ ਨੂੰ ਧਿਆਨ ਰੱਖਦਿਆਂ ਪਰਬੰਧਕਾਂ ਨੇ ਇਲਾਕੇ ਦੇ ਜਿਮੇਵਾਰ ਸੰਗਤਾਂ ਨੂੰ ਆਪੋ ਆਪਣੇ ਵਾਹਨ, ਜਿਵੇਂ ਟਰੈਕਟਰ ਟਰਾਲੀਆਂ, ਕਾਰਾ, ਬੱਸਾ ਟਰੱਕ ਆਦਿ ਨਾਲ ਲੈਕੇ ਸਮੇ ਸਿਰ ਪਹੁੰਚਣ ਦੀ ਕਿਰਪਾਲਤਾ ਕਰਨੀ ਹੈ।



## ਨਹੀਂ ਰਹੇ ਸਾਬਕਾ ਪ੍ਰਧਾਨ ਮੰਤਰੀ ਮਨਮੋਹਨ ਸਿੰਘ

**ਨਵੀਂ ਦਿੱਲੀ, 26 ਦਸੰਬਰ (ਆਵਾਜ਼ਿ ਕੌਮ ਬਿਊਰੋ)**-ਭਾਰਤ ਦੇ ਸਾਬਕਾ ਪ੍ਰਧਾਨ ਮੰਤਰੀ ਡਾ: ਮਨਮੋਹਨ ਸਿੰਘ ਨੂੰ ਵੀਰਵਾਰ ਨੂੰ ਏਮਜ਼ (ਆਲ ਇੰਡੀਆ ਇੰਸਟੀਚਿਊਟ ਆਫ਼ ਮੈਡੀਕਲ ਸਾਇੰਸਜ਼) ਦੇ ਐਮਰਜੈਂਸੀ ਵਿਭਾਗ ਵਿੱਚ ਦਾਖ਼ਲ ਕਰਵਾਇਆ ਗਿਆ ਸੀ। ਇਸ ਤੋਂ ਬਾਅਦ ਅਚਾਨਕ ਉਨ੍ਹਾਂ ਦੇ ਦੇਹਾਂਤ ਦੀਆਂ ਖਬਰਾਂ ਸਾਹਮਣੇ ਆ ਰਹੀਆਂ ਹਨ। ਦੱਸ ਦਈਏ ਕਿ ਪ੍ਰਿਅੰਕਾ ਗਾਂਧੀ ਦੇ ਪਤੀ ਰਾਬਰਟ ਵਾਡਰਾ ਨੇ ਆਪਣੇ ਫੇਸਬੁੱਕ ਪੋਸਟ ਉੱਤੇ ਇਸ ਬਾਰੇ ਜਾਣਕਾਰੀ ਸਾਂਝੀ ਕੀਤੀ ਹੈ। ਇਸ ਦੌਰਾਨ ਉਨ੍ਹਾਂ ਨੇ ਕਿਹਾ ਕਿ ਸਾਬਕਾ ਪ੍ਰਧਾਨ ਮੰਤਰੀ ਮਨਮੋਹਨ ਸਿੰਘ ਜੀ ਦੇ ਦੇਹਾਂਤ ਦੇ ਬਾਰੇ ਜਾਣ ਕੇ ਬਹੁਤ ਦੁੱਖ ਲੱਗਿਆ।ਉਨ੍ਹਾਂ ਦੇ ਪਰਿਵਾਰ ਤੇ ਪਿਆਰਾਂ ਨਾਲ ਮੇਰੀ ਹਮਦਰਦੀ ਹੈ। ਸਾਡੇ ਰਾਸ਼ਟਰ ਦੇ ਲਈ ਤੁਹਾਡੀ ਸੇਵਾਂ ਲਈ ਧੰਨਵਾਦ। ਦੇਸ਼ ਤੁਹਾਡੇ ਵੱਲੋਂ ਲਿਆਂਦੀ ਆਰਥਿਕ ਕ੍ਰਾਂਤੀ ਤੇ ਪ੍ਰਗਤੀਸ਼ੀਲ ਬਦਲਾਅ ਦੇ ਲਈ ਤੁਹਾਨੂੰ ਹਮੇਸ਼ਾ ਯਾਦ ਰੱਖੇਗਾ। ਡਾ: ਮਨਮੋਹਨ ਸਿੰਘ ਦਾ ਜਨਮ 26 ਸਤੰਬਰ 1932 ਨੂੰ ਅਣਵੰਡੇ ਭਾਰਤ ਦੇ ਪੰਜਾਬ ਸੂਬੇ ਦੇ ਇੱਕ ਪਿੰਡ ਵਿੱਚ ਹੋਇਆ ਸੀ। ਇੱਕ ਸਾਧਾਰਨ ਪਿਛੋਕੜ ਤੋਂ ਆਉਂਦੇ ਹੋਏ ਡਾ. ਸਿੰਘ ਨੇ ਆਪਣੇ ਜੀਵਨ ਵਿੱਚ ਸਿੱਖਿਆ, ਅਰਥ ਸ਼ਾਸਤਰ ਅਤੇ ਰਾਜਨੀਤੀ ਵਿੱਚ ਅਸਾਧਾਰਨ ਪ੍ਰਾਪਤੀਆਂ ਕੀਤੀਆਂ। ਡਾ: ਮਨਮੋਹਨ ਸਿੰਘ ਨੇ 1948 ਵਿਚ ਪੰਜਾਬ ਯੂਨੀਵਰਸਿਟੀ ਤੋਂ ਮੈਟ੍ਰਿਕ ਦੀ ਪ੍ਰੀਖਿਆ ਪਾਸ ਕੀਤੀ। ਇਸ ਤੋਂ ਬਾਅਦ ਉਸਨੇ 1957 ਵਿੱਚ ਕੈਂਬਰਿਜ ਯੂਨੀਵਰਸਿਟੀ (ਯੂ.ਕੇ.) ਤੋਂ ਅਰਥ ਸ਼ਾਸਤਰ ਵਿੱਚ ਫਸਟ ਕਲਾਸ ਆਨਰਜ਼ ਦੀ ਡਿਗਰੀ ਪ੍ਰਾਪਤ ਕੀਤੀ। ਉਸਨੇ 1962 ਵਿੱਚ ਆਕਸਫੋਰਡ ਯੂਨੀਵਰਸਿਟੀ ਦੇ ਨਫੀਲਡ ਕਾਲਜ ਤੋਂ ਅਰਥ ਸ਼ਾਸਤਰ ਵਿੱਚ ਡੀ. ਫਿਲ ਦੀ ਡਿਗਰੀ ਹਾਸਲ ਕੀਤੀ। ਸਿੱਖਿਆ ਲਈ ਉਸ ਦੇ ਜਨੂੰਨ ਨੇ ਉਸ ਨੂੰ ਪੰਜਾਬ ਯੂਨੀਵਰਸਿਟੀ ਅਤੇ ਦਿੱਲੀ ਸਕੂਲ ਆਫ਼ ਇਕਨਾਮਿਕਸ ਵਿਚ ਪੜ੍ਹਾਉਣ ਲਈ ਪ੍ਰੇਰਿਤ ਕੀਤਾ।



## ਸ਼ਹੀਦੀ ਸਾਕਿਆਂ ਤੋਂ ਪੰਥਕ ਚੜ੍ਹਦੀ ਕਲਾ ਦਾ ਸਬਕ ਲਿਆ ਜਾਵੇ : ਸਿੰਘ ਸਾਹਿਬ

**ਸ੍ਰੀ ਫਤਹਿਗੜ੍ਹ ਸਾਹਿਬ, 26 ਦਸੰਬਰ (ਆਵਾਜ਼ਿ ਕੌਮ ਬਿਊਰੋ)**-ਸ੍ਰੀ ਅਕਾਲ ਤਖ਼ਤ ਸਾਹਿਬ ਦੇ ਸਾਬਕਾ ਜਥੇਦਾਰ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਰਪ੍ਰਸਤ ਸਿੰਘ ਸਾਹਿਬ ਭਾਈ ਜਸਵੀਰ ਸਿੰਘ ਖਾਲਸਾ ਨੇ ਕਿਹਾ ਹੈ ਕਿ ਸਿੱਖ ਇਤਿਹਾਸ ਵਿਚ ਜਿੰਨੇ ਵੀ ਸ਼ਹੀਦੀ ਸਾਕੇ ਹੋਏ ਹਨ, ਉਨ੍ਹਾਂ ਦਾ ਜ਼ਿਕਰ ਕਰਦਿਆਂ ਆਪਣੇ ਆਪ ਨੂੰ ਅਤੇ ਕੌਮ ਨੂੰ ਉਦਾਸੀ ਵਾਲੇ ਮਾਹੌਲ ਵਿਚ ਨਹੀਂ ਲਿਜਾਇਆ ਜਾਣਾ ਚਾਹੀਦਾ।ਫਤਹਿਗੜ੍ਹ ਸਾਹਿਬ ਵਿਖੇ ਸ. ਸਿਮਰਨਜੀਤ ਸਿੰਘ ਮਾਨ ਵੱਲੋਂ ਸ਼ਹੀਦੀ ਜੋੜ ਮੇਲੇ ਸਬੰਧੀ ਕਰਵਾਈ ਕਾਨਫਰੰਸ ਵਿਚ ਸੰਬੋਧਨ ਕਰਦਿਆਂ ਸਿੰਘ ਸਾਹਿਬ ਨੇ ਕਿਹਾ ਕਿ ਇਹ ਸ਼ਹੀਦੀ ਸਾਕੇ ਸਿੱਖ ਕੌਮ ਨੂੰ ਚੜ੍ਹਦੀ ਕਲਾ ਵੱਲ ਜਾਣ ਦਾ ਸੰਦੇਸ਼ ਦਿੰਦੇ ਹਨ। ਉਨ੍ਹਾਂ ਕਿਹਾ ਕਿ ਸਿੱਖ ਇਤਿਹਾਸ ਗਵਾਹ ਹੈ ਕਿ ਜੋ ਵੀ ਵਿਅਕਤੀ ਜਾਂ ਮਹਾਂਪੁਰਸ਼ ਆਪਣੇ ਧਰਮ ਦੀ ਗੱਲ ਕਰੇਗਾ, ਉਸ ਨੂੰ ਖਤਰਿਆਂ ਦਾ ਸਾਹਮਣਾ ਕਰਨਾ ਹੀ ਪਵੇਗਾ। ਸਿੰਘ ਸਾਹਿਬ ਨੇ ਕਿਹਾ ਕਿ ਸ੍ਰੀ ਗੁਰੂ ਅਰਜਨ ਦੇਵ ਜੀ ਵੱਲੋਂ ਤੱਤੀ ਤਵੀ ਉੱਪਰ ਬੈਠਣ, ਸ੍ਰੀ ਗੁਰੂ ਤੇਗ ਬਹਾਦਰ ਜੀ ਵੱਲੋਂ ਆਪਣਾ ਸੀਸ ਕਟਵਾਉਣ ਤੋਂ ਬਾਅਦ ਸਾਹਿਬਜ਼ਾਦਿਆਂ ਦੇ ਚਮਕੌਰ ਦੀ ਗੜ੍ਹੀ ਅਤੇ ਸਰਹੰਦ ਦੇ ਸਾਕਿਆਂ ਦੌਰਾਨ ਹੋਰ ਸਿੱਖਾਂ ਨਾਲ ਵਾਪਰੇ ਸ਼ਹੀਦੀ ਸਾਕਿਆਂ ਦਾ ਸੰਦੇਸ਼ ਸਿੱਖ ਕੌਮ ਨੂੰ ਚੜ੍ਹਦੀ ਕਲਾ ਵਿਚ ਰਹਿ ਕੇ ਨਿਆਸਰਿਆਂ ਦੇ ਆਸਰੇ ਬਣਦਿਆਂ ਸਮੇਂ ਦੀਆਂ ਹਕੂਮਤਾਂ ਨਾਲ ਹਰ ਤਰ੍ਹਾਂ ਦਾ ਮੁਕਾਬਲਾ ਕਰਨਾ ਹੈ। ਛੋਟੇ ਸਾਹਿਬਜ਼ਾਦਿਆਂ ਦਾ ਜ਼ਿਕਰ ਕਰਦਿਆਂ ਸਿੰਘ ਸਾਹਿਬ ਨੇ ਕਿਹਾ ਕਿ ਉਨ੍ਹਾਂ ਨੇ ਆਪਣੀਆਂ ਜ਼ਮੀਰਾਂ ਨੂੰ ਜਾਗਦਿਆਂ ਰੱਖਕੇ ਸਮੇਂ ਦੀ ਹਕੂਮਤ ਦੇ ਸਾਰੇ ਲਾਲਚ ਠੁਕਰਾ ਦਿੱਤੇ ਅਤੇ ਕਿਹਾ ਕਿ ਸਾਡੇ ਦਸਮੇਸ਼ ਪਿਤਾ ਨੇ ਸਾਨੂੰ ਸ਼ਿਹਨਸ਼ਾਹ ਬਣਾਇਆ ਹੈ ਅਸੀਂ ਖੈਰਾਤ ਮੰਗਣ ਵਾਲੇ ਨਹੀਂ ਹਾਂ। ਅਸੀਂ ਜ਼ਿੰਦਗੀ ਨਾਲੋਂ ਅਣਖ ਵਾਲੀ ਮੌਤ ਨੂੰ ਪਹਿਲ ਦੇਵਾਂਗੇ। ਸਿੰਘ ਸਾਹਿਬ ਨੇ ਇਸ ਮਾਮਲੇ ਵਿਚ ਸੰਤ ਭਿੰਡਰਾਂਵਾਲਿਆਂ ਦਾ ਜ਼ਿਕਰ ਕਰਦਿਆਂ ਕਿਹਾ ਕਿ ਉਹ ਅਕਸਰ ਕਿਹਾ ਕਰਦੇ ਸਨ ਕਿ ਸਰੀਰ ਦਾ ਮਰ ਜਾਣਾ ਮੌਤ ਨਹੀਂ, ਜ਼ਮੀਰ ਦਾ ਮਰ ਜਾਣਾ ਹੀ ਅਸਲੀ ਮੌਤ ਹੈ। ਸਿੰਘ ਸਾਹਿਬ ਨੇ ਕਿਹਾ ਕਿ ਸਾਹਿਬਜ਼ਾਦਿਆਂ ਨੂੰ ਅਸਲੀ ਸ਼ਰਧਾਂਜਲੀ ਇਹੋ ਹੈ ਕਿ ਅਸੀਂ ਆਪਣੇ ਬੱਚਿਆਂ ਨੂੰ ਅੰਮ੍ਰਿਤਧਾਰੀ ਬਣਾ ਕੇ ਸਿੱਖ ਪੰਥ ਦੀ ਚੜ੍ਹਦੀ ਕਲਾ ਲਈ ਸਰਗਰਮ ਕਰੀਏ। ਉਨ੍ਹਾਂ ਕਿਹਾ ਕਿ ਕੁਰਬਾਨੀਆਂ ਹੀ ਸਿੱਖ ਇਤਿਹਾਸ ਨੂੰ ਅੱਗੇ ਵਧਾਉਂਦੀਆਂ ਆਈਆਂ ਹਨ ਅਤੇ ਇਸੇ ਵਿਚ ਹੀ ਸਿੱਖੀ ਚੜ੍ਹਦੀ ਕਲਾ ਸੰਭਵ ਹੈ।






ਆਵਾਜ਼ਿ ਕੌਮ AWAZE QAUM International Newspaper & WEB TV

ਘੜੀਐ ਸਬਦੁ ਸਚੀ ਟਕਸਾਲ ॥

ਵਾਹਿਗੁਰੂ ਜੀ ਕਾ ਖਾਲਸਾ। ਵਾਹਿਗੁਰੂ ਜੀ ਕੀ ਫਤਿਹ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)




ਸ਼੍ਰੀ ਅਖੰਡ ਪਾਠ ਸਾਹਿਬ ਦੀ ਸੇਵਾ ਸੰਨਚੀਨੋ ਨਗਰ ਦੀਆਂ ਸਿੱਖ ਸੰਗਤਾਂ ਵੱਲੋਂ ਸੇਵਾ ਲਈ ਗਈ ਹੈ।

## ਮਹਾਨ ਸ਼ਹੀਦੀ ਦਿਹਾੜਾ

ਚਾਰ ਸਾਹਿਬਜ਼ਾਦੇ ਅਤੇ ਮਾਤਾ ਗੁਜ਼ਰ ਕੌਰ ਜੀ ਦੀ ਸ਼ਹੀਦੀ ਨੂੰ ਸਮਰਪਿਤ ਗੁਰਮਤਿ ਸਮਾਗਮ ਕਰਵਾਏ ਜਾ ਰਹੇ ਹਨ

ਸ੍ਰੀ ਅਖੰਡ ਪਾਠ ਸਾਹਿਬ ਦੀ ਆਰੰਭਤਾ 27 ਦਸੰਬਰ ਸ਼ੁੱਕਰਵਾਰ 10 : 30 ਵਜੇ ਹੋਵੇਗਾ, ਐਤਵਾਰ 10:30 ਭੋਗ ਪੈਣਗੇ

• ਸ਼ਨਿੱਚਰਵਾਰ 28 ਦਸੰਬਰ ਸ਼ਾਮ 5 ਤੋਂ 8 ਵਜੇ ਤੱਕ ਦੀਵਾਨ ਸਜਣਗੇ • ਐਤਵਾਰ 29 ਦਸੰਬਰ 2024 ਨੂੰ 6:30 ਵਜੇ ਸਵੇਰੇ ਚੋਪਹਿਰੇ ਦੇ ਪਾਠਾਂ ਦੀ ਆਰੰਭਤਾ ਹੋਵੇਗੀ ਸਮੇਤ ਸੁਖਮਨੀ ਸਾਹਿਬ ਦੇ 9: 30 ਵਜੇ ਭੋਗ ਪੈਣਗੇ ਉਪੰਰਤ 12:30 ਵਜੇ ਤੱਕ ਦੀਵਾਨ ਸਜਣਗੇ।

ਕਥਾ ਕੀਰਤਨੀ ਅਤੇ ਢਾਡੀ ਜਥਾ ਵੀ ਵਾਰਾਂ ਰਾਹੀਂ ਗੁਰ ਇਤਿਹਾਸ ਅਤੇ ਸਿੱਖ ਇਤਿਹਾਸ ਨਾਲ ਸੰਗਤਾਂ ਨੂੰ ਜੋੜਨਾ ਕਰਨਗੇ।

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂੰਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

ਗੁਰੂ ਕਾ ਲੰਗਰ ਅਤੁੱਟ ਵਰਤੇਗਾ

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

★ ਗੁਰੂ ਪੰਥ ਦੇ ਦਾਸਰੇ ★

**ਸਾਧ ਸੰਗਤ, ਪ੍ਰਬੰਧਕ ਕਮੇਟੀ**

ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ

ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-

ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778

ਭਾਈ ਬਲਰਾਮ ਸਿੰਘ +393885751594

ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

☛ ਸ਼ੇਅਰ ਜ਼ਰੂਰੀ ਕਰਨਾ ਜੀ ☛ ਸਿੱਖ ਸੰਗਤਾਂ ਦੇ ਚਰਨਾਂ ਵਿੱਚ ਬੇਨਤੀ ਹੈ। ☛ ਆਪਣਾ ਕੀਮਤੀ ਸਮਾਂ ਕੱਢਕੇ ਇੰਨਾਂ ਸਮਾਗਮਾ ਵਿਚ ਪੁਹੁੰਚਣ ਦੀ ਕ੍ਰਿਪਾਲਤਾ ਕਰੋ ਜੀ।


**Gurdwara Sahib Shaeed Baba Deep Singh ji Damdami Taksaal**

Via Giacomo Matteotti 3Cap
26020Casalmorano Cremona (IT)

E-mail : gur.damdamitaksaalitaly@gmail.com

Call+393475711755 / 3208124778

ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ
ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।
ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ




Physical death i do not fear
death of conscience is a sure death
Sant Jarnail Singh Ji Khalsa Bhindranwale
www.damdamitaksal.net



ਨਾਮ ਜਪੋ
ਕਿਰਤ ਕਰੋ
ਵੰਡ ਛਕੋ

Naam Japo
Kirat Karo
Vand Shako

ਜਥਾ ਭਿੰਡਰਾਂ (ਮਹਿਤਾ)
www.damdamitaksal.net

ਵਾਹਿਗੁਰੂ ਜੀ ਕਾ ਖਾਲਸਾ॥
ਵਾਹਿਗੁਰੂ ਜੀ ਕੀ ਫਤਹਿ॥

WAHEGURU JI KA KHALSA
WAHEGURU JI KI FATEH

ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ
Khande Bate di Pahul Shak Ke Guru Wale Bano
ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ
Join Gurbani Santhia and Gurmat Sikhia
ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ
Learn Kirtan Katha Kavishri and Dhadi Waran
ਗੁਰਮੁਖੀ ਪੰਜਾਬੀ ਸਿੱਖੋ
Learn Gurmukhi Punjabi
ਗਤਕਾ ਸਿੱਖੋ Learn Gatka
www.damdamitaksal.net



ਆਵਾਜ਼ਿ ਕੌਮ
Daily Newspaper from U.K.
Publisher/Chief Editor
**Raghbir Singh Walsal**
E-mail : awazeqaumtv@gmail.com
www.awazeqaumtv.com
for AWAZE QAUM Channel
https://youtu.be/LQwolgxDu7I
Contact :
+447458381111
+447976210161
+919729091243




ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk


**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ


ਤੇਰੇ ਜਨ ਪਰਉਪਕਾਰੀ ਆਏ

ਸੇਵਾਪੰਥੀ ਅੱਡਣਸ਼ਾਹੀ ਸੰਪ੍ਰਦਾਇ ਦੇ ਭੂਸ਼ਣ ਮਹਾਂਪੁਰਸ਼
ਸਚਖੰਡਵਾਸੀ ਮਹੰਤ ਤੀਰਥ ਸਿੰਘ ਜੀ ਗੋਨਿਆਣਾ ਮੰਡੀ ਵਾਲਿਆਂ ਦੇ
100 ਸਾਲਾ ਜਨਮ ਦਿਹਾੜੇ ਨੂੰ ਸਮਰਪਿਤ
51 ਬੇਟੀਆਂ ਦੇ ਸਮੂੰਹਿਕ ਆਨੰਦ ਕਾਰਜ



ਸਚਖੰਡਵਾਸੀ
ਮਹੰਤ ਤੀਰਥ ਸਿੰਘ ਜੀ ਗੋਨਿਆਣਾ ਮੰਡੀ

ਮਿਤੀ - 12 ਫਰਵਰੀ 2025 ਨੂੰ ਕਰਵਾਏ ਜਾ ਰਹੇ ਹਨ।
ਸਭਾਗੀਆਂ ਬੱਚੀਆਂ ਨੂੰ ਘਰ ਵਿੱਚ ਵਰਤੋਂ ਵਿਹਾਰ ਦਾ ਸਾਜੋ ਸਮਾਨ ਦੇ ਕੇ ਸਤਿਕਾਰ ਸਹਿਤ ਵਿਦਾ ਕੀਤਾ ਜਾਵੇਗਾ।

ਸੁਭਾਗੀਆਂ ਜੋੜੀਆਂ ਦੇ ਪਰਿਵਾਰ ਇਹਨਾਂ ਨੰਬਰਾਂ ਤੇ ਸੰਪਰਕ ਕਰਨ - 7901754636, 9306060960, 8146806395, 8054055473



ਮਹੰਤ ਕਾਹਨ ਸਿੰਘ ਸੇਵਾਪੰਥੀ



ਸੰਤ ਰਣਜੀਤ ਸਿੰਘ ਸੇਵਾਪੰਥੀ

ਵਿਸ਼ੇਸ਼ ਸਹਿਯੋਗ -
ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ
ਚੇਅਰਮੈਨ, ਸੁੱਖ ਸੇਵਾ ਸਿਮਰਨ ਟਰਸੱਟ,
ਚੇਅਰਮੈਨ, ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ



ਬੇਨਤੀ ਕਰਤਾ - ਮਹੰਤ ਕਾਹਨ ਸਿੰਘ ਜੀ ਸੇਵਾਪੰਥੀ,ਸੰਤ ਰਣਜੀਤ ਸਿੰਘ ਜੀ ਸੇਵਾਪੰਥੀ ਟਿਕਾਣਾ ਭਾਈ ਜਗਤਾ ਜੀ ਗੋਨਿਆਣਾ ਮੰਡੀ ਬਠਿੰਡਾ ਪੰਜਾਬ



ੴ ਸ੍ਰੀ ਵਾਹਿਗੁਰੂ ਜੀ ਕੀ ਫਤਹਿ
ਜਨਮ ਮਰਣ ਦੁਹਹੂ ਮਹਿ ਨਾਹੀ ਜਨ ਪਰਉਪਕਾਰੀ ਆਏ॥ ਜੀਅ ਦਾਨੁ ਦੇ ਭਗਤੀ ਲਾਇਨਿ ਹਰਿ ਸਿਉ ਲੈਨਿ ਮਿਲਾਏ॥
ਬ੍ਰਹਮਗਿਆਨੀ ਬਾਬਾ ਠਾਕੁਰ ਸਿੰਘ ਜੀ ਖਾਲਸਾ ਭਿੰਡਰਾਂਵਾਲੇ
20 ਸਾਲਾ ਮਿੱਠੀ ਅਤੇ ਨਿੱਘੀ ਯਾਦ ਨੂੰ ਸਮਰਪਿਤ
ਮਹਾਨ ਗੁਰਮਤਿ ਸਮਾਗਮ
ਸੰਤ ਜਰਨੈਲ ਸਿੰਘ ਜੀ ਖਾਲਸਾ
ਸੱਚਖੰਡ ਵਾਸੀ ਮਹਾਂਪੁਰਖ ਬਾਬਾ ਠਾਕੁਰ ਸਿੰਘ ਜੀ
ਗੁਰੂ ਅਰਜਨ ਦੇਵ ਗੁਰਦੁਆਰਾ ਡਰਬੀ ਵਿਖੇ ਬਹੁਤ ਸ਼ਰਧਾਂ ਭਾਵਨਾ ਨਾਲ ਮਨਾਇਆ ਜਾ ਰਿਹਾ ਹੈ ਜਿਸ ਵਿਚ ਪੰਥ ਦੇ ਮਹਾਨ ਸੰਤ ਮਹਾਂਪੁਰਖ, ਰਾਗੀ, ਕਥਾਵਾਚਕ ਅਤੇ ਢਾਡੀ - ਕਵੀਸ਼ਰ ਪਹੁੰਚ ਰਹੇ ਹਨ। ਸੰਗਤਾਂ ਦੇ ਚਰਨਾਂ ਵਿਚ ਬੇਨਤੀ ਹੈ ਕਿ ਸਮਾਗਮ ਵਿਚ ਤਿੰਨੇ ਦਿਨ ਹਾਜ਼ਰੀਆਂ ਭਰ ਕੇ ਗੁਰੂ ਜਸ ਸਰਵਣ ਕਰਕੇ ਆਪਣਾ ਜੀਵਨ ਸਫਲਾ ਕਰੋ ਜੀ।
ਆਰੰਭ ਸ੍ਰੀ ਅਖੰਡ ਪਾਠ ਸਾਹਿਬ 27 ਦਸੰਬਰ 2024 ਦਿਨ ਸ਼ੁਕਰਵਾਰ ਸਵੇਰੇ 9:30 ਵਜੇ, ਭੋਗ ਸ੍ਰੀ ਅਖੰਡ ਪਾਠ ਸਾਹਿਬ 29 ਦਸੰਬਰ 2024 ਦਿਨ ਐਤਵਾਰ ਸਵੇਰੇ 9:30 ਵਜੇ
ਨੋਟ:- 27 ਅਤੇ 28 ਦਸਬੰਰ ਰਾਤ ਨੂੰ ਭਾਰੀ ਦੀਵਾਨ ਸੱਜਣਗੇ। ਜਿਸ ਵਿਚ ਪੰਥ ਪ੍ਰਸਿੱਧ ਰਾਗੀ ਜੱਥੇ ਅਤੇ ਕਥਾਵਾਚਕ ਸੰਗਤਾਂ ਨੂੰ ਗੁਰਬਾਣੀ ਕੀਰਤਨ ਅਤੇ ਕਥਾ ਨਾਲ ਨਿਹਾਲ ਕਰਨਗੇ।
ਗੁਰੂ ਪੰਥ ਦੇ ਦਾਸ-ਦਮਦਮੀ ਟਕਸਾਲ ਦੇ ਵਿਦਿਆਰਥੀ ਅਤੇ ਸਮੂੰਹ ਸਾਧਸੰਗਤ ਡਰਬੀ
ਸਥਾਨ- ਗੁਰੂ ਅਰਜਨ ਦੇਵ ਗੁਰਦੁਆਰਾ ਡਰਬੀ DE23 6QJ-07916253241




ਗ੍ਰਾਮ ਪੰਚਾਇਤ ਢੰਡੋਵਾਲ ਵੱਲੋਂ ਸ਼ਹੀਦ ਬਾਬਾ ਸੁਖਚੇਤ ਸਿੰਘ ਜੀ ਦੇ ਸ਼ਹੀਦੀ ਅਸਥਾਨਾਂ 'ਤੇ
ਸਵ: ਸ. ਨਾਜਰ ਸਿੰਘ ਜੀ ਦੀ ਯਾਦ ਨੂੰ ਸਮਰਪਿਤ
58ਵਾਂ ਸਲਾਨਾ ਛਿੰਝ ਮੇਲਾ ਢੰਡੋਵਾਲ
14 ਜਨਵਰੀ 2025 ਮੰਗਲਵਾਰ
ਪਿੰਡ ਢੰਡੋਵਾਲ, ਸ਼ਾਹਕੋਟ (ਜਲੰਧਰ)
ਪਟਕੇ ਦੀ ਕੁਸ਼ਤੀ
ਭੁਪਿੰਦਰ ਅਜਨਾਲਾ (ਪੰਜਾਬ ਕੇਸਰੀ)
ਪ੍ਰਿਤਪਾਲ ਫਗਵਾੜਾ (ਭਾਰਤ ਕੇਸਰੀ)
ਇਸ ਤੋਂ ਇਲਾਵਾ ਸਹਿਬਾਜ਼ ਆਲਮਗੀਰ, ਗੌਰਵ ਅਜਨਾਲਾ, ਸੁਰਿੰਦਰ ਸ਼ਾਹਕੋਟ, ਸੂਜਲ ਫਗਵਾੜਾ, ਨੂਰ ਆਲਮਗੀਰ, ਮੁਕੇਸ਼ ਕੌਹਾਲੀ, ਅਜੇ ਪਾਲ ਖੰਨਾ, ਜੱਸਾ ਫਗਵਾੜਾ
ਨੋਟ: ਸਿਰਫ਼ ਸੱਦੇ ਹੋਏ ਅਖਾੜਿਆਂ ਦੇ ਪਹਿਲਵਾਨਾਂ ਦੀਆਂ ਹੀ ਕੁਸ਼ਤੀਆਂ ਹੋਣਗੀਆਂ।
ਵੱਲੋਂ: ਗ੍ਰਾਮ ਪੰਚਾਇਤ ਅਤੇ ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਸਮੂਹ ਨਗਰ ਨਿਵਾਸੀ ਪਿੰਡ ਢੰਡੋਵਾਲ
ਸੰਪਰਕ: 98151-02950, 82840-32366, 97798-12352
ਛਿੰਝ ਮੇਲੇ ਦਾ ਲਾਈਵ ਪ੍ਰਸਾਰਣ ਆਵਾਜ਼ਿ ਕੌਮ AWAZE QAUM WEB TV 'ਤੇ ਦੇਖਿਆ ਜਾ ਸਕਦਾ ਹੈ।



ਸਿਰ ਜਾਵੇ ਨਾ ਜਾਵੇ ਸਾਡਾ ਸਿੱਖੀ ਸਿਦਕ ਨਾ ਜਾਵੇ
ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਧਰਮ ਪ੍ਰਚਾਰ ਵੱਲੋਂ ਆਪ ਸਰਬੱਤ ਸੰਗਤਾਂ ਦੇ ਸਹਿਯੋਗ ਨਾਲ
ਧੰਨ ਧੰਨ ਸ੍ਰੀ ਗੁਰੂ ਗੋਬਿੰਦ ਸਿੰਘ ਮਹਾਰਾਜ ਜੀ ਦੇ ਸਤਿਕਾਰਯੋਗ ਮਾਤਾ ਗੁਜ਼ਰ ਕੌਰ ਜੀ ਵੱਡੇ ਅਤੇ ਛੋਟੇ ਸਾਹਿਬਜ਼ਾਦਿਆਂ ਦੀ ਸ਼ਹਾਦਤ ਨੂੰ ਸਮਰਪਿਤ ਸਮਾਗਮ
ਸਫ਼ਰ-ਏ-ਸ਼ਹਾਦਤ
21 ਦਸੰਬਰ ਤੋਂ 29 ਦਸੰਬਰ 2024 ਤੱਕ
ਮਿਤੀ 21 ਦਸੰਬਰ 2024 ਸਮਾਂ: ਸਵੇਰੇ 11 ਤੋਂ ਦੁਪਹਿਰ 3 ਵਜੇ ਤੱਕ ਪੁਰਾਣੀ ਅਨਾਜ ਮੰਡੀ ਕਾਲਾਂਵਾਲੀ ਸਿਰਸਾ
ਮਿਤੀ 22 ਦਸੰਬਰ 2024 ਸਮਾਂ: ਸਾਮ 6 ਤੋਂ 9 ਤੱਕ ਰਾਤ ਗੁਰਦੁਆਰਾ ਮੰਜੀ ਸਾਹਿਬ ਅੰਬਾਲਾ
ਮਿਤੀ 23 ਦਸੰਬਰ 2014 ਸਮਾਂ: ਸਵੇਰੇ 11 ਤੋਂ 3 ਵਜੇ ਤੱਕ ਗੁਰਦੁਆਰਾ ਨਿੰਮ ਸਾਹਿਬ ਕੈਥਲ
ਮਿਤੀ 24 ਦਸੰਬਰ 2014 ਸਮਾਂ: ਸ਼ਾਮ 6 ਤੋਂ 9 ਵਜੇ ਤੱਕ ਗੁਰਦੁਆਰਾ ਮੰਜੀ ਸਾਹਿਬ ਜੀਂਦ
ਮਿਤੀ 25 ਦਸੰਬਰ 2024 ਸਮਾਂ: ਸਵੇਰੇ 11 ਤੋਂ ਦੁਪਹਿਰ 3 ਵਜੇ ਤੱਕ ਗੁਰਦੁਆਰਾ ਸੀਸ ਗੰਜ ਸਾਹਿਬ ਤਰਾਵੜੀ ਕਰਨਾਲ
ਮਿਤੀ 26 ਦਸੰਬਰ 2024 ਸਮਾਂ: ਸਵੇਰੇ 11 ਤੋਂ 3 ਵਜੇ ਤੱਕ ਗੁਰਦੁਆਰਾ ਸਾਹਿਬ ਪਾਤਸ਼ਾਹੀ ਛੇਵੀਂ ਕੁਰੂਕਸ਼ੇਤਰ
ਮਿਤੀ 27 ਦਸੰਬਰ 2024 ਸਮਾਂ: ਸਵੇਰੇ 11 ਤੋਂ 3 ਵਜੇ ਤੱਕ ਗੁਰਦੁਆਰਾ ਸਿੰਘ ਸਭਾ ਅਸੰਧ ਕਰਨਾਲ
ਮਿਤੀ 28 ਦਸੰਬਰ 2014 ਸਮਾਂ: ਸ਼ਾਮ 6 ਤੋਂ 9 ਵਜੇ ਤੱਕ ਗੁਰਦੁਆਰਾ ਸਾਹਿਬ ਪਾਤਸ਼ਾਹੀ ਦਸਵੀਂ ਨਾਡਾ ਸਾਹਿਬ ਪੰਚਕੂਲਾ
ਮਿਤੀ 29 ਦਸੰਬਰ 2024 ਸਮਾਂ: ਸਵੇਰੇ 11 ਤੋਂ 3 ਵਜੇ ਤੱਕ ਗੁਰਦੁਆਰਾ ਪੰਜੋਖੜਾ ਸਾਹਿਬ ਪਾਤਸ਼ਾਹੀ ਅੱਠਵੀਂ ਅੰਬਾਲਾ
LIVE US ON
Akaal
WORLD ਪੰਜਾਬੀ
CHARDIKLA TIME TV
ਗੁਰੂ ਕਾ ਲੰਗਰ ਅਤੁੱਟ ਵਰਤੇਗਾ
ਸਰਬੱਤ ਸੰਗਤਾਂ ਹੁੰਮ ਹੁਮਾ ਕੇ ਪੁੱਜੋ ਜੀ ਅਤੇ ਗੁਰਬਾਣੀ ਗੁਰਇਤਿਹਾਸ ਸਰਵਣ ਕਰਕੇ ਆਪਣੀ ਵਿਰਾਸਤ ਨਾਲ ਜੁੜੋ ਜੀ
ਸੰਪਰਕ ਨੰ: 86995-42966, 93560-60960
ਜਥੇਦਾਰ ਭੁਪਿੰਦਰ ਸਿੰਘ ਅਸੰਧ ਪ੍ਰਧਾਨ HSGMC
ਬੇਨਤੀ ਕਰਤਾ - ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਮੂਹ ਅਹੁਦੇਦਾਰ, ਮੈਂਬਰ ਸਾਹਿਬਾਨ ਅਤੇ ਸਾਧਸੰਗਤ




ੴ ਸ੍ਰੀ ਵਾਹਿਗੁਰੂ ਜੀ ਕੀ ਫਤਹਿ॥
ਜਨਮ ਮਰਣ ਦੁਹਹੂ ਮਹਿ ਨਾਹੀ ਜਨ ਪਰਉਪਕਾਰੀ ਆਏ ॥ ਜੀਅ ਦਾਨੁ ਦੇ ਭਗਤੀ ਲਾਇਨਿ ਹਰਿ ਸਿਉ ਲੈਨਿ ਮਿਲਾਏ ॥੨॥
ਪਰਮ ਸਤਿਕਾਰ ਯੋਗ ਗੁਰੂ ਪਿਆਰੀ ਸਾਧ ਸੰਗਤ ਜੀ, ਸਨਿਮਰ ਬੇਨਤੀ ਹੈ ਕਿ ਦਮਦਮੀ ਟਕਸਾਲ ਦੇ ਮੁਖੀ ਨਾਮ ਬਾਣੀ ਦੇ ਰਸੀਏ ਉੱਚੇ- ਸੁੱਚੇ ਜੀਵਨ ਦੇ ਧਾਰਨੀ, ਤਿਆਗ ਬੈਰਾਗ ਦੀ ਮੂਰਤਿ ਅਤੇ ਮਹਾਨ ਪਰਉਪਕਾਰੀ
ਬ੍ਰਹਮਗਿਆਨੀ ਬਾਬਾ ਠਾਕੁਰ ਸਿੰਘ ਜੀ
ਦੀ 20 ਸਾਲਾ ਮਿੱਠੀ ਅਤੇ ਨਿੱਘੀ ਯਾਦ ਨੂੰ ਸਮਰਪਿਤ
ਮਹਾਨ ਗੁਰਮਤਿ ਸਮਾਗਮ
ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ
ਸੱਚਖੰਡ ਵਾਸੀ ਮਹਾਂਪੁਰਖ ਬਾਬਾ ਠਾਕੁਰ ਸਿੰਘ ਜੀ ਖਾਲਸਾ
ਗੁਰੂ ਅਰਜਨ ਦੇਵ ਗੁਰਦੁਆਰਾ, ਸਟੈਨਹੋਪ ਸਟਰੀਟ, ਡਰਬੀ DE23 6QJ ਵਿਖੇ
ਮਿਤੀ 27 ਦਸੰਬਰ 2024 ਤੋਂ 29 ਦਸੰਬਰ 2024 ਨੂੰ ਮਨਾਈ ਜਾ ਰਹੀ ਹੈ।
ਜਿਸ ਵਿੱਚ ਪੰਥ ਦੇ ਪ੍ਰਸਿੱਧ ਰਾਗੀ, ਕਥਾ ਵਾਚਕ ਅਤੇ ਢਾਡੀ ਜੱਥੇ ਇਲਾਹੀ ਬਾਣੀ ਨਾਲ ਸੰਗਤਾਂ ਨੂੰ ਨਿਹਾਲ ਕਰਨਗੇ।
ਪ੍ਰੋਗਰਾਮਾਂ ਦਾ ਵੇਰਵਾ
ਆਰੰਭ ਸ੍ਰੀ ਅਖੰਡ ਪਾਠ ਸਾਹਿਬ 27 ਦਸੰਬਰ 2024 ਦਿਨ ਸ਼ੁੱਕਰਵਾਰ ਸਵੇਰੇ 9:30 ਵਜੇ
ਭੋਗ ਸ੍ਰੀ ਅਖੰਡ ਪਾਠ ਸਾਹਿਬ ਜੀ 29 ਦਸੰਬਰ 2024 ਦਿਨ ਐਤਵਾਰ ਸਵੇਰੇ 9:30 ਵਜੇ
ਉਪਰੰਤ ਭਾਰੀ ਦੀਵਾਨ ਸੱਜਣਗੇ
ਸਮੂਹ ਸੰਗਤਾਂ ਨੂੰ ਬੇਨਤੀ ਹੈ ਕਿ ਸਮਾਗਮਾਂ ਵਿੱਚ ਪਰਿਵਾਰਾਂ ਸਮੇਤ ਹਾਜ਼ਰੀਆਂ ਭਰ ਕੇ ਲਾਹਾ ਪ੍ਰਾਪਤ ਕਰੋ ਜੀ
ਗੁਰੂ ਪੰਥ ਦੇ ਦਾਸ : ਦਮਦਮੀ ਟਕਸਾਲ ਦੇ ਵਿਦਿਆਰਥੀ ਅਤੇ ਸਮੂਹ ਸਾਧ ਸੰਗਤ ਡਰਬੀ
ਵਿਸ਼ੇਸ਼ ਸਹਿਯੋਗ : ਗੁਰੂ ਅਰਜਨ ਦੇਵ ਗੁਰਦੁਆਰਾ ਪ੍ਰਬੰਧਕ ਕਮੇਟੀ (07916253241, 01332-776872)

# ਸਿੱਖ ਕ੍ਰਿਸਮਸ ਨਹੀਂ, ਸ਼ਹੀਦੀ ਹਫਤਾ ਮਨਾਉਂਦੇ ਹਨ

ਇਸ ਹਫ਼ਤੇ ਜਿੱਥੇ ਹਰ ਪਾਸੇ ਕ੍ਰਿਸਮਸ ਦੀ ਧੂਮ ਹੈ, ਉਥੇ ਹੀ ਸਿੱਖ ਭਾਈਚਾਰੇ ਦੇ ਲੋਕ ਇਸਨੂੰ ਸ਼ਹੀਦੀ ਹਫ਼ਤੇ ਦੇ ਤੌਰ 'ਤੇ ਮਨਾਉਂਦੇ ਹਨ। ਇਸ ਇੱਕ ਹਫ਼ਤੇ ਵਿੱਚ ਗੁਰੂ ਗੋਬਿੰਦ ਸਿੰਘ ਜੀ ਦਾ ਪੂਰਾ ਪਰਿਵਾਰ ਸ਼ਹੀਦ ਹੋ ਗਿਆ ਸੀ। ਨਾਨਕਸ਼ਾਹੀ ਕੈਲੰਡਰ ਦੇ ਅਨੁਸਾਰ 21 ਦਸੰਬਰ ਤੋਂ ਲੈ ਕੇ 29 ਦਸੰਬਰ ਤੱਕ ਨੂੰ ਸਿੱਖ ਕੌਮ ਸ਼ਹੀਦੀ ਹਫ਼ਤੇ ਦੇ ਤੌਰ 'ਤੇ ਯਾਦ ਕਰਦੀ ਹੈ। ਸ਼ਰਧਾਵਾਨ ਸਿੱਖ ਜ਼ਮੀਨ 'ਤੇ ਸੌਂ ਕੇ ਮਾਤਾ ਗੁਜਰੀ ਜੀ ਨੂੰ ਯਾਦ ਕਰਦੇ ਹਨ। ਦਰਅਸਲ ਦਸੰਬਰ ਦੀ ਇਸ ਕੜਕੜਾਉਂਦੀ ਠੰਢ ਵਿੱਚ ਮਾਤਾ ਗੁਜਰੀ ਜੀ ਅਤੇ ਦੋਨੋਂ ਛੋਟੇ ਸਾਹਿਬਜ਼ਾਦਿਆਂ ਨੂੰ ਸਰਹਿੰਦ ਦੇ ਠੰਡੇ ਬੁਰਜ ਵਿੱਚ ਖੁੱਲ੍ਹੇ ਆਸਮਾਨ ਹੇਠ ਕੈਦ ਕਰਕੇ ਰੱਖਿਆ ਗਿਆ ਸੀ। ਪੂਰੇ ਹਫ਼ਤੇ ਵਿੱਚ ਕਿਸ ਦਿਨ ਕੀ ਹੋਇਆ, ਦੱਸ ਰਹੇ ਹਾਂ। - ਸਿਮਰਨਜੀਤ ਸਿੰਘ




**ਇਸ ਦਿਨ** ਗੁਰੂ ਗੋਬਿੰਦ ਸਿੰਘ ਜੀ ਆਪਣੇ ਚਾਰੇ ਸਾਹਿਬਜ਼ਾਦਿਆਂ ਅਤੇ ਮਾਤਾ ਗੁਜਰੀ ਜੀ ਦੇ ਨਾਲ ਆਨੰਦਪੁਰ ਸਾਹਿਬ ਦਾ ਕਿਲਾ ਛੱਡ ਕੇ ਚਲੇ ਗਏ ਸਨ। ਅਚਾਨਕ ਮੁਗਲਾਂ ਦੀ ਵਿਸ਼ਾਲ ਸੈਨਾ ਨੇ ਆਨੰਦਪੁਰ ਸਾਹਿਬ ਕਿਲੇ 'ਤੇ ਹਮਲਾ ਕਰ ਦਿੱਤਾ ਸੀ। ਗੁਰੂ ਸਾਹਿਬ ਉਨ੍ਹਾਂ ਨਾਲ ਲੜਨਾ ਚਾਹੁੰਦੇ ਸਨ ਪਰ ਉਥੇ ਮੌਜੂਦ ਹੋਰ ਸਿੱਖਾਂ ਨੇ ਉਨ੍ਹਾਂ ਨੂੰ ਉਥੋਂ ਜਾਣ ਲਈ ਕਿਹਾ, ਜਿਸ ਤੋਂ ਬਾਅਦ ਗੁਰੂ ਗੋਬਿੰਦ ਸਾਹਿਬ ਨੇ ਆਪਣੇ ਪਰਿਵਾਰ ਦੇ ਨਾਲ ਆਨੰਦਪੁਰ ਸਾਹਿਬ ਦਾ ਕਿਲਾ ਛੱਡ ਦਿੱਤਾ। ••




**ਆਨੰਦਪੁਰ** ਸਾਹਿਬ ਦਾ ਕਿਲਾ ਛੱਡ ਕੇ ਗੁਰੂ ਸਾਹਿਬ ਜਦੋਂ ਪਰਿਵਾਰ ਸਮੇਤ ਸਰਸਾ ਨਦੀ ਪਾਰ ਕਰਨ ਲੱਗੇ ਤਾਂ ਪਾਣੀ ਦਾ ਵਹਾਅ ਇੰਨਾ ਤੇਜ਼ ਸੀ ਕਿ ਉਨ੍ਹਾਂ ਦਾ ਪੂਰਾ ਪਰਿਵਾਰ ਵਿਛੜ ਗਿਆ। ਵਿਛੜਨ ਤੋਂ ਬਾਅਦ ਗੁਰੂ ਸਾਹਿਬ ਆਪਣੇ ਦੋਵੇਂ ਵੱਡੇ ਸਾਹਿਬਜ਼ਾਦੇ ਬਾਬਾ ਅਜੀਤ ਸਿੰਘ ਅਤੇ ਬਾਬਾ ਜੁਝਾਰ ਸਿੰਘ ਸਮੇਤ ਚਮਕੌਰ ਪਹੁੰਚ ਗਏ। ਉਥੇ ਮਾਤਾ ਗੁਜਰੀ ਅਤੇ ਦੋਵੇਂ ਛੋਟੇ ਸਾਹਿਬਜ਼ਾਦੇ ਬਾਬਾ ਜ਼ੋਰਾਵਰ ਸਿੰਘ ਅਤੇ ਬਾਬਾ ਫ਼ਤਹਿ ਸਿੰਘ ਜੀ ਨੂੰ ਗੁਰੂ ਸਾਹਿਬ ਦਾ ਸੇਵਕ ਰਹਿ ਚੁੱਕਾ ਗੰਗੂ ਨਾਮਕ ਬ੍ਰਾਹਮਣ ਆਪਣੇ ਨਾਲ ਲੈ ਗਿਆ, ਪਰ ਉਸਨੇ ਸਰਹਿੰਦ ਦੇ ਨਵਾਬ ਵਜ਼ੀਰ ਖ਼ਾਨ ਨੂੰ ਇਸਦੀ ਸੂਚਨਾ ਦੇ ਦਿੱਤੀ। ਫਿਰ ਵਜ਼ੀਰ ਖ਼ਾਨ ਨੇ ਉਨ੍ਹਾਂ ਨੂੰ ਕੈਦ ਕਰ ਲਿਆ। ••




**ਇਸ ਦਿਨ** ਚਮਕੌਰ ਦਾ ਯੁੱਧ ਹੋਇਆ, ਜਿਸ ਵਿੱਚ ਮੁਗਲਾਂ ਅਤੇ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੀ ਸੈਨਾ ਆਹਮਣੇ-ਸਾਹਮਣੇ ਸੀ। ਅਜਿਹਾ ਕਿਹ ਜਾਂਦਾ ਹੈ ਕਿ ਮੁਗਲਾਂ ਦੀ ਸੈਨਾ ਹਜ਼ਾਰਾਂ ਦੀ ਗਿਣਤੀ ਵਿੱਚ ਸੀ ਜਦਕਿ ਸਿੱਖਾਂ ਦੀ ਗਿਣਤੀ ਬਹੁਤ ਘੱਟ ਸੀ। ਇਸਦੇ ਬਾਵਜੂਦ ਉਨ੍ਹਾਂ ਨੇ ਬਹਾਦਰੀ ਦਿਖਾਉਂਦੇ ਹੋਏ ਮੁਗਲਾਂ ਨਾਲ ਲੋਹਾ ਲਿਆ। ਯੁੱਧ ਵਿੱਚ ਆਪਣੇ ਸੈਨਿਕਾਂ ਨੂੰ ਸ਼ਹੀਦ ਹੁੰਦੇ ਦੇਖ ਵੱਡੇ ਸਾਹਿਬਜ਼ਾਦੇ ਬਾਬਾ ਅਜੀਤ ਸਿੰਘ ਨੇ ਗੁਰੂ ਗੋਬਿੰਦ ਸਿੰਘ ਜੀ ਨੂੰ ਕਿਹਾ ਕਿ ਉਹ ਯੁੱਧ ਵਿੱਚ ਜਾ ਕੇ ਕੌਮ ਦੇ ਲਈ ਲੜਨਾ ਚਾਹੁੰਦੇ ਹਨ। ਗੁਰੂ ਗੋਬਿੰਦ ਸਿੰਘ ਜੀ ਨੇ ਉਨ੍ਹਾਂ ਨੂੰ ਆਗਿਆ ਦਿੰਦੇ ਹੋਏ ਯੁੱਧ ਵਿੱਚ ਉਤਾਰਿਆ, ਜਿਸ ਵਿੱਚ ਉਨ੍ਹਾਂ ਨੇ ਇੱਕ ਦੇ ਬਾਅਦ ਇੱਕ ਮੁਗਲ ਸੈਨਿਕਾਂ ਨੂੰ ਮੌਤ ਦੇ ਘਾਟ ਉਤਾਰ ਦਿੱਤਾ। ਇਸ ਦਰਮਿਆਨ ਉਹ ਖ਼ੁਦ ਵੀ ਸ਼ਹੀਦ ਹੋ ਗਏ। ਵੱਡੇ ਭਰਾ ਨੂੰ ਯੁੱਧ ਵਿੱਚ ਸ਼ਹੀਦ ਹੁੰਦਾ ਦੇਖ ਬਾਬਾ ਜੁਝਾਰ ਸਿੰਘ ਵੀ ਪਿਤਾ ਜੀ ਦੀ ਆਗਿਆ ਲੈ ਕੇ ਯੁੱਧ ਵਿੱਚ ਉਤਰੇ ਅਤੇ ਉਨ੍ਹਾਂ ਨੇ ਵੀ ਮੁਗਲੀਆ ਸੈਨਾ ਨਾਲ ਲੋਹਾ ਲਿਆ। ਛੋਟੀ ਜਿਹੀ ਉਮਰ ਵਿੱਚ ਉਨ੍ਹਾਂ ਨੇ ਕਈ ਮੁਗਲਾਂ ਨੂੰ ਮੌਤ ਦੇ ਘਾਟ ਉਤਾਰਿਆ ਅਤੇ ਉਹ ਵੀ ਸ਼ਹੀਦ ਹੋ ਗਏ। ਇਹ ਪੂਰਾ ਨਜ਼ਾਰਾ ਗੁਰੂ ਗੋਬਿੰਦ ਸਿੰਘ ਜੀ ਚਮਕੌਰ ਦੇ ਕਿਲੇ ਤੋਂ ਦੇਖ ਰਹੇ ਸਨ। ••




**ਸ੍ਰੀ ਗੁਰੂ** ਗੋਬਿੰਦ ਸਿੰਘ ਜੀ ਇਸ ਯੁੱਧ ਵਿੱਚ ਜਾਣਾ ਚਾਹੁੰਦੇ ਸਨ ਪਰ ਹੋਰ ਸਿੱਖਾਂ ਨੇ ਆਪਣੇ ਅਧਿਕਾਰਾਂ ਦਾ ਇਸਤੇਮਾਲਕਰਦਿਆਂ ਹੋਇਆਂ ਗੁਰੂ ਗੋਬਿੰਦ ਸਿੰਘ ਜੀ ਨੂੰ ਉਥੋਂ ਜਾਣ ਲਈ ਕਿਹਾ। ਗੁਰੂ ਸਾਹਿਬ ਇਸਨੂੰ ਮੰਨਣ ਨੂੰ ਤਿਆਰ ਨਹੀਂ ਸਨ ਪਰ ਹੋਰ ਸਿੱਖਾਂ ਦੇ ਅੱਗੇ ਉਨ੍ਹਾਂ ਨੂੰ ਮਜਬੂਰ ਹੋ ਕੇ ਉਥੋਂ ਜਾਣਾ ਪਿਆ। ਇਸ ਦਰਮਿਆਨ ਉਥੇ ਬਚੇ ਸਿੱਖਾਂ ਨੇ ਮੁਗਲੀਆ ਸੈਨਾ ਨਾਲ ਯੁੱਧ ਕੀਤਾ ਅਤੇ ਲੜਦੇ-ਲੜਦੇ ਸ਼ਹੀਦ ਹੋ ਗਏ। ••




**ਜਦੋਂ ਸ੍ਰੀ** ਗੁਰੂ ਗੋਬਿੰਦ ਸਿੰਘ ਜੀ ਇੱਕ ਪਿੰਡ ਪਹੁੰਚੇ ਤਾਂ ਉਥੇ ਉਨ੍ਹਾਂ ਨੂੰ ਬੀਬੀ ਹਰਸ਼ਰਨ ਕੌਰ ਮਿਲੀ, ਜੋ ਗੁਰੂ ਗੋਬਿੰਦ ਸਿੰਘ ਜੀ ਨੂੰ ਆਦਰਸ਼ ਮੰਨਦੀ ਸੀ। ਉਨ੍ਹਾਂ ਨੇ ਸਾਹਿਬਜ਼ਾਦਿਆਂ ਬਾਰੇ ਪੁੱਛਿਆ, ਤਦ ਉਨ੍ਹਾਂ ਦੀ ਸ਼ਹੀਦੀ ਬਾਰੇ ਪਤਾ ਲੱਗਾ। ਇਹ ਸੁਣ ਕੇ ਬੀਬੀ ਹਰਸ਼ਰਨ ਕੌਰ ਤੁਰੰਤ ਚਮਕੌਰ ਪਹੁੰਚੀ, ਜਿੱਥੇ ਉਨ੍ਹਾਂ ਨੇ ਸ਼ਹੀਦ ਸਿੰਘਾਂ ਦੀਆਂ ਲਾਸ਼ਾਂ ਨੂੰ ਦੇਖਿਆ। ਮੁਗਲ ਚਾਹੁੰਦੇ ਸਨ ਕਿ ਇਨ੍ਹਾਂ ਦਾ ਅੰਤਿਮ ਸੰਸਕਾਰ ਨਾ ਕੀਤਾ ਜਾ ਸਕੇ ਅਤੇ ਚੀਲਾਂ, ਗਿੱਧ ਇਨ੍ਹਾਂ ਨੂੰ ਖਾਣ, ਪਰ ਬੀਬੀ ਹਰਸ਼ਰਨ ਕੌਰ ਨੇ ਉਥੇ ਪਹੁੰਚ ਕੇ ਸਾਹਿਬਜ਼ਾਦਿਆਂ ਦਾ ਅੰਤਿਮ ਸੰਸਕਾਰ ਕੀਤਾ। ਇਹ ਸਭ ਮੁਗਲ ਸੈਨਾ ਨੇ ਦੇਖ ਲਿਆ। ਉਨ੍ਹਾਂ ਨੇ ਬੀਬੀ ਹਰਸ਼ਰਨ ਕੌਰ ਨੂੰ ਗੁਰੂ ਸਾਹਿਬ ਬਾਰੇ ਪੁੱਛਿਆ ਪਰ ਉਨ੍ਹਾਂ ਕੁਝ ਨਹੀਂ ਦੱਸਿਆ, ਇਸ ਤੋਂ ਬਾਅਦ ਮੁਗਲਾਂ ਨੇ ਉਨ੍ਹਾਂ ਨੂੰ ਵੀ ਅੱਗ ਵਿੱਚ ਧਕੇਲ ਦਿੱਤਾ ਅਤੇ ਉਹ ਸ਼ਹੀਦ ਹੋ ਗਈ। ••




**ਮਾਤਾ ਗੁਜਰੀ** ਅਤੇ ਛੋਟੇ ਸਾਹਿਬਜ਼ਾਦਿਆਂ ਨੂੰ ਵਜ਼ੀਰ ਖ਼ਾਂ ਨੇ ਕੈਦ ਕਰ ਲਿਆ ਸੀ। ਇਸ ਦਿਨ ਉਸਦੀ ਕਚਹਿਰੀ ਵਿੱਚ ਛੋਟੇ ਸਾਹਿਬਜ਼ਾਦਿਆਂ ਦੀ ਪੇਸ਼ੀ ਸੀ, ਜਿੱਥੇ ਵਜੀਰ ਖਾਨ ਨ ਛੋਟੇ ਸਾਹਿਬਜ਼ਾਦਿਆਂ ਨੂੰ ਬੇਹੱਦ ਡਰਾਇਆ-ਧਮਕਾਇਆ ਅਤੇ ਉਨ੍ਹਾਂ ਨੂੰ ਧਰਮ ਪਰਿਵਰਤਨ ਕਰਨ ਲਈ ਕਿਹਾ, ਪਰ ਛੋਟੇ ਸਾਹਿਬਜ਼ਾਦਿਆਂ ਨੇ ਬਹਾਦਰੀ ਨਾਲ ਜਵਾਬ ਦਿੰਦੇ ਹੋਏ ਕਿਹਾ ਕਿ 'ਅਸੀਂ ਗੋਬਿੰਦ ਸਿੰਘ ਦੇ ਬੇਟੇ ਹਾਂ। ਮਰ ਜਾਵਾਂਗੇ ਪਰ ਧਰਮ ਨਹੀਂ ਤਿਆਗਾਂਗੇ।' ਇਸ ਦੌਰਾਨ ਉਨ੍ਹਾਂ ਨੇ ਜੋ ਬੋਲੇ ਸੋ ਨਿਹਾਲ, ਸਤਿ ਸ੍ਰੀ ਅਕਾਲ ਦੇ ਜੈਕਾਰੇ ਵੀ ਲਗਾਏ, ਜਿਸਨੂੰ ਸੁਣ ਕੇ ਵਜ਼ੀਰ ਖਾਂ ਅਤੇ ਹੋਰ ਲੋਕ ਗੁੱਸੇ ਵਿੱਚ ਆ ਗਏ ਅਤੇ ਉਨ੍ਹਾਂ ਨੇ ਅਗਲੇ ਦਿਨ ਆਉਣ ਲਈ ਕਿਹਾ ਅਤੇ ਨਾਲ ਹੀ ਇਹ ਵੀ ਕਿਹਾ ਕਿ ਕਲ ਜਾਂ ਤਾਂ ਧਰਮ ਪਰਿਵਰਤਨ ਕਰੋ ਜਾਂ ਮਰਨ ਲਈ ਤਿਆਰ ਰਹੋ। ••




**ਠੰਡੇ ਬੁਰਜ** ਵਿੱਚ ਕੈਦ ਸਾਹਿਬਜ਼ਾਦਿਆਂ ਦੀ ਦਾਦੀ ਮਾਤਾ ਗੁਜਰੀ ਜੀ ਨੇ ਦੋਵੇਂ ਸਾਹਿਬਜ਼ਾਦਿਆਂ ਨੂੰ ਬੇਹੱਦ ਪਿਆਰ ਨਾਲ ਤਿਆਰ ਕਰਕੇ ਦੋਬਾਰਾ ਸੂਬੇ ਦੀ ਕਚਹਿਰੀ ਵਿੱਚ ਭੇਜਿਆ। ਇੱਥੇ ਇੱਕ ਵਾਰ ਫਿਰ ਵਜ਼ੀਰ ਖ਼ਾਨ ਨੇ ਸਾਹਿਬਜ਼ਾਦਿਆਂ ਨੂੰ ਧਰਮ ਬਦਲਣ ਲਈ ਕਿਹਾ ਪਰ ਸਾਹਿਬਜ਼ਾਦਿਆਂ ਨੇ ਫਿਰ ਮਨਾ ਕਰ ਦਿੱਤਾ। ਇੱਕ ਵਾਰ ਫਿਰ ਜੈਕਾਰੇ ਲੱਗਣ ਲੱਗੇ। ਇਹ ਸੁਣ ਵਜ਼ੀਰ ਖ਼ਾਨ ਤਿਲਮਿਲਾ ਉੱਠਿਆ ਅਤੇ ਉਸਨੇ ਦੋਹਾਂ ਸਾਹਿਬਜ਼ਾਦਿਆਂ ਨੂੰ ਜ਼ਿੰਦਾ ਦੀਵਾਰ ਵਿੱਚ ਚਿਣਵਾਉਣ ਦਾ ਹੁਕਮ ਦੇ ਦਿੱਤਾ। ਇਹ ਸੁਣਕੇ ਵੀ ਛੋਟੇ ਸਾਹਿਬਜਦਿਆਂ ਦਾ ਹੌਸਲਾ ਨਹੀਂ ਡਗਮਗਾਇਆ। ਇਸ ਤਰ੍ਹਾਂ ਵਜ਼ੀਰ ਖ਼ਾਨ ਨੇ ਦੋਹਾਂ ਸਾਹਿਬਜ਼ਾਦਿਆਂ ਨੂੰ ਦੀਵਾਰ ਵਿੱਚ ਚਿਣਵਾ ਕੇ ਸ਼ਹੀਦ ਕਰ ਕਰਵਾ ਦਿੱਤਾ। ਜਿਉਂ ਹੀ ਮਾਤਾ ਗੁਜਰੀ ਜੀ ਤੱਕ ਇਹ ਖ਼ਬਰ ਪਹੁੰਚੀ, ਉਨ੍ਹਾਂ ਨੇ ਵੀ ਪ੍ਰਾਣ ਤਿਆਗ ਦਿੱਤੇ ਅਤੇ ਇਸ ਇੱਕ ਦਿਨ ਮਾਤਾ ਗੁਜਰੀ ਜੀ ਅਤੇ ਦੋਵੇਂ ਛੋਟੇ ਸਾਹਿਬਜ਼ਾਦੇ ਸ਼ਹੀਦ ਹੋ ਗਏ। ••




**ਵਜ਼ੀਰ ਖ਼ਾਨ** ਨੇ ਸਾਹਿਬਜ਼ਾਦਿਆਂ ਅਤੇ ਮਾਤਾ ਗੁਜਰੀ ਜੀ ਦਾ ਅੰਤਿਮ ਸੰਸਕਾਰ ਕਰਨ ਤੋਂ ਮਨ੍ਹਾ ਕਰ ਦਿੱਤਾ ਸੀ, ਪਰ ਦੀਵਾਨ ਟੋਡਰ ਮੱਲ ਨੇ ਵਜ਼ੀਰ ਖ਼ਾਨ ਤੋਂ ਉਨ੍ਹਾਂ ਦਾ ਅੰਤਿਮ ਸੰਸਕਾਰ ਕਰਨ ਦੀ ਇਜਾਜ਼ਤ ਮੰਗੀ। ਵਜ਼ੀਰ ਖ਼ਾਨ ਨੇ ਟੋਡਰਮੱਲ ਅੱਗੇ ਸ਼ਰਤ ਰੱਖੀ ਕਿ ਉਹ ਜਿੰਨੀ ਜਗ੍ਹਾ 'ਤੇ ਸੰਸਕਾਰ ਕਰਨਾ ਚਾਹੁੰਦਾ ਹੈ, ਉਨੀ ਜਗ੍ਹਾ 'ਤੇ ਸੋਨੇ ਦੀਆਂ ਮੋਹਰਾਂ ਵਿਛਾ ਦੇਵੇ। ਇਹ ਸੁਣਕੇ ਟੋਡਰਮੱਲ ਨੇ ਉਸ ਪੂਰੇ ਹਿੱਸੇ 'ਤੇ ਸੋਨੇ ਦੀਆਂ ਮੋਹਰਾਂ ਵਿਛਾ ਕੇ ਜ਼ਮੀਨ ਲੈ ਲਈ ਅਤੇ ਮਾਤਾ ਗੁਜਰੀ ਜੀ ਅਤੇ ਦੋਵੇਂ ਸਾਹਿਬਜ਼ਾਦਿਆਂ ਦਾ ਅੰਤਿਮ ਸੰਸਕਾਰ ਕਰ ਦਿੱਤਾ। ••

ਆਵਾਜ਼ਿ ਕੌਮ
AWAZE QAUM
International Newspaper & WEB TV




ਆਵਾਜ਼ਿ ਕੌਮ
AWAZE QAUM
International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਜੇਹਾ ਚਿਰੀ ਲਿਖਿਆ ਤੇਹਾ ਹੁਕਮੁ ਕਮਾਹਿ ।
ਘੱਲੇ ਆਵੈ ਨਾਨਕਾ ਸੱਦੇ ਉਠੀ ਜਾਹਿ ॥

# ਉੱਘੇ ਸਮਾਜ ਸੇਵੀ ਅਤੇ ਫੋਰਟਲ ਕੰਪਨੀ ਦੇ ਮਾਲਕ ਸੁਰਿੰਦਰ ਸਿੰਘ ਨਿੱਝਰ ਜੀ

## ਸ਼੍ਰੀ ਸੁਖਮਨੀ ਸਾਹਿਬ ਜੀ ਦੇ ਪਾਠ 29 ਦਸੰਬਰ ਨੂੰ



ਸਵ. ਸੁਰਿੰਦਰ ਸਿੰਘ ਨਿੱਝਰ (ਇੰਗਲੈਂਡ)

ਉੱਘੇ ਸਮਾਜ ਸੇਵੀ ਅਤੇ ਫੋਰਟਲ ਕੰਪਨੀ ਦੇ ਮਾਲਕ ਸੁਰਿੰਦਰ ਸਿੰਘ ਨਿੱਝਰ ਜੋ ਕਿ ਪਿਛਲੇ ਦਿਨੀਂ ਪੰਜਾਬ ਦੀ ਧਰਤੀ ਤੇ ਗਏ ਸਨ ਉਥੇ ਅਕਾਲ ਚਲਾਣਾ ਕਰ ਗਏ ਸਨ ਉਨਾਂ ਦੇ ਨਮਿਤ ਸ਼੍ਰੀ ਸੁਖਮਨੀ ਸਾਹਿਬ ਜੀ ਦੇ ਪਾਠ 29 ਦਸੰਬਰ ਦਿਨ ਐਤਵਾਰ ਨੂੰ 2 ਵਜੇ ਤੋਂ 4 ਵਜੇ ਤਕ ਗੁਰੂ ਨਾਨਕ ਗੁਰਦਵਾਰਾ ਵੈਨਸਫੀਲ਼ਡ ਵਿਖੇ ਰੱਖੇ ਜਾਣਗੇ ਸਮੂੰਹ ਮਿੱਤਰਾਂ ਦੋਸਤਾਂ ਰਿਸ਼ਤੇਦਾਰਾਂ ਨੂੰ ਪਹੁੰਚਣ ਦੀ ਬੇਨਤੀ ਹੈ

**IN LOVING MEMORY**

**SURINDER SINGH NIJJER**

**29TH DECEMBER 2024**

**2PM- SUKHMANI SAHIB ARAMBH**

**FOLLOWED BY KIRTAN AND GURU KA LANGAR**

**GURU NANAK GURDWARA WEDNESFIELD, WELL LANE**
**WEDNESFIELD, WOLVERHAMPTON, WV11 1XT**

ਅਸੀਂ ਅਦਾਰਾ 'ਆਵਾਜ਼ਿ ਕੌਮ' ਵੱਲੋਂ ਅਕਾਲ ਪੁਰਖ ਵਾਹਿਗੁਰੂ ਦੇ ਚਰਨਾਂ ਵਿੱਚ ਅਰਦਾਸ ਕਰਦੇ ਹਾਂ ਪਰਮਾਤਮਾ ਸੁਰਿੰਦਰ ਸਿੰਘ ਨਿੱਝਰ ਜੀ ਦੀ ਪਵਿੱਤਰ ਆਤਮਾ ਨੂੰ ਆਪਣੇ ਚਰਨਾਂ ਵਿੱਚ ਨਿਵਾਸ ਬਖਸ਼ੇ ।

ਆਵਾਜ਼ਿ ਕੌਮ AWAZE QAUM International Newspaper & WEB TV

# ਆਵਾਜ਼ਿ ਕੌਮ AWAZE QAUM

# ਆਵਾਜ਼ਿ-ਕੌਮ ਟੂਰ ਐਂਡ ਟਰੈਵਲਜ਼


**RAGHBIR SINGH (Call : +44 7976 210161)**

**121. Broadway west Walsall, West Midlands, WS1 4DW, England uk**


## ਵਾਹਿਗੁਰੂ ਜੀ ਕੀ ਖਾਲਸਾ। ਵਾਹਿਗੁਰੂ ਜੀ ਕੀ ਫ਼ਤਹਿ ॥



ਸ੍ਰੀ ਅਕਾਲ ਤਖ਼ਤ ਸਾਹਿਬ
SRI AKAL TAKHAT SAHIB



ਸ੍ਰੀ ਪਟਨਾ ਸਾਹਿਬ
SRI PATNA SAHIB



ਸ੍ਰੀ ਕੇਸਗੜ੍ਹ ਸਾਹਿਬ
SRI KESGARH SAHIB



ਸ੍ਰੀ ਦਮਦਮਾ ਸਾਹਿਬ
SRI DAMDAMA SAHIB



ਸ੍ਰੀ ਹਜ਼ੂਰ ਸਾਹਿਬ
SRI HAZUR SAHIB

# ਪੰਜ ਤਖ਼ਤ ਯਾਤਰਾ

ਬੜੇ ਮਾਣ ਅਤੇ ਸਤਿਕਾਰ ਨਾਲ ਆਪ ਜੀ ਨੂੰ ਸੂਚਿਤ ਕੀਤਾ ਜਾ ਰਿਹਾ ਹੈ ਕਿ **ਆਵਾਜ਼ਿ-ਕੌਮ ਟੂਰ ਐਂਡ ਟ੍ਰੈਵਲਜ਼** ਵਾਹਿਗੁਰੂ ਜੀ ਕੀ ਕ੍ਰਿਪਾ ਸਦਕਾ 10 ਫਰਵਰੀ 2025 ਤੋਂ 20 ਫਰਵਰੀ 2025 ਤੱਕ ਪੰਜ ਤਖਤ ਸਹਿਬਾਨ ਦੀ ਮਹਾਂ ਯਾਤਰਾ ਕਰਵਾਉਣ ਜਾ ਰਿਹਾ ਹੈ। ਆਪ ਸਭ ਨੂੰ ਬੇਨਤੀ ਹੈ ਕਿ ਤੁਸੀ ਵੀ ਇਸ ਯਾਤਰਾ ਦਾ ਹਿੱਸਾ ਬਣੋ ਅਤੇ ਪੰਜ ਤਖ਼ਤ ਸਾਹਿਬਾਨ ਦੀ ਯਾਤਰਾ ਕਰਕੇ ਆਪਣੇ ਜੀਵਨ ਨੂੰ ਸਫਲਾ ਕਰੋ ਜੀ। ਤੁਹਾਡੀ ਇਸ ਯਾਤਰਾ ਨੂੰ ਯਾਦਗਾਰੀ ਤੇ ਬਿਹਤਰੀਨ ਬਨਾਉਣ ਲਈ **ਆਵਾਜ਼ਿ-ਕੌਮ ਟੂਰ ਐਂਡ ਟ੍ਰੈਵਲਜ਼** ਦੀ ਟੀਮ ਹਰ ਸੰਭਵ ਯਤਨ ਕਰਕੇ ਤੁਹਾਨੂੰ ਸ਼ਾਨਦਾਰ ਸਹੂਲਤਾਂ ਪ੍ਰਦਾਨ ਕਰੇਗੀ। ਯਾਤਰਾ ਗੁਰਦਵਾਰਾ ਸ਼੍ਰੀ ਦੂਖ ਨਿਵਾਰਨ ਪਾਤਸ਼ਾਹੀ 9ਵੀਂ ਗੁਰੂ ਤੇਗ ਬਹਾਦੁਰ ਨਗਰ, ਜਲੰਧਰ ਤੋਂ ਅਰਦਾਸ ਅਤੇ ਜੈਕਾਰਿਆਂ ਦੀ ਗੂੰਜ 'ਚ 10 ਫਰਵਰੀ, 2025 ਨੂੰ ਸ਼ੁਰੂ ਹੋਵੇਗੀ ਤੇ ਇੱਥੇ 20 ਫਰਵਰੀ, 2025 ਨੂੰ ਸੰਪੰਨ ਹੋਵੇਗੀ।

## ਟੂਰ ਪੈਕੇਜ

ਧਾਰਮਿਕ ਤੇ ਇਤਿਹਾਸਕ ਟੂਰ ਜਲੰਧਰ ਤੋਂ ਸ਼ੁਰੂ ਹੋ ਕੇ ਸ਼੍ਰੀ ਅੰਮ੍ਰਿਤਸਰ ਸਾਹਿਬ, ਹੈਦਰਾਬਾਦ, ਗੁਰਦਵਾਰਾ ਨਾਨਕ ਝੀਰਾ ਬਿਦਰ ਤੋਂ ਬਾਅਦ ਸ਼੍ਰੀ ਹਜ਼ੂਰ ਸਾਹਿਬ ਪਹੁੰਚੇਗਾ, ਜਿਥੇ ਤਖ਼ਤ ਸ਼੍ਰੀ ਹਜ਼ੂਰ ਸਾਹਿਬ ਤੋਂ ਇਲਾਵਾ ਹੋਰ ਵੀ 9 ਇਤਿਹਾਸਕ ਗੁਰਦੁਆਰਾ ਸਾਹਿਬਾਨ ਦੇ ਦਰਸ਼ਨ ਕਰਵਾਏ ਜਾਣਗੇ। ਹੈਦਰਾਬਾਦ ਪਹੁੰਚ ਕੇ ਹਵਾਈ ਜਹਾਜ ਦੇ ਰਾਹੀ ਤਖ਼ਤ ਸ੍ਰੀ ਪਟਨਾ ਸਾਹਿਬ ਪਹੁੰਚਿਆ ਜਾਵੇਗਾ। ਤਖ਼ਤ ਸ੍ਰੀ ਪਟਨਾ ਸਾਹਿਬ ਤੋਂ ਚੰਡੀਗੜ ਵਾਪਸੀ ਵੀ ਹਵਾਈ ਸ.ਫਰ ਰਾਹੀਂ ਹੋਵੇਗੀ। ਉਪਰੰਤ ਸ਼੍ਰੀ ਆਨੰਦਪੁਰ ਸਾਹਿਬ, ਸ਼੍ਰੀ ਦਮਦਮਾ ਸਾਹਿਬ, ਸ਼੍ਰੀ ਅੰਮ੍ਰਿਤਸਰ ਸਾਹਿਬ ਪਹੁੰਚਿਆ ਜਾਵੇਗਾ। ਇਸ ਯਾਤਰਾ ਦੇ ਦੌਰਾਨ ਸਿੱਖ ਗੁਰੂ ਸਾਹਿਬਾਨ ਦੀ ਚਰਨਛੋਹ ਪ੍ਰਾਪਤ 32 ਇਤਿਹਾਸਕ ਗੁਰਦਾਵਾਰਾ ਸਾਹਿਬਾਨ ਦੇ ਦਰਸ਼ਨ ਕਰਵਾਏ ਜਾਣਗੇ। ਇਸ ਤੋਂ ਇਲਾਵਾ ਕੁਝ ਅਜਾਇਬ ਘਰ, ਜਲ੍ਹਿਆਵਾਲਾ ਬਾਗ, ਵਾਹਗਾ ਬਾਰਡਰ ਦੀ ਰੀਟਰੀਟ ਸੇਰੇਮਨੀ ਤੇ ਹੋਰ ਇਤਿਹਸਕ ਸਥਾਨਾਂ ਦੀ ਯਾਤਰਾ ਵੀ ਕਰਵਾਈ ਜਾਵੇਗੀ।

- ਲਗਜਰੀ ਹੋਟਲਾਂ 'ਚ ਸਟੇਅ
- ਬਰੇਕਫਾਸਟ ਅਤੇ ਡਿਨਰ ਸ਼ਾਮਲ
- ਲਗਜਰੀ ਏ. ਸੀ. ਟਰਾਂਸਪੋਰਟੇਸ਼ਨ।
- ਚੰਡੀਗੜ੍ਹ ਤੋਂ ਹੈਦਰਾਬਾਦ ਅਤੇ ਵਾਪਸੀ 'ਤੇ ਹੈਦਰਾਬਾਦ ਤੋਂ ਚੰਡੀਗੜ੍ਹ ਦਾ ਸਫਰ ਹਵਾਈ ਜਹਾਜ਼ ਰਾਹੀਂ।
- ਹਰ ਧਾਰਮਿਕ ਅਤੇ ਇਤਿਹਾਸਕ ਜਾਣਕਾਰੀ ਮੁਹੱਈਆ ਕਰਵਾਉਣ ਲਈ ਗਾਈਡ ਨਾਲ ਹੋਣਗੇ।

**ਇੰਡੀਆਂ ਵਿਚ ਜੁਆਇਨ ਕਰਨ ਵਾਲਿਆਂ ਲਈ ਕੇਵਲ 1190 ਬ੍ਰਿਟਿਸ਼ ਪਾਉਂਡ ਪਰ ਯਾਤਰੀ ਹੋਵੇਗਾ।**

**ਯੂ ਕੇ ਤੋਂ ਅੰਤਰਰਾਸ਼ਟਰੀ ਹਵਾਈ ਸ.ਫਰ ਸਮੇਤ 1890 ਬ੍ਰਿਟਿਸ਼ ਪਾਉਂਡ ਪਰ ਯਾਤਰੀ ਹੋਵੇਗਾ।**

ਬੁੱਕ ਕਰਨ ਦੇ ਲਈ 600 ਪਾਉਂਡ ਐਡਵਾਂਸ ਦੇ ਤੌਰ ਤੇ ਜਮਾ ਕਰਵਾਉਣੇ ਜ਼ਰੂਰੀ ਹਨ। ਬੁਕਿੰਗ ਫੀਸ ਜਮ੍ਹਾ ਕਰਵਾਉਣ ਉਪਰੰਤ ਰੈਫਰੈਂਸ ਨੰਬਰ ਭੇਜਣਾ ਹੋਵੇਗਾ ਅਤੇ ਬਾਕੀ ਰਹਿੰਦੀ ਫੀਸ ਦੋ ਹ.ਫਤਿਆਂ ਦੇ ਅੰਦਰ-ਅੰਦਰ ਜਮ੍ਹਾ ਕਰਵਾਉਣੀ ਹੋਵੇਗੀ।

**ਅਕਾਊਂਟ ਨੰਬਰ ਤੇ ਡਿਟੇਲ**

Account Name: RAGHBIR SINGH
Bank Name : HALIFAX
Sort Code : 11-08-07
Account No. : 00516474

ਸੰਪਰਕ ਨੰ. :

**+44 7458 381111 +44 7976 210161**

**email: gnstuk@hotmail.com**

To Book please ring (+44 7458 381111) or WhatsApp (+44 7976 210161) / email (gnstuk@hotmail.com) the next of kin form along with a copy of your passport.

*There might be an additional cost if you need direct return flight Atq –Lhr/Bhxorif your return flight is on busy dates (for example mid-term holidays etc.)

**ਬਿਨਾਂ ਕੋਈ ਨੋਟਿਸ ਦਿੱਤੇ ਪ੍ਰੋਗਰਾਮ 'ਚ ਤਬਦੀਲੀ ਕੀਤੀ ਜਾ ਸਕਦੀ ਹੈ।**

## ਜ਼ਿੰਦਗੀ ਭਰ ਦੀ ਯਾਦ ਬਣਨ ਵਾਲੀ

# ਪੰਜ ਤਖ਼ਤ ਯਾਤਰਾ

**10 ਰਾਤਾਂ ਤੇ 11 ਦਿਨ ਦੀ ਯਾਤਰਾ ਦਾ ਵੇਰਵਾ ਵਿਸਥਾਰ ਸਹਿਤ ਹੇਠ ਲਿਖੇ ਅਨੁਸਾਰ ਹੈ :**

### 10 ਫਰਵਰੀ (ਦਿਨ 1)



ਸਾਰੀ ਸੰਗਤ ਗੁਰਦਵਾਰਾ ਦੂਖ ਨਿਵਾਰਨ ਸਾਹਿਬ ਪਾਤਸ਼ਾਹੀ 9ਵੀਂ ਗੁਰੂ ਤੇਗ ਬਹਾਦੁਰ ਨਗਰ ਵਿਖੇ ਇਕੱਤਰ ਹੋਵੇਗੀ ਤੇ ਇਥੋਂ ਜੈਕਾਰਿਆਂ ਦੀ ਗੂੰਜ 'ਚ ਸ਼੍ਰੀ ਅੰਮ੍ਰਿਤਸਰ ਸਾਹਿਬ ਲਈ ਚਾਲੇ ਪਾਏ ਜਾਣਗੇ। ਕਰਤਾਰਪੁਰ ਵਿਖੇ ਜੰਗ-ਏ-ਆਜਦੀ ਅਜਾਇਬ ਘਰ ਵਿਖਾਇਆ ਜਾਵੇਗਾ। ਹੋਟਲ ਵਿਚ ਪਹੁੰਚ ਕੇ ਚੈਕ ਇਨ ਹੋਵੇਗਾ। ਉਸ ਤੋਂ ਬਾਅਦ ਸਾਰੀ ਸੰਗਤ ਸ੍ਰੀ ਅਕਾਲ ਤਖਤ ਸਾਹਿਬ ਵਿਖੇ ਨਤਮਸਤਕ ਹੋਵੇਗੀ। ਦੁਬਾਰਾ ਵਾਪਸ ਹੋਟਲ ਵਿਚ ਪਹੁੰਚ ਕੇ ਡਿਨਰ ਹੋਟਲ ਕੀਤਾ ਜਾਵੇਗਾ।

### 11 ਫਰਵਰੀ (ਦਿਨ 2)



ਤੜਕੇ ਸਵੇਰੇ 5 ਵਜੇ ਹੈਦਰਾਬਾਦ ਨੂੰ ਜਾਣ ਵਾਸਤੇ ਹਵਾਈ ਅੱਡੇ 'ਤੇ ਪਹੁੰਚਿਆ ਜਾਵੇਗਾ। ਫਲਾਇਟ ਦਾ ਸਮਾਂ 7.30 ਵਜੇ ਸਵੇਰੇ ਹੋਵੇਗਾ। ਹੈਦਰਾਬਾਦ ਤੱਕ ਫਲਾਈ ਸਮਾਂ ਦੋ ਘੰਟੇ ਦਾ ਹੋਵੇਗਾ। ਹੈਦਰਾਬਾਦ ਪਹੁੰਚ ਕੇ ਬੱਸ ਵਿਚ ਬੈਠ ਕੇ ਹੈਦਰਾਬਾਦ ਦਾ ਬਹੁਤ ਹੀ ਮਸ਼ਹੂਰ ਮਿਊਜ਼ੀਅਮ ਦਿਖਾਇਆ ਜਾਵੇਗਾ। ਉਸ ਤੋਂ ਬਾਅਦ ਹੋਟਲ ਵਿਚ ਜਾ ਕੇ ਚੈਕ ਇਨ ਤੇ ਲੰਚ ਹੋਵੇਗਾ। ਸ਼ਾਮ 4 ਵਜੇ ਹੈਦਰਾਬਾਦ ਦਾ ਦੁਨੀਆਂ ਭਰ 'ਚ ਮਸ਼ਹੂਰ ਚਾਰਮਿਨਾਰ ਦਿਖਾਇਆ ਜਾਵੇਗਾ। ਡਿਨਰ ਦੱਖਣ-ਭਾਰਤੀ ਸ਼ਾਕਾਹਾਰੀ ਰੈਸਟੋਰੈਂਟ ਵਿਚ (ਖ਼ੁਦ ਦੇ ਖਰਚੇ 'ਤੇ) ਕਰਵਾਇਆ ਜਾਵੇਗਾ। ਵਾਪਸ ਹੋਟਲ ਵਿਚ ਆ ਕੇ ਅਰਾਮ ਕੀਤਾ ਜਾਵੇਗਾ।

### 12 ਫਰਵਰੀ (ਦਿਨ 3)



ਸਵੇਰੇ ਨਾਸ਼ਤੇ ਤੋਂ ਬਾਅਦ ਟਰੇਲ ਰਾਹੀਂ ਬਿਦਰ ਨੂੰ ਚਾਲੇ ਪਾਏ ਜਾਣਗੇ। 3 ਘੰਟੇ ਦੀ ਯਾਤਰਾ ਹੋਵੇਗੀ। ਇੱਥੇ ਪਹੁੰਚ ਕੇ ਗੁਰਦਵਾਰਾ ਨਾਨਕ ਝੀਰਾ ਸਾਹਿਬ ਦੇ ਦਰਸ਼ਨ ਕਰਵਾਏ ਜਾਣਗੇ ਤੇ ਦੁਪਹਿਰ ਨੂੰ ਲੰਗਰ ਦਾ ਅਨੰਦ ਮਾਣਿਆ ਜਾਵੇਗਾ। ਇਸ ਤੋਂ ਬਾਅਦ ਨੰਦੇੜ ਸਾਹਿ ਵੱਲ ਚਾਲੇ ਪਾਏ ਜਾਣਗੇ। ਸ਼ਾਮ ਨੂੰ ਨੰਦੇੜ ਸਾਹਿਬ ਪਹੁੰਚ ਕੇ ਸਰਾਂ ਵਿਚ ਰੈਣ ਵਸੈਰਾ ਹੋਵੇਗਾ। ਰਾਤ ਦਾ ਭੋਜਨ ਕੰਪਨੀ ਵਲੋ ਫਿਕਸਡ ਮੈਨਿਉ 'ਤੇ ਅਧਾਰਤ ਰੈਟੋਰੈਂਟ ਵਿਚ ਹੋਵੇਗਾ ਜਿਸ ਦਾ ਖਰਚਾ ਕੰਪਨੀ ਕਰੇਗੀ। ਰਾਤ ਦਾ ਵਿਸ਼ਰਾਮ ਸਰਾਂ ਵਿੱਚ ਹੋਵੇਗਾ।

### 13 ਫਰਵਰੀ (ਦਿਨ 4)



ਸੰਗਤ ਤੜਕੇ ਸਚਖੰਡ ਸ੍ਰੀ ਨੰਦੇੜ ਸਾਹਿਬ ਦੀ ਹਾਜਰੀ ਭਰੇਗੀ। ਨਾਸ਼ਤਾ ਲੰਗਰ ਹਾਲ ਵਿਚ ਹੋਵੇਗਾ। ਠੀਕ 10 ਵਜੇ ਗੁਰਦਵਾਰਾ ਸਹਿਬ ਦੇ ਦਰਸ਼ਨਾਂ ਲਈ ਚਾਲੇ ਪਾਏ ਜਾਣਗੇ। ਗੁਰਦਵਾਰਾ ਬਾਬਾ ਬੰਦਾ ਬਾਹੁਦਰ, ਗੁਰਦਵਾਰਾ ਮਾਲ ਟੇਕੜੀ, ਗੁਰਦਵਾਰਾ ਹੀਰਾ ਘਾਟ, ਗੁਰਦਵਾਰਾ ਮਾਤਾ ਸਾਹਿਬ ਦੇਵਾ ਜੀ ਦੇ ਦਰਸ਼ਨ ਕਰਨ ਉਪਰੰਤ ਇਥੇ ਹੀ ਲੰਗਰ ਛਕਿਆ ਜਾਵੇਗਾ। ਇਸ ਤੋਂ ਬਾਅਦ ਗੁਰਦਵਾਰਾ ਸ਼ਿਕਾਰ ਘਾਟ ਦੇ ਦਰਸ਼ਨ ਉਪਰੰਤ ਚਾਹ ਦਾ ਲੰਗਰ ਛਕਿਆ ਜਾਵੇਗਾ। ਇਸ ਉਪਰੰਤ ਗੁਰਦਵਾਰਾ ਸੰਗਤ ਸਾਹਿਬ ਤੇ ਅਸਤਬਲ ਦੇ ਦਰਸ਼ਨ ਕੀਤੇ ਜਾਣਗੇ। ਗੁਰਦਵਾਰਾ ਨਗੀਨਾ ਘਾਟ ਦੇ ਦਰਸ਼ਨਾ ਤੋਂ ਬਾਅਦ ਗੁਰਦਵਾਰਾ ਬਾਬਾ ਨਿਧਾਨ ਸਿੰਘ ਜੀ ਵਿਖੇ ਰਾਤ ਦਾ ਲੰਗਰ ਹੋਵੇਗਾ। ਰਾਤ ਦਾ ਵਿਸ਼ਰਾਮ ਇੱਥੇ ਸਰਾਂ ਵਿੱਚ ਹੋਵੇਗਾ।

### 14 ਫਰਵਰੀ (ਦਿਨ 5)



ਤੜਕੇ 6 ਵਜੇ ਹੈਦਰਾਬਾਦ ਲਈ ਰਵਾਨਗੀ ਪਾਈ ਜਾਵੇਗੀ ਅਤੇ ਕਿੰਗਸ ਰੈਸਟੋਰੈਂਟ ਵਿੱਚ ਸੰਗਤ ਨੂੰ ਚਾਹ ਪਿਲਾਈ ਜਾਵੇਗੀ। ਹੈਦਰਾਬਾਦ ਪਹੁੰਚ ਕੇ ਇੱਥੋਂ ਦੀ ਮਸ਼ਹੂਰ ਸ਼ਾਕਾਹਾਰੀ ਹੈਦਰਾਬਾਦੀ ਬਰਿਆਨੀ ਦਾ ਅਨੰਦ ਮਾਣਿਆ ਜਾਵੇਗਾ। ਇਸ ਤੋਂ ਬਾਅਦ ਹਵਾਈ ਯਾਤਰਾ ਰਾਹੀਂ ਤਖ਼ਤ ਸ੍ਰੀ ਪਟਨਾ ਸਾਹਿਬ ਪਹੁੰਚਿਆ ਜਾਵੇਗਾ। ਹਵਾਈ ਯਾਤਰਾ ਦਾ ਸਮਾਂ 2 ਘੰਟੇ ਦਾ ਹੋਵੇਗਾ। ਹੋਟਲ ਵਿਚ ਚੈਕ ਇਨ ਕਰਨ ਉਪਰੰਤ ਡਿਨਰ ਤਿਆਰ ਮਿਲੇਗਾ।

### 15 ਫਰਵਰੀ (ਦਿਨ 6)



ਸਵੇਰੇ ਨਾਸ਼ਤੇ ਤੋਂ ਬਾਅਦ ਜਨਮ ਅਸਥਾਨ ਸਚਖੰਡ ਸ਼੍ਰੀ ਪਟਨਾ ਸਾਹਬਿ ਦੇ ਦਰਸ਼ਨਾਂ ਲਈ ਚਾਲੇ ਪਾਏ ਜਾਣਗੇ। ਗੁਰਦਵਾਰਾ ਕੰਗਣ ਘਾਟ ਤੇ ਗੁਰਦਵਾਰਾ ਬਾਲ ਲੀਲਾ ਸਾਹਿਬ ਦੇ ਧਰਸ਼ਨ ਕੀਤੇ ਜਾਣਗੇ। ਦੁਪਹਿਰ ਦਾ ਲੰਗਰ ਗੁਰਦਵਾਰਾ ਬਾਲ ਲੀਲਾ ਸਾਹਿਬ ਵਿੱਚ ਹੋਵੇਗਾ। ਇਸ ਉਪਰੰਤ ਗੁਰਦਵਾਰਾ ਗਊ ਘਾਟ, ਗੁਰਦਵਾਰਾ ਗੁਰੂ ਕਾ ਬਾਗ, ਗੁਰਦਵਾਰਾ ਹਾਂਡੀ ਸਾਹਿਬ ਦੇ ਦਰਸ਼ਨ ਕੀਤੇ ਜਾਣਗੇ। ਉਪਰੰਤ ਵਾਪਸ ਹੋਟਲ 'ਚ ਡਿਨਰ ਉਪਰੰਤ ਰਾਤਰੀ ਵਿਸ਼ਰਾਮ ਹੋਵੇਗਾ।

### 16 ਫਰਵਰੀ (ਦਿਨ 7)



ਨਾਸ਼ਤਰਾ ਕਰਨ ਉਪਰੰਤ ਸ੍ਰੀ ਪਟਨਾ ਸਾਹਿਬ ਤੋਂ ਹਵਾਈ ਅੱਡੇ ਲਈ ਚਾਲੇ ਪਾਏ ਜਾਣਗੇ ਤੇ ਹਵਾਈ ਯਾਤਰਾ ਰਾਹੀਂ ਚੰਡੀਗੜ੍ਹ ਪਹੁੰਚਿਆ ਜਾਵੇਗਾ। ਇੱਥੇ ਵਿਸ਼ਵ ਪ੍ਰਸਿੱਧ ਸੁਖਨਾ ਲੇਕ ਘੁੰਮਣ ਉਪਰੰਤ ਹੋਟਲ ਚੈੱਕ ਇਨ ਕੀਤਾ ਜਾਵੇਗਾ ਤੇ ਡਿਨਰ ਉਪਰੰਤ ਰਾਤਰੀ ਵਿਸ਼ਰਾਮ ਹੋਵੇਗਾ।

### 17 ਫਰਵਰੀ (ਦਿਨ 8)



ਨਾਸ਼ਤੇ ਕਰਨ ਉਪਰੰਤ ਟਰੇਨ ਰਾਹੀਂ ਤਖ਼ਤ ਸ੍ਰੀ ਆਨੰਦਪੁਰ ਸਾਹਿਬ ਨੂੰ ਚਾਲੇ ਪਾਏ ਜਾਣਗੇ। ਜਿਥੇ ਗੁਰਦਵਾਰਾ ਸ੍ਰੀ ਕੇਸਗੜ ਸਾਹਿਬ, ਗੁਰਦਾਵਾਰਾ ਸੀਸ ਗੰਜ ਸਾਹਿਬ, ਗੁਰਦਵਾਰਾ ਭੌਰਾ ਸਾਹਿਬ ਤੇ ਕਿਲਾ ਆਨੰਦਗੜ੍ਹ ਸਾਹਿਬ ਦੇ ਦਰਸ਼ਨ ਕੀਤੇ ਜਾਣਗੇ। ਉਪਰੰਤ ਬਠਿੰਡਾ ਲਈ ਚਾਲੇ ਪਾਏ ਜਾਣਗੇ। ਡਿਨਰ ਅਤੇ ਰਾਤਰੀ ਸਟੇਅ ਹੋਟਲ ਵਿਚ ਹੋਵੇਗਾ।

### 18 ਫਰਵਰੀ (ਦਿਨ 9)



ਸਵੇਰੇ ਨਾਸ਼ਤੇ ਉਪਰੰਤ ਤਖਤ ਸ੍ਰੀ ਦਮਦਮਾ ਸਾਹਿਬ ਦੇ ਦਰਸ਼ਨਾ ਲਈ ਚਾਲੇ ਪਾਏ ਜਾਣਗੇ। ਬੁਰਜ ਬਾਬਾ ਦੀਪ ਸਿੰਘ ਜੀ ਦੇ ਦਰਸ਼ਨਾ ਤੋਂ ਬਾਅਦ ਲੰਗਰ ਦਾ ਅਨੰਦ ਮਾਣਿਆ ਜਾਵੇਗਾ। ਉਪਰੰਤ ਸ੍ਰੀ ਅੰਮ੍ਰਿਤਸਰ ਸਾਹਬਿ ਲਈ ਚਾਲੇ ਪਾਏ ਜਾਣਗੇ। ਡਿਨਰ ਅਤੇ ਰਾਤਰੀ ਸਟੇਅ ਹੋਟਲ ਵਿਚ ਹੋਵੇਗਾ।

### 19 ਫਰਵਰੀ (ਦਿਨ 10)



ਸਵੇਰੇ ਨਾਸ਼ਤੇ ਉਪਰੰਤ ਸ੍ਰੀ ਹਰਿਮੰਦਰ ਸਾਹਿਬ ਦੇ ਦਰਸ਼ਨ ਕੀਤੇ ਜਾਣਗੇ। ਜਲ੍ਹਿਆਵਾਲਾ ਬਾਗ ਵੇਖਿਆ ਜਾਵੇਗਾ। ਦੁਪਹਿਰ ਦਾ ਲੰਗਰ ਸ੍ਰੀ ਹਰਿਮੰਦਰ ਸਾਹਿਬ ਵਿਖੇ ਛਕਿਆ ਜਾਵੇਗਾ। ਇਸ ਤੋਂ ਬਾਅਦ ਭਾਰਤ-ਪਾਕਿਸਤਾਨ ਦੀ ਵੰਡ ਨੂੰ ਦਰਸਾਉਂਦਾ ਪਾਰਟੀਸ਼ਨ ਮਿਉਜੀਅਮ ਵਿਖਾਇਆ ਜਾਵੇਗਾ। ਸ਼ਾਮ ਨੂੰ ਵਾਹਗਾ ਬਾਰਡਰ ਪਹੁੰਚ ਕੇ ਰੀਟਰੀਟ ਸੇਰੇਮਨੀ ਦਿਖਾਈ ਜਾਵੇਗੀ। ਡਿਨਰ ਅਤੇ ਰਾਤਰੀ ਵਿਸ਼ਰਾਮ ਹੋਟਲ ਵਿੱਚ ਹੋਵੇਗਾ।

### 20 ਫਰਵਰੀ (ਦਿਨ 11)

ਨਾਸ਼ਤੇ ਕਰਨ ਉਪਰੰਤ ਸੰਗਤ ਜਲੰਧਰ ਲਈ ਚਾਲੇ ਪਾਵੇਗੀ ਅਤੇ ਗੁਰਦਵਾਰਾ ਦੂਖ ਨਿਵਾਰਨ ਪਾਤਸ਼ਾਹੀ 9ਵੀਂ ਪਹੁੰਚ ਕੇ ਅਮਿੱਟ ਧਾਰਮਿਕ ਤੇ ਇਤਹਾਸਕ ਯਾਦਾਂ ਸਮੇਟਦਿਆਂ, ਫਿਰ ਮਿਲਣ ਦੇ ਵਾਅਦੇ ਅਤੇ ਵਾਹਿਗੁਰੂ ਦਾ ਸ਼ੁਕਰਾਨਾ ਕਰਦਿਆਂ ਟੂਰ ਦੀ ਸਮਾਪਤੀ ਹੋਵੇਗੀ।

**ਆਵਾਜ਼ਿ-ਕੌਮ ਟੂਰ ਐਂਡ ਟ੍ਰੈਵਲਜ਼ ਨਾਲ ਯਾਤਰਾ ਕਰਨ ਲਈ ਧੰਨਵਾਦ ਅਤੇ ਵਾਹਿਗੁਰੂ ਜੀ ਦਾ ਕੋਟਿਨ-ਕੋਟਿ ਧੰਨਵਾਦ। ਤੁਹਾਨੂੰ ਹੋਰ ਧਾਰਮਿਕ ਤੇ ਇਤਿਹਾਸਕ ਯਾਤਰਾ 'ਤੇ ਜਲਦ ਲੈ ਕੇ ਜਾਣ ਦਾ ਵਾਅਦਾ ਕਰਦੇ ਹਾਂ।**

# ਆਵਾਜ਼ਿ ਕੌਮ AWAZE QAUM

# AWAZE QAUM TOURS & TRAVELS

**RAGHBIR SINGH (Call : +44 7976 210161)**
**121. Broadway west Walsall, West Midlands, WS1 4DW, England uk**

**ਵਾਹਿਗੁਰੂ ਜੀ ਕੀ ਖਾਲਸਾ । ਵਾਹਿਗੁਰੂ ਜੀ ਕੀ ਫ਼ਤਹਿ ॥**



ਸ੍ਰੀ ਅਕਾਲ ਤਖ਼ਤ ਸਾਹਿਬ
SRI AKAL TAKHAT SAHIB



ਸ੍ਰੀ ਪਟਨਾ ਸਾਹਿਬ
SRI PATNA SAHIB



ਸ੍ਰੀ ਕੇਸਗੜ੍ਹ ਸਾਹਿਬ
SRI KESGARH SAHIB



ਸ੍ਰੀ ਦਮਦਮਾ ਸਾਹਿਬ
SRI DAMDAMA SAHIB



ਸ੍ਰੀ ਹਜ਼ੂਰ ਸਾਹਿਬ
SRI HAZUR SAHIB

## PANJ TAKHAT YATRA

**Thank you for choosing us to go to PANJ TAKHAT YATRA in February 2025 (10th Feb – 20thFeb 2025). During the stay we will try to provide you with all the possible facilities to make this trip a memorable one.**

### Trip Package Includes

**Visit to Takhat Patna Sahib & other 5 Gurudwaras - Hyderabad (Museum & Char Minar) - Takhat Hazoor Sahib & other 8 Gurudwaras - Takhat Keshgarh Sahib Sahib & other 8 Gurudwaras - Damdama Sahib & other 3 Gurudwaras. - Akal Takth, Sri Harimandir Sahib, Jallianwala Bagh & Wagah Border**

- Luxury Air-conditioned Coaches
- Luxury Hotel Stay (Sarai at Hazoor Sahib)
- Domestic Flights
- Guided Tours
- Flexibility to stay in India before & after the trip

**Cost If joining from India without international flights £ 1190 per person on Twin Sharing basis**

**Cost: If joining from UK with International flights - £1890 per person on Twin Sharing basis**

Deposit of £600 per person can be transferred into the following account (please write your name as a reference): Balance amount need to be deposited 2 weeks before the travel date.

**Account Name: RAGHBIR SINGH**
**Bank Name : HALIFAX**
**Sort Code : 11-08-07**
**Account No. : 00516474**

To Book please ring (+44 7458 381111) or WhatsApp (+44 7976 210161) / email (gnstuk@hotmail.com) the next of kin form along with a copy of your passport.

*There might be an additional cost if you need direct return flight Atq –Lhr/Bhxorif your return flight is on busy dates (for example mid-term holidays etc.)


**Program is subject to change without Prior Notice.**

### JOURNEY OF A LIFE TIME

## PANJ TAKHT YATRA


**5 TAKHAT YATRA - 10 NIGHTS / 11 DAYS**

### 10th FEB. Day 1st.




**Meeting** at Gurdwara Sri Dukh Niwaran sahib patshahi 9 Guru Teg Bahadur Nagar Jalandhar and start the journey on ward drive to Amritsar sahib stop at Kartar pur to see Jung e Ajadi museum ( if it is open) later drive to Amritsar check in hotel and later visit to Sri Akal Takhat sahib back to hotel and dinner in the hotel.

### 11th Feb. Day 2nd.




Early morning check out to drive to airport to take flight at 730 am to Hyderabad after arrival and proceed to see the museum than back to the hotel check in and lunch in the hotel later at 4 pm proceed to visit char minar dinner will be paid by the people directly.

### 12th Feb Day 3rd




After break fast drive to Bidar it is 3 hrs journey on arrival Darshan and lunch at the Langar than drive to Nanded again 3 hrs journey reach there check in sran and do darshan dinner at the langar.

### 13th Feb Day4th




Morning Darshan and break fast in the Langar After breakfast start for the tour of Gurdwaras, Visit to Gurdwara Nagina Ghat, Gurdwara Baba Banda Bahadur ji, Gurdwara Mal Tekri sahib, Gurdwara Heera Ghat later Gurdwara Mata Sahib Deva ji- Lunch in the langar, later to gurdwara Shikar Ghat here you have tea with pakoras later to gurdwara Sangat sahib back to city of Nanded and visit to Gurdwara Baba Nidhan singh ji, dinner at the Langar of Baba Nidhan singh ji

### 14th Feb Day5th




Leave at 6 am and drive to Hyderabaad we will stop at kings restaurant for quick tea and to use of wash rooms than to Hyderabad at paradise restaurant to have quick hyderabaadi veg biryani paid by the AWAJE QUAM TOURS from here we proceed to airport for the flight to Patna sahib arrival and we proceed to our hotel check in and dinner in the hotel

### 15th Feb. Day 6th




After break fast proceed to visit to Gurdwara Sach Khand Sri Patna sahib later Gurdwara Bal Leela sahib and Langar here later visit to Gurdwara Kangan Ghat sahib, Gurdwara Gau Ghat sahib Gurdwara Guru Ka Bagh and gurdwara Handi sahib back to our hotel and do dinner

### 16th Feb Day 7th




After Break fast proceed to the airport for the flight to chandigarh arrival and from here we go to visit to Sukhna lake later check in the hotel dinner at the hotel and relax.

### 17th Feb Day 8th




After breakfast proceed to visit to Anandpur sahib lunch at the langar later drive to Bathinda check in hotel and dinner at the hotel and relax.

### 18Th Feb Day 9th



After break fast proceed at 9 am to visit Takhat sri Damdama Sahib lunch at the Langar after that we proceed to Sri Amritsar sahib check in hotel dinner at the hotel.

### 19th Feb Day 10th



After break fast proceed at 9 am to visit Sri Harimander sahib, jallianwala bagh Parition Musuem and lunch at the Bharawan da dhabha by the AWAJE QAUM TOURS than drive to Wagah Border, See the ceremony then back to the hotel. Dinner at the hotel.

### 20th Feb Day 11th


**After breakfast proceed to Jalandhar to end the tour with happy memories and with promise to travel again together at Gurdwara Sri Dukh Niwaran sahib Patshahi 9th Guru Teg Bahdur ji Nagar.**

**THANKS FOR TRAVELLING WITH US & STAY BLESSED! LOOKING FORWARD TO TAKE YOU TO ON ANOTHER GREAT JOURNEY**

CELEBRATING THE LIFE OF

# Surjit Kaur SAHOTA

17th January 1930 – 17th December 2024



ਆਵਾਜ਼ਿ ਕੌਮ AWAZE QAUM International Newspaper & WEB TV

**Funeral Notice**

## MONDAY 30TH DECEMBER 2024

**8.00am – 8.45am – Antim Ardaas and Darshan**

375 London Road, Stoneygate,
Leicester LE2 3JT

**9.30am – Crematorium Service**

Great Glen Crematorium, 9 London Rd,
Great Glen, Leicester LE8 9DJ

**10.15am – Bhog, Ardaas and Langar**

Guru Amar Das Gurdwara,
219 Clarendon Park Rd, Leicester LE2 3AN

ਵਾਹਿਗੁਰੂ ਜੀ ਕਾ ਖਾਲਸਾ ।।
ਵਾਹਿਗੁਰੂ ਜੀ ਕੀ ਫ਼ਤਿਹ ।।



ਆਵਾਜ਼ਿ ਕੌਮ
AWAZE QAUM
International Newspaper & WEB TV

# ਮਹਾਨ ਸ਼ਹੀਦੀ ਸਮਾਗਮ

## 19 ਜਨਵਰੀ, 2025 (ਦਿਨ ਐਤਵਾਰ)

ਗੁਰੂ ਪਿਆਰੀ ਸਾਧ ਸੰਗਤ ਜੀ ਮੁਕਤਸਰ ਦੇ 40 ਮੁਕਤੇ ਤੇ ਸਮੂਹ ਸ਼ਹੀਦਾਂ ਦੀ ਯਾਦ ਵਿੱਚ ਹਰੇਕ ਸਾਲ ਦੀ ਤਰਾਂ ਸ਼ਹੀਦੀ ਸਮਾਗਮ ਹੋ ਰਿਹਾ ਹੈ । ਸਾਰੀਆਂ ਸੰਗਤਾਂ ਨੂੰ ਪਰਿਵਾਰ ਸਮੇਤ ਪਹੁੰਚਣ ਦਾ ਖੁੱਲਾ ਸੱਦਾ ਦਿੱਤਾ ਜਾਂਦਾ ਹੈ। ਆਪ ਜੀ ਸਭ ਨੇ ਪਰਿਵਾਰ ਸਮੇਤ ਪਹਉਚਣ ਕ੍ਰਿਪਾਲਤਾ ਕਰਨੀ ਜੀ। ਆਪ ਜੀ ਦੇ ਅਤਿ ਧੰਨਵਾਦੀ ਹੋਵਾਂਗੇ।

--★ ਪ੍ਰੋਗਰਾਮ ★--

19 ਜਨਵਰੀ 2025 ਦਿਨ ਐਤਵਾਰ ਭੋਗ ਸ੍ਰੀ ਸਹਿਜ ਪਾਠ ਦਾ ਸਵੇਰੇ 10 ਵਜੇ

ਸ਼ਬਦ ਕੀਰਤਨ ,ਕਥਾ ਅਤੇ ਢਾਡੀ ਜਥਾ ਪ੍ਰਸੰਗ ਸੁਣਾਵੇਗਾ

ਆਪ ਜੀ ਦਾ ਸਵਾਗਤ ਕਰਤਾ **ਸਰਦਾਰ ਬਲਜੀਤ ਸਿੰਘ ਕੰਗ ਅਤੇ ਪਰਿਵਾਰ**

★ ਵਧੇਰੇ ਜਾਣਕਾਰੀ 07780605230 ★

**Address: GURDWARA BABA SANG JI**

**9 St Paul's Rd, Smethwick Birmingham B66 1EE**

### ਜੀ.ਕੇ.ਯੂ. ਵਿਖੇ ਆਲ ਇੰਡੀਆ ਇੰਟਰ ਯੂਨੀਵਰਸਿਟੀ

# ਬਾਕਸਿੰਗ (ਲੜਕਿਆਂ) ਚੈਂਪੀਅਨਸ਼ਿਪ 2024-25 ਦਾ ਸ਼ਾਨਦਾਰ ਆਗਾਜ਼



**ਤਲਵੰਡੀ ਸਾਬੋ, 26 ਦਸੰਬਰ (ਗੁਰਜੰਟ ਸਿੰਘ ਨਥੇਹਾ)-** ਖੇਡਾਂ ਦੇ ਖੇਤਰ ਵਿੱਚ ਨਵੀਆਂ ਮੱਲ੍ਹਾਂ ਮਾਰ ਰਹੀ ਇਲਾਕੇ ਦੀ ਨਾਮਵਰ ਵਿੱਦਿਅਕ ਸੰਸਥਾ ਗੁਰੂ ਕਾਸ਼ੀ ਯੂਨੀਵਰਸਿਟੀ ਵਿਖੇ ਚਾਂਸਲਰ ਸ. ਗੁਰਲਾਭ ਸਿੰਘ ਸਿੱਧੂ ਦੀ ਪ੍ਰੇਰਣਾ ਸਦਕਾ ਆਲ ਇੰਡੀਆ ਇੰਟਰ ਯੂਨੀਵਰਸਿਟੀ ਬਾਕਸਿੰਗ (ਲੜਕਿਆਂ) ਚੈਂਪੀਅਨਸ਼ਿਪ 2024-25 ਦਾ ਸ਼ਾਨਦਾਰ ਆਗਾਜ਼ ਮੁੱਖ ਮਹਿਮਾਨ, ਓਲੰਪਿਅਨ ਤੇ ਅਰਜੁਨ ਅਵਾਰਡੀ ਮੁੱਕੇਬਾਜ਼ ਮਨੋਜ ਕੁਮਾਰ ਵੱਲੋਂ ਕੀਤਾ ਗਿਆ। ਇਸ ਮੌਕੇ ਡਾ. ਇੰਦਰਜੀਤ ਸਿੰਘ, ਵਾਈਸ ਚਾਂਸਲਰ, ਡਾ. ਜੀ.ਐੱਸ..ਰੁਹੇਲ ਅਬਸਰਵਰ ਆਲ ਇੰਡੀਆ ਯੂਨੀਵਰਸਿਟੀ ਵਿਸ਼ੇਸ਼ ਤੌਰ 'ਤੇ ਹਾਜ਼ਰ ਹੋਏ। ਮੁੱਖ ਮਹਿਮਾਨ ਨੇ ਆਪਣੇ ਪ੍ਰੇਰਣਾਦਾਈ ਭਾਸ਼ਣ ਵਿੱਚ ਖਿਡਾਰੀਆਂ ਨੂੰ ਆਪਣੇ ਟੀਚੇ ਹੋਰ ਉੱਚੇ ਕਰਨ ਲਈ ਕਿਹਾ। ਉਨ੍ਹਾਂ ਖਿਡਾਰੀਆਂ ਨੂੰ ਬਾਕਸਿੰਗ ਮੁਕਾਬਲੇ ਲਈ ਖੇਡ ਦਾ ਸਾਜ਼ ਸਮਾਨ ਹਮੇਸ਼ਾ ਤਿਆਰ ਰੱਖਣ ਲਈ ਪ੍ਰੇਰਿਤ ਕੀਤਾ ਅਤੇ ਬਾਕਸਿੰਗ ਰਿੰਗ ਵਿੱਚ ਸਖ਼ਤ ਮਿਹਨਤ ਤੇ ਅਭਿਆਸ ਕਰਨ ਦੀ ਸਲਾਹ ਦਿੱਤੀ। ਊਰਜਾਵਾਨ ਖਿਡਾਰੀਆਂ ਨੂੰ ਦੇਸ਼ ਦਾ ਭਵਿੱਖ ਦੱਸਦੇ ਹੋਏ ਉਨ੍ਹਾਂ ਕੋਚ ਸਾਹਿਬਾਨ ਨੂੰ ਖਿਡਾਰੀਆਂ ਨਾਲ ਹਰ ਤਰ੍ਹਾਂ ਦੇ ਸਹਿਯੋਗ ਦੀ ਅਪੀਲ ਕੀਤੀ। ਵਿਸ਼ੇਸ਼ ਮਹਿਮਾਨ ਡਾ. ਇੰਦਰਜੀਤ ਸਿੰਘ ਨੇ ਚਾਰ ਸਾਹਿਬਜਾਦਿਆਂ ਦੀ ਸ਼ਹਾਦਤ ਨੂੰ ਨਮਨ ਕੀਤਾ ਅਤੇ ਸ਼ਰਧਾ ਦੇ ਫੁੱਲ ਭੇਂਟ ਕਰਦੇ ਹੋਏ ਖਿਡਾਰੀਆਂ ਨੂੰ ਦੇਸ਼ ਲਈ ਕੁਰਬਾਨੀ ਦੇ ਜ਼ਜਬੇ ਨੂੰ ਬਰਕਰਾਰ ਰੱਖਣ ਦੀ ਪ੍ਰੇਰਣਾ ਦਿੱਤੀ। ਉਨ੍ਹਾਂ ਪੰਜਾਬ ਦੀ ਪਵਿੱਤਰ ਧਰਤੀ ਤੇ ਖਿਡਾਰੀਆਂ ਅਤੇ ਮਹਿਮਾਨਾਂ ਦਾ ਸੁਆਗਤ ਕਰਦੇ ਹੋਏ ਖੇਡ ਭਾਵਨਾ ਨਾਲ ਚੈਂਪੀਅਨਸ਼ਿਪ ਵਿੱਚ ਮੁਕਾਬਲਾ ਕਰਨ ਦੀ ਰਾਏ ਦਿੱਤੀ। ਇਸ ਮੌਕੇ ਡਾਇਰੈਕਟਰ ਸਪੋਰਟਸ ਡਾ. ਰਾਜ ਕੁਮਾਰ ਸ਼ਰਮਾ ਨੇ ਚੈਂਪੀਅਨਸ਼ਿਪ ਬਾਰੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਚੈਂਪੀਅਨਸ਼ਿਪ ਵਿੱਚ ਭਾਰਤ ਦੀਆਂ 250 ਯੂਨੀਵਰਸਿਟੀਆਂ ਦੇ ਲਗਭਗ 2100 ਖਿਡਾਰੀ 12 ਸੋਨ, 12 ਚਾਂਦੀ ਅਤੇ 24 ਕਾਂਸੇ ਦੇ ਤਗਮਿਆਂ ਲਈ ਆਪਣੀ ਜ਼ੋਰ ਅਜਮਾਇਸ਼ ਕਰਨਗੇ। ਉਨ੍ਹਾਂ ਖਿਡਾਰੀਆਂ ਦੇ ਖੇਡ ਕੌਸ਼ਲ ਦੀ ਪ੍ਰਸ਼ੰਸਾ ਕਰਦੇ ਹੋਏ ਉਨ੍ਹਾਂ ਨੂੰ ਅਸਲੀ ਚੈਂਪੀਅਨ ਦੱਸਿਆ ਤੇ ਖੇਡ ਭਾਵਨਾ ਅਤੇ ਪੱਕੇ ਇਰਾਦੇ ਨਾਲ ਰਿੰਗ ਵਿੱਚ ਉੱਤਰਨ ਦਾ ਮਸ਼ਵਰਾ ਦਿੱਤਾ। ਡਾ. ਬਲਵਿੰਦਰ ਕੁਮਾਰ ਸ਼ਰਮਾ, ਡੀਨ ਫੈਕਲਟੀ ਆਫ਼ ਫਿਜ਼ੀਕਲ ਐਜੂਕੇਸ਼ਨ ਤੇ ਸਰਦੂਲ ਸਿੰਘ ਸਿੱਧੂ ਡਾਇਰੈਕਟਰ ਵਿਦਿਆਰਥੀ ਭਲਾਈ ਨੇ ਇਸ ਵਿਸ਼ਾਲ ਆਯੋਜਨ ਲਈ ਵਰਸਿਟੀ ਪ੍ਰਬੰਧਕਾਂ, ਆਲ ਇੰਡੀਆ ਯੂਨੀਵਰਸਿਟੀ ਦੇ ਅਧਿਕਾਰੀਆਂ, ਡੀਨ, ਫੈਕਲਟੀ ਮੈਂਬਰਾਂ ਅਤੇ ਵਰਸਿਟੀ ਦੇ ਵਲੰਟੀਅਰਾਂ ਦਾ ਧੰਨਵਾਦ ਕੀਤਾ।

> ☛ 12 ਸੋਨੇ, 12 ਚਾਂਦੀ ਅਤੇ 24 ਕਾਂਸੇ ਦੇ ਤਗਮਿਆਂ ਤੇ ਲੱਗੇਗਾ ਪੰਚ ☛ 250 ਯੂਨੀਵਰਸਿਟੀਆਂ ਦੇ 2100 ਤੋਂ ਵੱਧ ਖਿਡਾਰੀ ਕਰ ਰਹੇ ਨੇ ਸ਼ਿਰਕਤ

### ਤਹਿਸੀਲ ਕੰਪਲੈਕਸ ਧੂਰੀ ਵਿਖੇ

# ਨਾਗਰਿਕਾਂ ਦੀ ਸੁਵਿਧਾ ਲਈ ਸੀ.ਐਮ. ਫੈਸੀਲੀਟੇਸ਼ਨ ਸੈਂਟਰ ਸਥਾਪਿਤ

### ਲੋੜਵੰਦਾਂ ਅਤੇ ਸੀਨੀਅਰ ਸਿਟੀਜ਼ਨ ਦਾ ਕੰਮ ਹੋਵੇਗਾ ਪਹਿਲ ਦੇ ਆਧਾਰ ਉਤੇ, ਸਰਵੋਤਮ ਪ੍ਰਸ਼ਾਸਨਿਕ ਸੇਵਾਵਾਂ ਅਤੇ ਭਲਾਈ ਯੋਜਨਾਵਾਂ ਉਪਲਬਧ ਕਰਵਾਉਣ ਲਈ ਕਾਰਜਸ਼ੀਲ ਰਹਿਣਗੇ ਕਰਮਚਾਰੀ : ਵਿਕਾਸ ਹੀਰਾ

**ਧੂਰੀ/ ਸੰਗਰੂਰ ( ਰਣਜੀਤ ਸਿੰਘ ਪੇਧਨੀ )-**ਡਿਪਟੀ ਕਮਿਸ਼ਨਰ ਸ੍ਰੀ ਸੰਦੀਪ ਰਿਸ਼ੀ ਦੇ ਦਿਸ਼ਾ ਨਿਰਦੇਸ਼ਾਂ ਅਤੇ ਐਸ.ਡੀ.ਐਮ ਧੂਰੀ ਸ੍ਰੀ ਵਿਕਾਸ ਹੀਰਾ ਦੀ ਅਗਵਾਈ ਹੇਠ ਤਹਿਸੀਲ ਕੰਪਲੈਕਸ ਧੂਰੀ ਦੇ ਮੀਟਿੰਗ ਹਾਲ ਵਿੱਚ ਆਰਜ਼ੀ ਤੌਰ 'ਤੇ ਸੀ.ਐਮ. ਫੈਸੀਲੀਟੇਸ਼ਨ ਸੈਂਟਰ ਸਥਾਪਿਤ ਕੀਤਾ ਗਿਆ ਹੈ। ਇਸ ਸਬੰਧ ਵਿੱਚ ਐਸ.ਡੀ.ਐਮ ਸ਼੍ਰੀ ਵਿਕਾਸ ਹੀਰਾ ਨੇ ਸੀ.ਐਮ. ਫੈਸੀਲੀਟੇਸ਼ਨ ਸੈਂਟਰ ਵਿੱਚ ਤਾਇਨਾਤ ਕੀਤੇ ਗਏ ਕਰਮਚਾਰੀਆਂ ਨਾਲ ਮੀਟਿੰਗ ਕਰਦੇ ਹੋਏ ਹਦਾਇਤ ਕੀਤੀ ਗਈ ਕਿ ਸੇਵਾ ਕੇਂਦਰਾਂ ਜਾਂ ਵੱਖ ਵੱਖ ਸਰਕਾਰੀ ਵਿਭਾਗਾਂ ਵਿੱਚ ਪ੍ਰਸ਼ਾਸਨਿਕ ਸੇਵਾਵਾਂ ਹਾਸਲ ਕਰਨ ਲਈ ਆਉਂਦੇ ਲੋਕਾਂ ਨੂੰ ਦਰਪੇਸ਼ ਮੁਸ਼ਕਲਾਂ ਦੇ ਉਚਿਤ ਹੱਲ ਨੂੰ ਯਕੀਨੀ ਬਣਾਇਆ ਜਾਵੇ। ਉਪ ਮੰਡਲ ਮੈਜਿਸਟਰੇਟ ਸ਼੍ਰੀ ਵਿਕਾਸ ਹੀਰਾ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਯੋਗ ਲਾਭਪਾਤਰੀਆਂ ਨੂੰ ਮੁੱਹਈਆ ਕਰਵਾਈਆਂ ਜਾ ਰਹੀਆਂ ਯੋਜਨਾਵਾਂ ਨੂੰ ਜ਼ਮੀਨੀ ਪੱਧਰ ਤੇ ਲਾਗੂ ਕਰਨ ਲਈ ਲੋਕਾਂ ਨੂੰ ਇਹਨਾਂ ਸਕੀਮਾਂ ਬਾਰੇ ਜਾਣਕਾਰੀ ਪ੍ਰਦਾਨ ਕੀਤੀ ਜਾਵੇ। ਉਹਨਾਂ ਦੱਸਿਆ ਕਿ ਇਸ ਫੈਸੀਲੀਟੇਸ਼ਨ ਕੇਂਦਰ ਦੀ ਸਥਾਪਨਾ ਦਾ ਮਕਸਦ ਲੋਕਾਂ ਦੀ ਹਰ ਪੱਖੋਂ ਸੁਵਿਧਾ ਨੂੰ ਯਕੀਨੀ ਬਣਾਉਣਾ ਹੈ। ਉਹਨਾਂ ਦੱਸਿਆ ਕਿ ਧੂਰੀ ਸਬ ਡਿਵੀਜ਼ਨ ਅਧੀਨ ਆਉਂਦੇ ਪਿੰਡਾਂ ਅਤੇ ਸ਼ਹਿਰੀ ਹਿੱਸੇ ਵਿੱਚ ਵੱਸਦੇ ਲੋਕਾਂ ਨੂੰ ਸਰਵੋਤਮ ਪ੍ਰਸ਼ਾਸਨਿਕ ਸੇਵਾਵਾਂ ਪ੍ਰਦਾਨ ਕਰਨ ਲਈ ਇਸ ਕੇਂਦਰ ਦੀ ਸਥਾਪਨਾ ਕੀਤੀ ਗਈ ਹੈ ਅਤੇ ਲੋਕਾਂ ਨੂੰ ਇਸ ਦਾ ਵੱਧ ਤੋਂ ਵੱਧ ਲਾਭ ਉਠਾਉਣਾ ਚਾਹੀਦਾ ਹੈ। ਐਸਡੀਐਮ ਸ਼੍ਰੀ ਵਿਕਾਸ ਹੀਰਾ ਨੇ ਦੱਸਿਆ ਕਿ ਭਾਵੇਂ ਪੰਜਾਬ ਸਰਕਾਰ ਵੱਲੋਂ ਇਹਨਾਂ ਸਕੀਮਾਂ ਲਈ ਸੇਵਾ ਕੇਂਦਰ ਖੋਲ੍ਹੇ ਗਏ ਹਨ, ਪ੍ਰੰਤੂ ਸੀ.ਐਮ. ਫੈਸੀਲੀਟੇਸ਼ਨ ਸੈਂਟਰ ਵਿੱਚ ਲੋੜਵੰਦ ਵਿਅਕਤੀਆ ਅਤੇ ਸੀਨੀਅਰ ਸਿਟੀਜ਼ਨ ਦਾ ਕੰਮ ਪਹਿਲ ਦੇ ਆਧਾਰ ਉਤੇ ਅਤੇ ਸਹੀ ਤਰੀਕੇ ਨਾਲ ਕਰਵਾਇਆ ਜਾਵੇਗਾ। ਉਨ੍ਹਾਂ ਦੱਸਿਆ ਕਿ ਇਸ ਸੈਂਟਰ ਵਿੱਚ ਕਿਰਤ ਵਿਭਾਗ ਵੱਲੋਂ ਦਿੱਤੀਆਂ ਜਾਂਦੀਆਂ ਸਕੀਮਾਂ ਦੇ ਫਾਰਮ, ਸਿਹਤ ਵਿਭਾਗ ਵੱਲੋਂ ਜਨਮ/ਮੌਤ ਦੇ ਸਰਟੀਫ਼ਿਕੇਟ ਦੇ ਫਾਰਮ ਅਤੇ ਪੁਲਿਸ ਵਿਭਾਗ ਦੇ ਸਾਂਝ ਕੇਂਦਰ ਆਦਿ ਨਾਲ ਸਬੰਧਤ ਕੰਮਾਂ ਦੇ ਫਾਰਮ ਅਤੇ ਮਾਲ ਵਿਭਾਗ ਵੱਲੋਂ ਜਾਰੀ ਕੀਤੇ ਜਾਂਦੇ ਸਰਟੀਫ਼ਿਕੇਟਾਂ ਸਬੰਧੀ ਫਾਰਮ ਬਿਨ੍ਹਾਂ ਕਿਸੇ ਫੀਸ ਦੇ ਭਰੇ ਜਾਣਗੇ। ਇਸ ਤੋਂ ਇਲਾਵਾ ਇਸ ਸੈਂਟਰ ਵਿੱਚ ਮੁੱਖ ਮੰਤਰੀ ਪੰਜਾਬ ਦੇ ਦਫ਼ਤਰ ਵਿਖੇ ਦਿੱਤੀਆਂ ਜਾਣ ਵਾਲੀਆਂ ਦਰਖ਼ਾਸਤਾਂ ਅਤੇ ਮੁੱਖ ਮੰਤਰੀ ਰਲੀਫ਼ ਫੰਡ ਸਬੰਧੀ ਦਰਖ਼ਾਸਤਾਂ ਵੀ ਦਿੱਤੀਆਂ ਜਾ ਸਕਣਗੀਆਂ। ਉਨ੍ਹਾਂ ਦੱਸਿਆ ਕਿ ਇਹਨਾਂ ਕੰਮਾਂ ਲਈ ਸੀ.ਐਮ. ਫੈਸੀਲੀਟੇਸ਼ਨ ਸੈਂਟਰ ਵਿੱਚ ਵੱਖਰੇ-ਵੱਖਰੇ ਕੈਬਿਨ ਸਥਾਪਿਤ ਕੀਤੇ ਗਏ ਹਨ ਜਿਨ੍ਹਾਂ ਵਿੱਚ ਲਾਭਪਾਤਰੀ ਆਪਣਾ ਕੰਮ ਕਰਵਾ ਸਕਣਗੇ।




# ਪੀ.ਐਮ.ਸ੍ਰੀ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਕਾਦੀਆਂ ਵਿਖੇ ਆਨਲਾਈਨ ਵਿੰਟਰ ਕੈਂਪ ਜਾਰੀ : ਪ੍ਰਿੰਸੀਪਲ ਕੌਸ਼ਲ

**ਸ੍ਰੀ ਹਰਗੋਬਿੰਦਪੁਰ ਸਾਹਿਬ ਜੀ 26 ਦਸੰਬਰ ਕੁਲਜੀਤ ਸਿੰਘ ਖੋਖਰ** -ਪੰਜਾਬ ਸਕੂਲ ਸਿੱਖਿਆ ਵਿਭਾਗ ਦੀਆਂ ਹਦਾਇਤਾਂ ਅਨੁਸਾਰ ਸਰਦੀ ਦੇ ਮੌਸਮ ਨੂੰ ਧਿਆਨ ਵਿੱਚ ਰੱਖਦਿਆਂ ਪੰਜਾਬ ਦੇ 223 ਪੀ.ਐਮ.ਸ੍ਰੀ ਸਕੂਲਾਂ 'ਚ 24 ਦਸੰਬਰ ਤੋਂ 31 ਦਸੰਬਰ ਤੱਕ ਆਨਲਾਇਨ ਵਿੰਟਰ ਕੈਂਪ ਲਗਾਇਆ ਜਾ ਰਿਹਾ ਹੈ। ਜਿਸ ਨੂੰ ਮੁੱਖ ਰੱਖਦੇ ਹੋਏ ਪੀਐਮ .ਸ੍ਰੀ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਕਾਦੀਆਂ ਵਿਖੇ ਸਕੂਲ ਪ੍ਰਿੰਸੀਪਲ ਸ੍ਰੀਮਤੀ ਡਾ.ਸੁਨੀਤਾ ਕੌਸ਼ਲ ਜੀ ਦੀ ਅਗਵਾਈ 'ਚ ਵਿੰਟਰ ਕੈਂਪ ਜਾਰੀ ਹੈ। ਇਸ ਦੌਰਾਨ ਗੱਲਬਾਤ ਕਰਦਿਆਂ ਡਾ.ਕੌਸ਼ਲ ਨੇ ਕਿਹਾ ਕਿ ਆਨਲਾਈਨ ਵਿੰਟਰ ਕੈਂਪ 'ਚ ਬੱਚਿਆਂ ਨੂੰ ਸਰਵਪੱਖੀ ਵਿਕਾਸ ਕਰਨ ਦੇ ਮੌਕੇ ਮਿਲਦੇ ਹਨ। ਵਿਦਿਆਰਥੀਆਂ ਨੂੰ ਕੈਂਪਾਂ ਰਾਹੀਂ ਆਪਣੀਆਂ ਅੰਦਰੂਨੀ ਯੋਗਤਾਵਾਂ ਨੂੰ ਉਭਾਰਨ ਲਈ ਵਧੀਆ ਪਲੇਟਫਾਰਮ ਮਿਲਦਾ ਹੈ। ਉਨਾਂ ਕਿਹਾ ਕਿ ਸਕੂਲ ਅਧਿਆਪਕਾਂ ਦੇ ਸਹਿਯੋਗ ਨਾਲ ਵਿਦਿਆਰਥੀਆਂ ਵੱਲੋਂ ਕੈਂਪ ਦੌਰਾਨ ਵੱਖ-ਵੱਖ ਕਲਾ ਕਰੀਤੀਆਂ ਜਿਵੇਂ ਸਟੋਨ ਪੈਂਟਿੰਗ, ਪੋਸਟਰ ਮੇਕਿੰਗ, ਵਾਲ ਹੈਗਿੰਗ, ਬੈਸਟ ਆਊਟ ਆਫ ਵੇਸਟ ਅਤੇ ਹੋਰ ਗਤੀਵਿਧੀਆਂ ਕਰਵਾਈਆਂ ਜਾ ਰਹੀਆਂ ਹਨ ਜਿਸ ਦੀ ਪ੍ਰਦਰਸ਼ਨੀ ਸਕੂਲ ਖੁਲਣ ਉਪਰੰਤ ਸਕੂਲ ਵਿੱਚ ਲਗਾਈ ਜਾਵੇਗੀ।



# ਦਸਮ ਪਿਤਾ ਦੇ ਫਰਜ਼ੰਦਾਂ ਨਾਲ ਸਬੰਧਤ ਸਫਰ ਏ ਸ਼ਹਾਦਤ ਸਮਾਗਮ ਜ਼ਰੂਰੀ, ਵੋਟ ਫਾਰਮ ਭਰਨ ਦਾ ਸਮਾਂ ਅੱਗੇ ਕਰੇ ਚੋਣ ਕਮਿਸ਼ਨ : ਜਥੇਦਾਰ ਦਾਦੂਵਾਲ




25 ਦਸੰਬਰ 2024 ਤਰਾਵੜੀ ਕਰਨਾਲ) ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਧਰਮ ਪ੍ਰਚਾਰ ਵੱਲੋਂ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਮਹਾਰਾਜ ਦੇ ਸਾਹਿਬਜ਼ਾਦਿਆਂ ਨਾਲ ਸੰਬੰਧਿਤ ਸਫਰ ਏ ਸ਼ਹਾਦਤ ਸਮਾਗਮ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਚੇਅਰਮੈਨ ਧਰਮ ਪ੍ਰਚਾਰ ਦੀ ਅਗਵਾਈ ਹੇਠ ਉਲੀਕੇ ਗਏ ਹਨ । ਉਸੇ ਲੜੀ ਤਹਿਤ 25 ਦਸੰਬਰ ਨੂੰ ਗੁਰਦੁਆਰਾ ਸ੍ਰੀ ਸੀਸਗੰਜ ਸਾਹਿਬ ਤਰਾਵੜੀ ਕਰਨਾਲ ਵਿਖੇ ਪੰਥ ਪ੍ਰਸਿੱਧ ਰਾਗੀ ਕਵੀਸ਼ਰੀ ਜਥਿਆਂ ਵੱਲੋਂ ਬੈਰਾਗਮਈ ਅਤੇ ਬੀਰ ਰਸ ਗਾਇਨ ਨਾਲ ਦੂਰੋਂ ਨੇੜਿਓਂ ਆਈ ਸੰਗਤਾਂ ਨੂੰ ਹਰਿ ਜਸ ਦੇ ਰੰਗ ਵਿੱਚ ਰੰਗਿਆ ਗਿਆ । ਕੀਰਤਨੀਏ ਅਤੇ ਕਵੀਸ਼ਰੀਆਂ ਦੇ ਗਾਉਣ ਦੇ ਤਰੀਕੇ ਨੇ ਸੰਗਤਾਂ ਨੂੰ ਇਸ ਕਦਰ ਗੁਰੂ ਦੇ ਰੰਗ ਚ ਰੰਗਿਆ ਤੇ ਇਸ ਤਰਾਂ ਮਹਿਸੂਸ ਹੋਇਆ ਕੇ ਸੰਗਤਾਂ ਵਿੱਚ ਗੁਰੂ ਸਾਹਿਬ ਆਪ ਹੀ ਵਿਚਰ ਰਹੇ ਹੋਣ । ਗੁਰੂ ਸਾਹਿਬ ਦਾ ਬਚਨ ਵੀ ਹੈ

> **" ਮਿਲਿ ਸਤਸੰਗਤਿ ਖੋਜੁ ਦਸਾਈ ਵਿਚਿ ਸੰਗਤਿ ਹਰਿ ਪ੍ਰਭੁ ਵਸੈ ਜੀਉ "**

> ## ਜਥੇਦਾਰ ਦਾਦੂਵਾਲ ਨੇ ਸ਼ਹੀਦੀ ਦਿਹਾੜਿਆਂ ਨੂੰ ਚੋਣ ਅਖਾੜਾ ਬਣਾਉਣ ਤੇ ਚੋਣ ਕਮਿਸ਼ਨਰ ਭੱਲਾ 'ਤੇ ਕੀਤਾ ਇਤਰਾਜ਼

ਇਸ ਮੌਕੇ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਨੇ ਸੰਗਤਾਂ ਦੇ ਮੁਖਾਤਿਬ ਹੁੰਦਿਆ ਦੱਸਿਆ ਕੇ ਸ੍ਰੀ ਗੁਰੂ ਗੋਬਿੰਦ ਸਿੰਘ ਮਹਾਰਾਜ ਜੀ ਦੇ ਸਾਹਿਬਜ਼ਾਦਿਆਂ ਦੇ ਸ਼ਹੀਦੀ ਦਿਹਾੜੇ ਮਨਾਉਣੇ ਜ਼ਰੂਰੀ ਹਨ । ਜਥੇਦਾਰ ਜੀ ਨੇ ਕਿਹਾ ਕਿ ਚੋਣ ਕਮਿਸ਼ਨ ਨੂੰ ਉਮੀਦਵਾਰੀ ਵੋਟ ਫਾਰਮ ਭਰਨ ਦੀ ਤਾਰੀਖ ਅੱਗੇ ਕਰਨੀ ਚਾਹੀਦੀ ਹੈ ਉਨਾਂ ਕਿਹਾ ਕੇ ਮੇਰੇ ਲਈ ਮੈਂਬਰ ਪ੍ਰਧਾਨਗੀਆਂ ਦੇ ਅਹੁਦੇ ਕੋਈ ਅਹਿਮੀਅਤ ਨਹੀਂ ਰੱਖਦੇ ਕਿਉਂਕਿ ਪਿਛਲੇ ਤਿੰਨ ਦਹਾਕਿਆਂ ਤੋਂ ਲਗਾਤਾਰ ਸਿੱਖ ਕੌਮ ਤੇ ਸਾਂਝੀਵਾਲਤਾ ਦਾ ਧਰਮ ਪ੍ਰਚਾਰ ਕਰਦੇ ਆ ਰਹੇ ਹਨ ਜਿਸ ਬਾਰੇ ਸਰਬੱਤ ਸੰਗਤਾਂ ਸਭ ਕੁਝ ਭਲੀ ਭਾਤ ਜਾਣਦੀਆਂ ਹਨ । ਜਥੇਦਾਰ ਜੀ ਨੇ ਸਿੱਧੇ ਸ਼ਬਦਾਂ ਵਿੱਚ ਕਿਹਾ ਕੇ ਸਾਨੂੰ ਸੰਗਤਾਂ ਬਹੁਮਤ ਦੇਣ ਚਾਹੇ ਨਾ ਦੇਣ ਪਰ ਸਾਡਾ ਸਿੱਖ ਕੌਮ ਲਈ ਪ੍ਰਚਾਰ ਬਾ-ਦਸਤੂਰ ਇਸੇ ਤਰੀਕੇ ਨਾਲ ਜਾਰੀ ਰਹੇਗਾ ਜਿਵੇਂ ਪਿਛਲੇ ਤਿੰਨ ਦਹਾਕਿਆਂ ਤੋਂ ਲਗਾਤਾਰ ਚੱਲ ਰਿਹਾ ਹੈ ਜ਼ਿਕਰਯੋਗ ਹੈ ਕਿ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਜਦੋਂ ਦੇ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਵਿੱਚ ਬਤੌਰ ਧਰਮ ਪ੍ਰਚਾਰ ਦੇ ਚੇਅਰਮੈਨ ਵਜੋਂ ਵਿਚਰ ਰਹੇ ਹਨ ਉਦੋਂ ਦੀ ਸਬੰਧਤ ਕਮੇਟੀ ਵਿੱਚ ਪ੍ਰਚਾਰ ਦੀ ਲਹਿਰ ਹਰਿਆਣੇ ਦੇ ਕੋਨੇ ਕੋਨੇ ਤੱਕ ਪਹੁੰਚ ਰਹੀ ਹੈ ਅਤੇ ਸਿੱਖ ਸੰਗਤਾਂ ਸੰਤੁਸ਼ਟ ਨਜ਼ਰ ਆ ਰਹੀਆਂ ਹਨ ਅਤੇ ਉਨਾਂ ਦਾ ਪੂਰਾ ਸਹਿਯੋਗ ਜਥੇਦਾਰ ਦਾਦੂਵਾਲ ਜੀ ਨੂੰ ਮਿਲ ਰਿਹਾ ਹੈ ਜਿਸ ਤੋਂ ਮਹਿਸੂਸ ਹੁੰਦਾ ਹੈ ਕੇ ਹਰਿਆਣਾ ਦੀਆਂ ਸਿੱਖ ਸੰਗਤਾਂ ਜਥੇਦਾਰ ਦਾਦੂਵਾਲ ਜੀ ਅਤੇ ਉਨਾਂ ਦੇ ਹੋਰ ਸਾਥੀਆਂ ਨੂੰ ਪੂਰਨ ਬਹੁਮਤ ਨਾਲ ਜਿਤਾ ਕੇ ਧਰਮ ਪ੍ਰਚਾਰ ਦੀ ਲਹਿਰ ਨੂੰ ਹੋਰ ਅੱਗੇ ਲਿਜਾਣ ਦਾ ਫਤਵਾ ਦੇਣਗੇ ।

**-ਪਰਗਟ ਸਿੰਘ ਬਲਬੇੜਾ, 9022000070**

# ਮੁਖਤਾਰ ਸਿੰਘ ਕੰਗ ਯਾਦਗਾਰੀ ਐਵਾਰਡ ਸ਼ੇਲਿੰਦਰਜੀਤ ਸਿੰਘ ਰਾਜਨ ਨੂੰ ਅਤੇ ਮਾਤਾ ਕੁਲਵੰਤ ਕੌਰ ਯਾਦਗਾਰੀ ਐਵਾਰਡ ਸੁਖਵੰਤ ਕੌਰ ਵੱਸੀ ਨੂੰ ਦਿੱਤਾ ਜਾਵੇਗਾ

## ਲੇਖਕ ਅਦਾਕਾਰ ਕਲਾ ਮੰਚ ਖਡੂਰ ਸਾਹਿਬ ਵੱਲੋਂ ਸਾਹਿਤਕ ਸਮਾਗਮ 29 ਦਸੰਬਰ ਨੂੰ

**ਚੌਕ ਮਹਿਤਾ, 26 ਦਸੰਬਰ (ਬਾਬਾ ਸੁਖਵੰਤ ਸਿੰਘ ਚੰਨਣਕੇ)-**ਲੇਖਕ ਅਦਾਕਾਰ ਕਲਾ ਮੰਚ ਖਡੂਰ ਸਾਹਿਬ ਵੱਲੋਂ ਪੰਜਾਬੀ ਸਾਹਿਤ ਸਭਾ ਬਾਬਾ ਬਕਾਲਾ ਸਾਹਿਬ ਦੇ ਸਹਿਯੋਗ ਨਾਲ ਨਵੇਂ ਸਾਲ ਦੀ ਆਮਦ ਨੰ ਮੁੱਖ ਰੱਖਦਿਆਂ ਅਤੇ ਪੁਰਾਣੇ ਸਾਲ ਨੂੰ ਅਲਵਿਦਾ ਕਹਿਣ ਲਈ ਇਕ ਸਾਹਿਤਕ ਸਮਾਗਮ 29 ਦਸੰਬਰ, ਦਿਨ ਐਤਵਾਰ ਨੂੰ ਬਾਬਾ ਮੱਖਣ ਸ਼ਾਹ ਲੁਬਾਣਾ ਸਰਾਂ ਬਾਬਾ ਬਕਾਲਾ ਸਾਹਿਬ ਵਿਖੇ ਸਵੇਰੇ 11 ਵਜੇ ਕਰਵਾਇਆ ਜਾ ਰਿਹਾ ਹੈ । ਮੰਚ ਦੇ ਪ੍ਰਧਾਨ ਗੁਰਪ੍ਰੀਤ ਸਿੰਘ ਮੱਲੇਵਾਲ, ਸਕੱਤਰ ਸਿੰਘ ਪੁਰੇਵਾਲ, ਸੁਲੱਖਣ ਸਿੰਘ ਦਿਓਲ, ਡਾ: ਰਮਨ ਕੁਮਾਰ ਅਤੇ ਲਖਵਿੰਦਰ ਸਿੰਘ ਉੱਪਲ ਦੀ ਸੂਚਨਾ ਅਨੁਸਾਰ ਇਸ ਮੌਕੇ ਪਹਿਲਾ ਸ: ਮੁਖਤਾਰ ਸਿੰਘ ਕੰਗ ਯਾਦਗਾਰੀ ਐਵਾਰਡ ਕੇਂਦਰੀ ਪੰਜਾਬੀ ਲੇਖਕ ਸਭਾ ਦੇ ਮੀਤ ਪ੍ਰਧਾਨ, ਪੰਜਾਬੀ ਸਾਹਿਤ ਸਭਾ ਬਾਬਾ ਬਕਾਲਾ ਸਾਹਿਬ ਦੇ ਮੁੱਖ ਸੰਚਾਲਕ, ਉੱਘੇ ਲੇਖਕ ਤੇ ਪੱਤਰਕਾਰ ਸ: ਸ਼ੇਲਿੰਦਰਜੀਤ ਸਿੰਘ ਰਾਜਨ ਨੂੰ ਦਿੱਤਾ ਜਾਵੇਗਾ, ਜਦਕਿ ਪਲੇਠਾ ਮਾਤਾ ਕੁਲਵੰਤ ਕੌਰ ਯਾਦਗਾਰੀ ਐਵਾਰਡ ਪੰਜਾਬੀ ਸਾਹਿਤ ਸਭਾ ਬਾਬਾ ਬਕਾਲਾ ਸਾਹਿਬ ਦੇ ਪ੍ਰਧਾਨ (ਮਹਿਲਾ ਵਿੰਗ) ਮੈਡਮ ਸੁਖਵੰਤ ਕੌਰ ਵੱਸੀ ਨੂੰ ਦਿੱਤਾ ਜਾਵੇਗਾ । ਉਪਰੰਤ ਹਾਜ਼ਰੀਨ ਵੱਲੋਂ ਕਵੀ ਦਰਬਾਰ ਹੋਵੇਗਾ ।



ਛੋਟੇ ਸਾਹਿਬਜ਼ਾਦਿਆਂ ਨੂੰ ਠੰਡੇ ਬੁਰਜ 'ਚ ਗਰਮ ਦੁੱਧ ਪਿਲਾਉਣ ਦੀ ਸੇਵਾ ਕਰਨ ਵਾਲੇ

# ਮੋਤੀ ਮਹਿਰੇ ਦੀ ਕੁਰਬਾਨੀ ਨੂੰ ਸਿੱਖ ਕੌਮ ਸਦਾ ਹੀ ਯਾਦ ਰੱਖੇਗੀ : ਭਾਈ ਖਾਲਸਾ, ਭਾਈ ਜਗਰਾਉਂ



**ਜੰਡਿਆਲਾ ਗੁਰੂ, 26 ਦਸੰਬਰ ( ਕੁਲਵੰਤ ਸਿੰਘ ਵਿਰਦੀ)**-ਜ਼ਾਲਮ ਹਕੂਮਤ ਨੇ ਸਰਬੰਸਦਾਨੀ ਸ੍ਰੀ ਗੁਰੂ ਗੋਬਿੰਦ ਸਿੰਘ ਸਾਹਿਬ ਜੀ ਦੇ ਛੋਟੇ ਸਾਹਿਬਜ਼ਾਦੇ ਬਾਬਾ ਜ਼ੋਰਾਵਰ ਸਿੰਘ ਅਤੇ ਬਾਬਾ ਫਤਿਹ ਸਿੰਘ ਜੀ ਨੂੰ ਫ਼ੜ ਕੇ ਠੰਡੇ ਬੁਰਜ ਵਿੱਚ ਕੈਦ ਕਰ ਦਿੱਤਾ ਜਿਥੇ ਠੰਡ ਦਾ ਕਹਿਰ ਵਰਤ ਰਿਹਾ ਸੀ ਅਤੇ ਜ਼ਾਲਮ ਹਕੂਮਤ ਦੇ ਹੁਕਮਾਂ ਦੀ ਪ੍ਰਵਾਹ ਨਾ ਕਰਦਿਆਂ ਮੋਤੀ ਮਹਿਰੇ ਨੇ ਗਰਮ ਗਰਮ ਦੁੱਧ ਪਿਲਾਉਣ ਦੀ ਸੇਵਾ ਕਰਕੇ ਆਪਣੇ ਸਾਰੇ ਪਰਿਵਾਰ ਸ਼ਹੀਦ ਕਰਵਾ ਲਿਆ, ਇਸ ਕਰਕੇ ਸਿੱਖ ਕੌਮ ਉਹਨਾਂ ਦੀ ਕੀਤੀ ਕੁਰਬਾਨੀ ਨੂੰ ਕਦੇ ਭੁਲਾ ਨਹੀਂ ਸਕਦੀ ਅਤੇ ਉਹਨਾਂ ਦੀ ਕੁਰਬਾਨੀ ਨੂੰ ਯਾਦ ਕਰਨ ਹਿੱਤ ਪਿੰਡਾਂ ਪਿੰਡਾਂ ਦੀਆਂ ਸਿੱਖ ਸੰਗਤਾਂ ਛੋਟੇ ਸਾਹਿਬਜ਼ਾਦਿਆਂ ਦੇ ਸ਼ਹੀਦੀ ਦਿਹਾੜੇ ਤੇ ਦੁੱਧ ਦੇ ਲੰਗਰ ਲਾ ਕੇ ਦੇਸ਼ਾਂ ਵਿਦੇਸ਼ਾਂ ਦੀਆਂ ਸੰਗਤਾਂ ਨੂੰ ਸ਼ਰਧਾ ਭਾਵਨਾਵਾਂ ਨਾਲ ਛਕਾਉਦੀਆਂ ਹਨ ਅਤੇ ਸੰਗਤਾਂ ਦੁੱਧ ਛੱਕਕੇ ਜਿਥੇ ਛੋਟੇ ਸਾਹਿਬਜ਼ਾਦਿਆਂ ਦੀ ਮਹਾਨ ਸ਼ਹਾਦਤ ਨੂੰ ਸ਼ਰਧਾ ਦੇ ਫੁੱਲ ਭੇਟ ਕਰਦੀਆਂ ਹਨ ਉਥੇ ਭਾਈ ਮੋਤੀ ਰਾਮ ਮਹਿਰੋਂ ਵੱਲੋਂ ਦੁੱਧ ਪਿਲਾਉਣ ਦੀ ਕੀਤੀ ਸੇਵਾ ਨੂੰ ਯਾਦ ਕਰਦੀਆਂ ਹਨ, ਇਸ ਕਰਕੇ ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਖਾਲਸਾ ਜਿਥੇ ਮੋਤੀ ਰਾਮ ਮਹਿਰੋਂ ਦੀ ਕੁਰਬਾਨੀ ਨੂੰ ਸਲਾਮ ਕਰਦੀ ਹੈ ਉਥੇ ਲੋਕਾਂ ਨੂੰ ਅਪੀਲ ਕਰਦੀ ਹੈ ਕਿ ਆਪਣੇ ਬੱਚਿਆਂ ਨੂੰ ਛੋਟੇ ਸਾਹਿਬਜ਼ਾਦਿਆਂ ਨੂੰ ਦੁੱਧ ਪਿਲਾਉਣ ਵਾਲੇ ਮੋਤੀ ਮਹਿਰੇ ਦੀ ਕੀਤੀ ਸੇਵਾ ਸਬੰਧੀ ਜਾਗਰੂਕ ਕਰਨ ਦੀ ਲੋੜ ਤੇ ਜ਼ੋਰ ਦੇਣ, ਇਹਨਾਂ ਸ਼ਬਦਾਂ ਦਾ ਪ੍ਰਗਟਾਵਾਂ ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਖਾਲਸਾ ਦੇ ਸੀਨੀਅਰ ਆਗੂ ਭਾਈ ਸੁਖਦੇਵ ਸਿੰਘ ਫ਼ੌਜੀ ਜਗਰਾਉਂ ਵੱਲੋਂ ਕੁਝ ਸਕੂਲਾਂ ਤੇ ਕਈ ਪਿੰਡਾਂ ਦੇ ਸੰਯੋਗ ਨਾਲ ਦੁੱਧ ਦੀ ਸੇਵਾ ਕਰਨ ਵਾਲੇ ਮਹਾਨ ਕਾਰਜ ਦੀ ਸ਼ਲਾਘਾ ਕਰਦਿਆਂ ਇੱਕ ਲਿਖਤੀ ਪ੍ਰੈਸ ਬਿਆਨ ਰਾਹੀਂ ਦਿੱਤੀ, ਭਾਈ ਖਾਲਸਾ ਨੇ ਦੱਸਿਆ ਭਾਈ ਸੁਖਦੇਵ ਸਿੰਘ ਫ਼ੌਜੀ ਜਗਰਾਉਂ ਵੱਲੋਂ ਸੀਨੀਅਰ ਸੈਕੰਡਰੀ ਸਕੂਲ ਐਮੀਨੈਸ ਜਗਰਾਉਂ ਦੇ ਪ੍ਰਿੰਸੀਪਲ ਡਾਕਟਰ ਸੁਰਿੰਦਰਜੀਤ ਸਿੰਘ,ਵਾਇਸ ਪ੍ਰਿੰਸੀਪਲ ਗੁਰਵਿੰਦਰ ਕੌਰ ਗੁਨਸ ਕੈਂਪ ਕਮਾਂਡਰ, ਕੋਠੇ ਸ਼ੇਰ ਜੰਗ ਦੇ ਭਾਈ ਜਸਬੀਰ ਸਿੰਘ ਪਾਠੀ ਸਿੰਘ ਤੇ ਨਗਰ ਦੀਆਂ ਸੰਗਤਾਂ ਸਮੇਤ ਸੁਖਮਣੀ ਸਾਹਿਬ ਦੇ ਪਾਠ ਕਰਨ ਵਾਲੀਆਂ ਬੀਬੀਆਂ ਦੇ ਨਾਲ ਨਾਲ ਹੋਰ ਸ਼ਰਧਾਲੂਆਂ ਵੱਲੋਂ ਵੀ ਦੁੱਧ ਦੀ ਸੇਵਾ ਕੀਤੀ ਗਈ ,ਜਿਸ ਨੂੰ ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਖਾਲਸਾ ਦੇ ਸੀਨੀਅਰ ਆਗੂ ਭਾਈ ਸੁਖਦੇਵ ਸਿੰਘ ਫ਼ੌਜੀ ਜਗਰਾਉਂ ਵੱਲੋਂ ਫਤਿਹਗੜ ਸਾਹਿਬ ਵਿਖੇ ਪਹੁੰਚਾਇਆ ਗਿਆ, ਭਾਈ ਖਾਲਸਾ ਨੇ ਦੱਸਿਆ ਭਾਈ ਸੁਖਦੇਵ ਸਿੰਘ ਫ਼ੌਜੀ ਜਗਰਾਉਂ ਵੱਲੋਂ ਇਹ ਦੁੱਧ ਦੀ ਸੇਵਾ ਹਰ ਸਾਲ ਛੋਟੇ ਸਾਹਿਬਜ਼ਾਦਿਆਂ ਦੇ ਸ਼ਹੀਦੀ ਦਿਹਾੜੇ ਤੇ ਫਤਿਹਗੜ੍ਹ ਸਾਹਿਬ ਵਿਖੇ ਪਹੁੰਚਾਈ ਜਾਂਦੀ ਹੈ ਅਤੇ ਇਸੇ ਕੜੀ ਤਹਿਤ ਉਨ੍ਹਾਂ ਵੱਲੋਂ ਦੁੱਧ, ਖੰਡ, ਬਿਸਕੁਟ, ਮੱਠੀਆਂ ਤੇ ਬਦਾਮਾਂ ਦੀ ਸੇਵਾ ਅੱਜ਼ ਫਤਿਹ ਗੜ ਸਾਹਿਬ ਦੀ ਪਵਿੱਤਰ ਧਰਤੀ ਤੇ ਪਹੁਚਾਕੇ ਛੋਟੇ ਸਾਹਿਬਜ਼ਾਦਿਆਂ ਦੀ ਸ਼ਹਾਦਤ ਨੂੰ ਸਲਾਮ ਕੀਤਾ ਗਿਆ ਅਤੇ ਮੋਤੀ ਮਹਿਰੇ ਵੱਲੋਂ ਸਾਹਿਬ ਜ਼ਾਦਿਆਂ ਨੂੰ ਗਰਮ ਗਰਮ ਦੁੱਧ ਪਿਲਾਉਣ ਵਾਲੀ ਕੀਤੀ ਮਹਾਨ ਸੇਵਾ ਨੂੰ ਯਾਦ ਕਰਦਿਆਂ ਸੰਗਤਾਂ ਨੂੰ ਦੁੱਧ ਦੀ ਸੇਵਾ ਕੀਤੀ ਗਈ, ਇਸ ਵਕਤ ਉਹਨਾਂ ਨਾਲ ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਖਾਲਸਾ ਦੇ ਕੌਮੀ ਪ੍ਰਧਾਨ ਭਾਈ ਵਿਰਸਾ ਸਿੰਘ ਖਾਲਸਾ, ਬਾਬਾ ਗੁਰਮੀਤ ਸਿੰਘ ਤੋਂ ਇਲਾਵਾ ਹੋਰ ਆਗੂ ਹਾਜ਼ਰ ਸਨ।

ਐੱਸ. ਜੀ. ਐੱਨ. ਇੰਟਰਨੈਸ਼ਨਲ ਸਕੂਲ ਦੀਵਾਨਾ ਵੱਲੋਂ

# ਧਾਰਮਿਕ ਪ੍ਰੋਗਰਾਮ ਕਰਵਾਇਆ




ਬਰਨਾਲਾ -(ਵਰਿਆਮ ਹਠੂਰ) ਇਲਾਕੇ ਦੀ ਨਾਮਵਰ ਵਿੱਦਿਅਕ ਸੰਸਥਾ ਐੱਸ ਜੀ. ਐੱਨ. ਇੰਟਰਨੈਸ਼ਨਲ ਸਕੂਲ ਦੀਵਾਨਾ ਦੇ ਵਿਦਿਆਰਥੀਆਂ ਅਤੇ ਸਟਾਫ਼ ਨੇ ਚਾਰ ਸਾਹਿਬਜ਼ਾਦਿਆਂ ਅਤੇ ਮਾਤਾ ਗੁਜ਼ਰ ਕੌਰ ਦੀ ਯਾਦ ਵਿੱਚ ਧਾਰਮਿਕ ਪ੍ਰੋਗਰਾਮ ਕਰਵਾਇਆ ਇਸ ਮੌਕੇ ਸਕੂਲ ਵਿਦਿਆਰਥੀਆਂ ਵੱਲੋਂ ਕਵੀਸ਼ਰੀ ਅਤੇ ਕਵਿਤਾਵਾਂ ਦਾ ਗਾਇਨ ਕੀਤਾ। ਇਸ ਤੋਂ ਉਪਰੰਤ ਨੇਤਰਹੀਣ ਆਸ਼ਰਮ ਚੰਦੂਆਣਾ ਸਾਹਿਬ ਵੱਲੋਂ ਸੰਗਤਾਂ ਨੂੰ ਸਾਹਿਬਜ਼ਾਦਿਆਂ ਨਾਲ ਸੰਬੰਧਿਤ ਕੀਰਤਨ ਗਾਇਨ ਕਰਕੇ ਸਿੱਖ ਇਤਾਹਾਸ ਦੇ ਸ਼ਾਨਮੱਤੇ ਇਤਿਹਾਸ ਬਾਰੇ ਚਾਨਣਾ ਪਾਇਆ। ਇਸ ਮੌਕੇ ਬੋਲਦਿਆਂ ਪ੍ਰਿੰਸੀਪਲ ਮੱਖਣ ਸਿੰਘ ਵੱਲੋਂ ਦੱਸਿਆ ਗਿਆ ਕਿ ਸਿੱਖ ਇਤਿਹਾਸ ਬੜਾ ਕੁਰਬਾਨੀਆਂ ਭਰਿਆ ਹੈ ਇਸ ਵਿੱਚ ਛੋਟੇ ਬਾਲਾਂ ਤੋਂ ਲੈ ਕੇ ਬਿਰਧ ਅਵਸਥਾ ਤੱਕ ਸ਼ਹੀਦੀਆਂ ਦਾ ਇਤਿਹਾਸ ਹੈ ਸਿੱਖ ਇਤਿਹਾਸ ਅਜਿਹਾ ਅਦੁੱਤੀ ਉਦਾਹਰਨ ਹੈ ਜਿਸ ਵਿੱਚ ਆਪਣੇ ਧਰਮ ਲਈ ਤਾਂ ਕੁਰਬਾਨੀਆਂ ਦਿੱਤੀਆਂ ਹੀ ਹਨ ਪਰ ਹੋਰ ਧਰਮਾਂ ਲਈ ਵੀ ਕੁਰਬਾਨੀਆਂ ਦਿੱਤੀਆਂ ਗਈਆਂ ਹਨ ਜਿਸ ਦੀ ਇਤਿਹਾਸ ਵਿੱਚ ਹੋਰ ਕਿਧਰੇ ਵੀ ਉਦਾਹਰਣ ਮਿਲਣੀ ਮੁਸ਼ਕਿਲ ਹੈ। ਅੰਤ ਵਿੱਚ ਨੇਤਰਹੀਣ ਆਸ਼ਰਮ ਚੰਦੂਆਣਾ ਸਾਹਿਬ ਵੱਲੋਂ ਆਏ ਜਥੇ ਦਾ ਸਿਰੋਪਾਓ ਦੀ ਬਖਸ਼ਿਸ਼ ਕਰਕੇ ਸਨਮਾਨ ਕੀਤਾ ਗਿਆ।






# ਭਾਜਪਾ ਆਗੂ ਵੱਲੋਂ ਕੱਚਾ ਕਾਲਜ ਰੋਡ ਬਰਨਾਲਾ ਵਿਖੇ ਚਾਹ ਦਾ ਲੰਗਰ ਲਗਾ ਕੇ ਮਨਾਇਆ ਵੀਰ ਬਾਲ ਦਿਵਸ - ਇੰਜ ਸਿੱਧੂ




**ਬਰਨਾਲਾ ( ਰਣਜੀਤ ਸਿੰਘ ਪੇਧਨੀ )**-ਦਸਮ ਪਿਤਾ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਛੋਟੇ ਗਵਸਾਹਿਬਜ਼ਾਦਿਆਂ ਬਾਬਾ ਜ਼ੋਰਾਵਰ ਸਿੰਘ ਜੀ ਬਾਬਾ ਫਤਿਹ ਸਿੰਘ ਵੱਲੋ ਦੇਸ ਅਤੇ ਧਰਮ ਦੀ ਰੱਖਿਆ ਲਈ ਦਿੱਤੇ ਸਰਵਉਚ ਬਲੀਦਾਨ ਨੂੰ ਯਾਦ ਕਰਦਿਆਂ ਭਾਜਪਾ ਦੇ ਹਲਕਾ ਇਚਾਰਜ ਭਦੌੜ ਕੈਪਟਨ ਗੁਰਜਿੰਦਰ ਸਿੰਘ ਸਿੱਧੂ ਅਤੇ ਸਮਾਜ ਸੇਵੀ ਸਾਥੀਆਂ ਵੱਲੋਂ ਕੱਚਾ ਕਾਲਜ ਰੋਡ ਤੇ ਚਾਹ , ਰਸ ਅਤੇ ਮਠੀਆ ਦਾ ਲੰਗਰ ਲਗਾਇਆ ਗਿਆ। ਇਸ ਮੌਕੇ ਸਿੱਧੂ ਨੇ ਕਿਹਾ ਕਿ ਅਸੀਂ ਧੰਨਵਾਦੀ ਹਾਂ ਦੇਸ ਦੇ ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ ਜੀ ਦਾ ਜਿਨਾ ਨੇ ਦੇਸ ਕੌਮ ਲਈ ਦਸਮ ਪਿਤਾ ਦੇ ਛੋਟੇ ਸਾਹਿਜਾਦਿਆਂ ਨੇ ਛੋਟੀਆਂ ਛੋਟੀਆਂ ਜਿੰਦਾਂ ਨੇ ਲਾਸਾਨੀ ਸ਼ਹਾਦਤ ਦਿੱਤੀ ਸੀ ਉਹਨਾਂ ਦੀ ਨਿੱਘੀ ਅਤੇ ਪਿਆਰੀ ਯਾਦ ਨੂੰ ਸਮਰਪਿਤ ਵੀਰ ਬਾਲ ਦਿਵਸ ਘੋਸਤ ਕੀਤਾ ਜਿਸਨੂੰ ਪੂਰੇ ਭਾਰਤ ਦੇਸ ਵਿੱਚ ਪੂਰੀ ਸ਼ਰਧਾ ਨਾਲ ਮੰਨਾਇਆ ਜਾਦਾ ਹੈ ਇਸ ਮੌਕੇ ਸੁਨੀਲ ਕੁਮਾਰ ਰਾਮ ਗੋਪਾਲ ਗੋਬਿੰਦ ਰਾਮ ਵਿਕਾਸ ਕੁਮਾਰ ਨਰੇਸ ਕੁਮਾਰ ਰੋਹਿਤ ਬਾਂਸਲ ਉਮ ਕੁਮਾਰ ਪ੍ਰਸੋਤਮ ਦਾਸ ਰੁਪਿੰਦਰ ਕੌਰ ਅਮਨਦੀਪ ਕੌਰ ਹਾਜਰ ਸਨ।

# ਡਿਪਟੀ ਕਮਿਸ਼ਨਰ ਵੱਲੋਂ ਸਮੂਹ ਤਹਿਸੀਲਦਾਰਾਂ/ਨਾਇਬ ਤਹਿਸੀਲਦਾਰਾਂ ਨੂੰ ਰਜਿਸਟਰੀਆਂ, ਇੰਤਕਾਲਾਂ ਦੇ ਕੰਮ ਵਿੱਚ ਤੇਜ਼ੀ ਲਿਆਉਣ ਦੇ ਨਿਰਦੇਸ਼ ਜਾਰੀ




**ਸ੍ਰੀ ਹਰਗੋਬਿੰਦਪੁਰ ਸਾਹਿਬ ਜੀ, 26 ਦਸੰਬਰ (ਕੁਲਜੀਤ ਸਿੰਘ ਖੋਖਰ)**-ਡਿਪਟੀ ਕਮਿਸ਼ਨਰ ਗੁਰਦਾਸਪੁਰ ਸ੍ਰੀ ਉਮਾ ਸ਼ੰਕਰ ਗੁਪਤਾ ਨੇ ਜ਼ਿਲ੍ਹੇ ਦੇ ਸਮੂਹ ਤਹਿਸੀਲਦਾਰਾਂ/ਨਾਇਬ ਤਹਿਸੀਲਦਾਰਾਂ ਨੂੰ ਹਦਾਇਤ ਕੀਤੀ ਹੈ ਕਿ ਉਹ ਰਜਿਸਟਰੀਆਂ, ਇੰਤਕਾਲਾਂ ਦੇ ਕੰਮ ਵਿੱਚ ਤੇਜ਼ੀ ਲਿਆਉਣ। ਡਿਪਟੀ ਕਮਿਸ਼ਨਰ ਅੱਜ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਦੇ ਕਾਨਫਰੰਸ ਹਾਲ ਵਿੱਚ ਰੈਵੀਨਿਊ ਵਿਭਾਗ ਦੇ ਕੰਮਾਂ ਦਾ ਰੀਵਿਊ ਕਰਨ ਲਈ ਵਿਸ਼ੇਸ਼ ਮੀਟਿੰਗ ਕਰ ਰਹੇ ਸਨ। ਇਸ ਮੀਟਿੰਗ ਵਿੱਚ ਵਧੀਕ ਡਿਪਟੀ ਕਮਿਸ਼ਨਰ (ਜਨਰਲ) ਸ੍ਰੀ ਹਰਜਿੰਦਰ ਸਿੰਘ ਬੇਦੀ, ਐੱਸ.ਡੀ.ਐੱਮ ਦੀਨਾਨਗਰ ਸ. ਜਸਪਿੰਦਰ ਸਿੰਘ, ਐੱਸ.ਡੀ.ਐੱਮ. ਬਟਾਲਾ ਵਿਕਰਮਜੀਤ ਸਿੰਘ, ਐੱਸ.ਡੀ.ਐੱਮ. ਕਲਾਨੌਰ ਸ੍ਰੀਮਤੀ ਜਿਯੋਤਸਨਾ ਸਿੰਘ, ਐੱਸ.ਡੀ.ਐੱਮ. ਫ਼ਤਹਿਗੜ੍ਹ ਚੂੜੀਆਂ ਸ੍ਰੀਮਤੀ ਵੀਰਪਾਲ ਕੌਰ ਅਤੇ ਜ਼ਿਲ੍ਹੇ ਦੇ ਸਮੂਹ ਤਹਸੀਲਦਾਰ ਅਤੇ ਨਾਇਬ ਤਹਿਸੀਲਦਾਰ ਹਾਜ਼ਰ ਸਨ। ਮੀਟਿੰਗ ਦੌਰਾਨ ਡਿਪਟੀ ਕਮਿਸ਼ਨਰ ਨੇ ਕਿਹਾ ਕਿ ਪੰਜਾਬ ਸਰਕਾਰ ਦੀਆਂ ਹਦਾਇਤਾਂ ਅਨੁਸਾਰ ਝਗੜਾ ਰਹਿਤ ਇੰਤਕਾਲਾਂ ਦਾ ਫ਼ੈਸਲਾ 45 ਦਿਨਾਂ ਦੇ ਅੰਦਰ ਕਰਨਾ ਲਾਜ਼ਮੀ ਹੈ। ਉਨ੍ਹਾਂ ਜ਼ਿਲ੍ਹੇ ਦੇ ਤਹਿਸੀਲਦਾਰਾਂ ਅਤੇ ਨਾਇਬ ਤਹਿਸੀਲਦਾਰਾਂ ਨੂੰ ਹਦਾਇਤ ਕੀਤੀ ਕਿ ਇਸ ਸਬੰਧੀ ਵਿਸ਼ੇਸ਼ ਮੁਹਿੰਮ ਚਲਾਈ ਜਾਵੇ ਅਤੇ ਇੱਕ ਮਹੀਨੇ ਅੰਦਰ ਅਜਿਹੇ ਸਾਰੇ ਕੇਸਾਂ ਦਾ ਨਿਪਟਾਰਾ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਜੇਕਰ 45 ਦਿਨ ਦੀ ਸਮਾਂ ਸੀਮਾ ਤੋਂ ਵੱਧ ਕੋਈ ਝਗੜਾ ਰਹਿਤ ਇੰਤਕਾਲ ਕਿਸੇ ਤਹਿਸੀਲ/ਸਬ-ਤਹਿਸੀਲ ਵਿੱਚ ਪੈਂਡਿੰਗ ਪਾਇਆ ਜਾਂਦਾ ਹੈ ਤਾਂ ਇਸ ਲਈ ਜ਼ਿੰਮੇਵਾਰੀ ਸਬੰਧਿਤ ਅਧਿਕਾਰੀ/ਕਰਮਚਾਰੀ ਦੀ ਹੋਵੇਗੀ। ਮੀਟਿੰਗ ਦੌਰਾਨ ਰਿਕਵਰੀ ਆਫ ਲੈਂਡ ਰੈਵੀਨਿਊ, ਬਾਰੇ ਵੀ ਵਿਚਾਰ ਵਟਾਂਦਰਾ ਕੀਤਾ ਗਿਆ। ਉਨ੍ਹਾਂ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਕਿਸੇ ਵੀ ਆਮ ਨਾਗਰਿਕ ਨੂੰ ਰੈਵੀਨਿਊ ਨਾਲ ਸਬੰਧਤ ਸੇਵਾਵਾਂ ਲੈਣ ਵਿੱਚ ਕੋਈ ਦਿੱਕਤਾਂ ਪੇਸ਼ ਨਹੀਂ ਆਉਣੀਆਂ ਚਾਹੀਦੀ।

# ਸਵ: ਕਾਮਰੇਡ ਫਕੀਰ ਚੰਦ ਸ਼ਰਮਾ ਦੀ 15ਵੀਂ ਬਰਸੀ 28 ਦਸੰਬਰ ਨੂੰ


**ਫ਼ਿਰੋਜ਼ਪੁਰ, 26 ਦਸੰਬਰ (ਮਨੋਹਰ ਲਾਲ)** :— ਨਾਰਦਨ ਰੇਲਵੇ ਮੈਨਜ ਯੂਨੀਅਨ ਫਿਰੋਜ਼ਪੁਰ ਦੇ ਡਵੀਜ਼ਨਲ ਪ੍ਰਧਾਨ ਤੇ ਆਲ ਇੰਪਲਾਈਜ ਕੋਆਰਡੀਨੇਸ਼ਨ ਕਮੇਟੀ ਦੇ ਸਾਬਕਾ ਪ੍ਰਧਾਨ ਸਵਰਗੀ ਕਾਮਰੇਡ ਫਕੀਰ ਚੰਦ ਸ਼ਰਮਾ ਦੀ ਪੰਦਰਵੀਂ ਬਰਸੀ ਪਿੰਡ ਬਜੀਦਪੁਰ ਵਿਖੇ 28 ਦਸੰਬਰ ਨੂੰ ਮਨਾਈ ਜਾ ਰਹੀ ਹੈ। ਇਸ ਸਬੰਧੀ ਆਲ ਇੰਪਲਾਈਜ ਕੋਆਰਡੀਨੇਸ਼ਨ ਕਮੇਟੀ ਫਿਰੋਜ਼ਪੁਰ ਦੇ ਪ੍ਰਧਾਨ ਕਾਮਰੇਡ ਸੁਭਾਸ਼ ਸ਼ਰਮਾ ਤੇ ਜਨਰਲ ਸਕੱਤਰ ਕਿਸ਼ਨ ਚੰਦ ਜਾਗੋਵਾਲੀਆ ਨੇ ਦੱਸਿਆ ਕਿ ਸਵ ਕਾਮਰੇਡ ਫਕੀਰ ਚੰਦ ਸ਼ਰਮਾ ਨਾਰਦਨ ਰੇਲਵੇ ਮੈਨਜ ਯੂਨੀਅਨ ਫਿਰੋਜਪੁਰ ਤੇ ਆਲ ਇੰਪਲਾਈਜ ਕੋਆਰਡੀਨੇਸ਼ਨ ਕਮੇਟੀ ਫਿਰੋਜ਼ਪੁਰ ਦੇ ਲੰਬਾ ਸਮਾਂ ਪ੍ਰਧਾਨ ਰਹੇ ਉਥੇ ਉਹਨਾਂ ਨੇ ਦੱਬੇ ਕੁਚਲੇ ਮੁਲਾਜ਼ਮਾ, ਮਜ਼ਦੂਰਾਂ, ਕਿਸਾਨਾਂ ਦੇ ਹੱਕਾਂ ਲਈ ਸੰਘਰਸ਼ ਕਰਦੇ ਰਹੇ, ਉਹਨਾਂ ਦੀ ਯਾਦ ਨੂੰ ਤਾਜਾ ਰੱਖਣ ਅਤੇ ਸ਼ਰਧਾ ਦੇ ਫੁੱਲ ਭੇਟ ਕਰਨ ਲਈ ਜਨਤਕ ਜਥੇਬੰਦੀਆਂ, ਸਮਾਜ ਸੇਵੀ ਜਥੇਬੰਦੀਆਂ ਅਤੇ ਪਿੰਡ ਬਜੀਦਪੁਰ ਦੇ ਵਸਨੀਕਾਂ ਦੇ ਸਹਿਯੋਗ ਨਾਲ 28 ਦਸੰਬਰ ਦਿਨ ਸ਼ਨੀਵਾਰ ਨੂੰ ਉਹਨਾਂ ਦੀ ਯਾਦ ਵਿੱਚ ਬਣਾਏ ਯਾਦਗਾਰ ਹਾਲ ਪਿੰਡ ਬਜੀਦਪੁਰ ਵਿਖੇ ਪੰਦਰਵੀਂ ਬਰਸੀ ਮਨਾਈ ਜਾ ਰਹੀ ਹੈ, ਸਾਢੇ ਦਸ ਵਜੇ ਸ੍ਰੀ ਸੁਖਮਨੀ ਸਾਹਿਬ ਪਾਠ ਦੇ ਭੋਗ ਪਾਏ ਜਾਣਗੇ ਤੇ ਸ਼ਰਧਾ ਦੇ ਫੁੱਲ ਭੇਟ ਕੀਤੇ ਜਾਣਗੇ। ਉਪਰੰਤ ਗੁਰੂ ਕਾ ਲੰਗਰ ਅਤੁੱਟ ਵਰਤੇਗਾ। ਉਨ੍ਹਾਂ ਸਮੂਹ ਮੁਲਾਜ਼ਮਾਂ, ਪੈਨਸ਼ਨਰਾਂ, ਮਜ਼ਦੂਰਾਂ, ਕਿਸਾਨਾਂ ਤੇ ਸਮਾਜ ਸੇਵੀ ਜਥੇਬੰਦੀਆਂ ਨੂੰ ਸ਼ਰਧਾਂਜਲੀ ਸਮਾਗਮ ਵਿੱਚ ਪਹੁੰਚਣ ਦੀ ਅਪੀਲ ਕੀਤੀ।



ਅੱਜ ਸ਼ਹੀਦੀ ਦਿਹਾੜੇ 'ਤੇ ਵਿਸ਼ੇਸ਼

# ਨਿੱਕੀਆਂ ਜਿੰਦਾਂ ਵੱਡੇ ਸਾਕੇ

ਪ੍ਰੋ. ਪੂਰਨ ਸਿੰਘ ਲਿੱਖਦੇ ਹਨ ਕਿ ਬਹਾਦਰ ਘੜ੍ਹਣ ਦੇ ਕਾਰਖਾਨੇ ਨਹੀ ਹੁੰਦੇ ਉਹ ਤਾਂ ਦੇਵਦਾਰ ਦੇ ਰੁੱਖਾਂ ਵਾਂਗ ਜੀਵਨ ਦੇ ਵਣ ਵਿੱਚ ਆਪ ਮੁਹਾਰੇ ਉੱਗਦੇ ਹਨ। ਦੁਨੀਆਂ ਦੇ ਮੈਦਾਨ ਵਿੱਚ ਉਹ ਅਚਾਨਕ ਹੀ ਸਾਹਮਣੇ ਆ ਖਲੌਂਦੇ ਹਨ। ਪਿਆਰਾ ਸਿੰਘ ਪਦਮ ਲਿੱਖਦੇ ਹਨ ਕਿ ਸੰਸਾਰ ਵਿੱਚ ਤਿੰਨ ਕਿਸਮ ਦੇ ਵਿਅਕਤੀ ਮਿਲਦੇ ਹਨ, ਇੱਕ ਉਹ ਜਿੰਨ੍ਹਾਂ ਦਾ ਪਿਤਾ ਪਿਤਾਮਾ ਮਹਾਨ ਹੋਇਆ। ਦੂਜੇ ਉਹ ਜੋ ਖੁਦ ਕਿਸੇ ਖੇਤਰ ਵਿੱਚ ਮਹਾਨ ਹੋਣ। ਤੀਜੇ ਉਹ ਜਿੰਨ੍ਹਾਂ ਦਾ ਪਿਤਾ ਤਾਂ ਮਹਾਨ ਨਹੀ ਸੀ ਤੇ ਨਾ ਹੀ ਉਹ ਆਪ ਮਹਾਨ ਸਨ, ਪ੍ਰੰਤੂ ਉਹ ਆਪਣੇ ਸੰਜੋਗ ਪੁੱਤਰਾਂ ਕਰਕੇ ਇੱਕ ਗਰਵ ਜਰੂਰ ਅਨੁਭਵ ਕਰਦੇ ਹਨ। ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੀ ਸਖਸ਼ੀਅਤ ਇੰਨ੍ਹਾਂ ਤਿੰਨਾਂ ਹੀ ਕਿਸਮਾਂ ਤੋਂ ਵਿਲੱਖਣ ਹੈ। ਇਸ ਦੀ ਮਿਸਾਲ ਇਤਿਹਾਸ ਵਿੱਚ ਘੱਟ ਹੀ ਮਿਲਦੀ ਹੈ। ਜਿੱਥੇ ਉਹ ਆਪ ਅਨੇਕ ਪੱਖੀ ਵਡਿਆਈ ਦੇ ਮਾਲਿਕ ਸਨ, ਉੱਥੇ ਉਹਨਾਂ ਦੇ ਪਿਤਾ ਪਿਤਾਮਾ, ਦਾਦਾ, ਪੜ੍ਹਦਾਦਾ ਤੱਕ ਕਲਾਧਾਰੀ ਮਹਾਂਪੁਰਖ ਸਨ। ਪੜਦਾਦਾ ਸ੍ਰੀ ਗੁਰੂ ਅਰਜਨ ਦੇਵ ਜੀ, ਦਾਦਾ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਤੇ ਪਿਤਾ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ। ਫਿਰ ਇਸ ਤੋਂ ਅੱਗੇ ਕਮਾਲ ਦੀ ਗੱਲ ਇਹ ਕਿ ਆਪ ਦੇ ਚਾਰੇ ਸਪੁੱਤਰ ਵੀ ਕੁਰਬਾਨੀਆਂ ਦੇ ਸਦਕੇ ਇਤਨੇ ਮਹਾਨ ਸਿੱਧ ਹੋਏ ਕਿ ਤਵਾਰੀਖ ਉਹਨਾਂ ਦੀ ਪ੍ਰਸੰਸਾ ਕਰਦੀ ਨਹੀ ਥੱਕਦੀ। ਇਉਂ ਦੇਖਿਆਂ ਲੱਗਦਾ ਹੈ ਕਿ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੀ ਹੈਸੀਅਤ ਪੂਰਬ ਅਧਿਕਾਰੀ ਤੇ ਉੱਤਰ ਅਧਿਕਾਰੀ ਦੋਹਾਂ ਪਾਸਿਆਂ ਵੱਲੋਂ ਚਮਤਕਾਰਾਂ ਭਰੀ ਤੇ ਅਤਿਅੰਤ ਉਚੇਰੀ ਹੈ।



ਇਹ ਉਹ ਸਮਾਂ ਸੀ ਜਦ ਗੁਰੂ ਜੀ ਨੇ ਅਨੰਦਪੁਰ ਸਾਹਿਬ ਛੱਡਿਆ। ਸਰਸਾ ਕਿਨਾਰੇ ਗੁਰੂ ਜੀ ਦਾ ਪ੍ਰੀਵਾਰ ਤਿੰਨ ਹਿੱਸਿਆਂ ਵਿੱਚ ਵੰਡਿਆ ਗਿਆ। ਛੋਟੇ ਸਾਹਿਬਜ਼ਾਦੇ ਬਾਬਾ ਜ਼ੋਰਾਵਰ ਸਿੰਘ, ਬਾਬਾ ਫਤਹਿ ਸਿੰਘ ਜੀ ਤੇ ਮਾਤਾ ਗੁੱਜਰ ਕੌਰ ਜੀ ਕੁੱਮੇ ਮਾਸ਼ਕੀ ਦੀ ਝੁੱਗੀ ਵਿੱਚ ਰੁੱਕ ਗਏ। ਉੱਥੋਂ ਗੁਰੂ ਘਰ ਦਾ ਰਸੋਈਆਂ ਗੰਗੂ ਬ੍ਰਹਮਣ ਆਪਣੇ ਪਿੰਡ ਖੇੜੀ (ਸਹੇੜੀ) ਲੈ ਗਿਆ। ਰਤਨ ਸਿੰਘ ਭੰਗੂ ਲਿੱਖਦੇ ਹਨ ਕਿ ਧੰਨ ਦੇ ਲਾਲਚ ਵਿੱਚ ਫਸ ਕੇ ਗੰਗੂ ਮਰਿੰਡੇ ਤੋਂ ਜਾਨੀ ਖ਼ਾਨ ਤੇ ਮਾਨੀ ਖ਼ਾਨ ਦੋ ਰੰਘੜ ਭਰਾ ਲੈ ਆਇਆ ਤੇ ਮਾਤਾ ਜੀ ਤੇ ਦੋ ਛੋਟੇ ਸਾਹਿਬਜ਼ਾਦਿਆਂ ਨੂੰ ਸੂਬਾ ਸਰਹਿੰਦ ਕੋਲ ਪਕੜਵਾ ਦਿੱਤਾ। ਕੁਦਰਤ ਦਾ ਖੇਲ ਦੇਖੋ ਕਿ ਜਿਸ ਖੂਹ ਵਿੱਚ ਉਸਨੇ ਮਾਤਾ ਜੀ ਕੋਲੋਂ ਚੋਰੀ ਕੀਤਾ ਧੰਨ ਛੁਪਾਇਆ ਸੀ, ਉੱਥੇ ਨਦੀ ਦਾ ਹੜ੍ਹ ਆ ਗਿਆ ਤੇ ਸਭ ਕੁੱਝ ਰੋੜ ਕੇ ਲੈ ਗਿਆ।

ਤਾਰੀਖ-ਏ-ਪੰਜਾਬ ਦਾ ਲਿਖਾਰੀ ਲਿੱਖਦਾ ਹੈ ਕਿ ਉਧਰ ਸੂਬਾ ਸਰਹੰਦ ਸਾਹਮਣੇ ਜ਼ੋਰਾਵਰ ਸਿੰਘ ਤੇ ਫਤਹਿ ਸਿੰਘ ਨੂੰ ਗ੍ਰਿਫਤਾਰ ਕਰਕੇ ਲਿਆਦਾਂ ਗਿਆ।ਵਜੀਰ ਖ਼ਾਨ ਦੀ ਅਸਲੋਂ ਮਨਸ਼ਾ ਭੋਲੇ ਬੱਚਿਆਂ ਨੂੰ ਕਤਲ ਕਰਨ ਦੀ ਨਹੀ ਸੀ, ਪਰ ਦੀਵਾਨ ਸੁੱਚਾ ਨੰਦ ਨੇ ਚੁੱਕ ਚਕਾ ਕੀਤਾ, ਕਿਉਂਕਿ ਸਾਹਿਬਜ਼ਾਦਿਆ ਨੇ ਉਸਦੇ ਰੂਬਰੂ ਸਖਤ ਬਚਨ ਕੀਤੇ ਸਨ।ਭਾਵੇਂ ਨਾਇਬ ਨਾਜ਼ਮ ਸ਼ੇਰ ਮੁਹੰਮਦ ਖ਼ਾਨ ਨੇ ਨਬਾਲਗ ਬੱਚਿਆਂ ਦੇ ਕਤਲ ਨੂੰ ਸ਼ਰ੍ਹਾਂ ਦੇ ਉਲਟ ਦੱਸਿਆ ਸੀ ਤੇ ਟੋਡਰ ਮੱਲ ਨੇ ਸਾਹਿਬਜ਼ਾਦਿਆਂ ਦੇ ਕਤਲ ਰੋਕਣ ਬਦਲੇ ਰਕਮ ਦੇਣੀ ਪ੍ਰਵਾਨ ਕੀਤੀ ਸੀ, ਪਰ ਸਾਹਿਬਜ਼ਾਦੇ ਕਤਲ ਹੋਣ ਤੋਂ ਬਚਾਏ ਨਾ ਜਾ ਸਕੇ।ਵਜੀਰ ਖ਼ਾਨ ਨੇ ਮਾਸੂਮ ਬੱਚਿਆਂ ਨੂੰ ਇਸਲਾਮ ਕਬੂਲ ਕਰਨ ਲਈ ਕਈ ਡਰ ਦਿੱਤੇ। ਕਈ ਲਾਲਚ ਦਿੱਤੇ, ਪਰ ਕਿਸੇ ਕੰਮ ਨਾ ਆਏ। ਸਯਦ ਮੁਹੰਮਦ ਲਤੀਫ ਹਿਸਟਰੀ ਆਫ ਪੰਜਾਬ ਦੇ ਪੰਨਾ ਨੰ. 265 ਤੇ ਉਸ ਵੇਲੇ ਨਵਾਬ ਤੇ ਸਾਹਿਬਜ਼ਾਦਿਆਂ ਵਿੱਚ ਹੋਏ ਸਵਾਲ ਜਵਾਬ ਲਿੱਖਦਾ ਹੈ ਕਿ:

ਨਵਾਬ: ਬੱਚਿਉ ! ਜੇ ਤੁਹਾਨੂੰ ਛੱਡ ਦਿੱਤਾ ਜਾਏ ਤਾਂ ਤੁਸੀ ਕੀ ਕਰੋਗੇ ?

ਸਾਹਿਬਜ਼ਾਦੇ: ਖਿੰਡੇ ਪੁੰਡੇ ਸਿੱਖਾਂ ਨੂੰ ਇੱਕਠੇ ਕਰਾਂਗੇ। ਤੁਹਾਡੇ ਨਾਲ ਲੜਾਂਗੇ ਤੇ ਤੁਹਾਨੂੰ ਮੌਤ ਦੇ ਘਾਟ ਉਤਾਰਾਂਗੇ।

ਉਸ ਸਮੇਂ ਸੁੱਚਾ ਨੰਦ ਨੇ ਕਿਹਾ ਕਿ ' ਸੱਪ ਦੇ ਬੱਚੇ ਸੱਪ ਹੀ ਹੁੰਦੇ ਹਨ'। ਭਾਈ ਕੇਸਰ ਸਿੰਘ ਬੰਸੀਵਲੀਨਾਮਾ ਵਿੱਚ ਲਿੱਖਦੇ ਹਨ ਕਿ:

**'ਸੁਚੇ ਪੁਰੀ ਨੇ ਚੁਗਲੀ ਕਰ ਦੋਨੋਂ ਮਰਵਾਏ'**

ਗ੍ਰੰਥ ਬੀਰ ਮ੍ਰਿਗੇਸ਼ ਵਿੱਚ ਵੀ ਇਹ ਸਾਖੀ ਆਉਂਦੀ ਹੈ ਕਿ ਸਾਹਿਬਜ਼ਾਦਿਆਂ ਨੂੰ ਛੱਡਣ ਦਾ ਫੈਸਲਾ ਹੋ ਗਿਆ ਸੀ, ਪਰ ਸੁੱਚਾ ਨੰਦ ਨੇ ਕਿਹਾ ਕਿ 'ਇੰਨ੍ਹਾਂ ਨੂੰ ਬਾਲ ਇਯਾਨੇ ਨਾਹ ਜਾਨੋ।'

ਇਹ ਵੀ ਪਾਸ ਕੀਤਾ ਗਿਆ ਕਿ ਇੰਨ੍ਹਾਂ ਨੂੰ ਨਵਾਬ ਮਲੇਰ ਕੋਟਲਾ ਦੇ ਹਵਾਲੇ ਕਰ ਦਿੱਤਾ ਜਾਵੇ ਤਾਂ ਕਿ ਉਹ ਗੁਰੂ ਕੋਲੋਂ ਆਪਣੇ ਭਰਾਵਾ ਦਾ ਬਦਲਾ ਲੈ ਸਕੇ।ਸ਼ੇਰ ਮੁਹੰਮਦ ਖ਼ਾਨ ਨੂੰ ਬੁਲਾਇਆ ਗਿਆ ਤੇ ਵਜ਼ੀਰ ਖ਼ਾਨ ਨੇ ਕਿਹਾ ਕਿ ਇੰਨ੍ਹਾਂ ਦੇ ਪਿਤਾ ਨੇ ਤੁਹਾਡੇ ਭਰਾਵਾਂ ਨੂੰ ਮੌਤ ਦੇ ਘਾਟ ਉਤਾਰਿਆ ਸੀ, ਇੰਨ੍ਹਾਂ ਨੂੰ ਮਾਰ ਕੇ ਇੰਨ੍ਹਾਂ ਦੇ ਪਿਤਾ ਕੋਲੋਂ ਤੁਸੀ ਆਪਣੇ ਭਰਾਵਾਂ ਦਾ ਬਦਲਾ ਲੈ ਸਕਦੇ ਹੋ।ਸ਼ੇਰ ਮੁਹੰਮਦ ਖ਼ਾਨ ਨੇ ਨਾਂਹ ਵਿੱਚ ਆਪਣਾ ਸਿਰ ਹਿਲਾ ਦਿੱਤਾ ਤੇ ਕਿਹਾ ਕਿ ਇੰਨ੍ਹਾਂ ਸ਼ੀਰ ਖੋਰ ਬੱਚਿਆਂ ਨੂੰ ਮਾਰਨ ਵਿੱਚ ਕੀ ਬਹਾਦਰੀ ਹੈ। ਜੇ ਮੌਕਾ ਮਿਲਿਆਂ ਤਾਂ ਜੰਗ ਦੇ ਮੈਦਾਨ ਵਿੱਚ ਇੰਨ੍ਹਾਂ ਦੇ ਪਿਤਾ ਨਾਲ ਲੜ ਕੇ ਹਿਸਾਬ ਚੁਕਤਾ ਕਰਾਗਾਂ।ਇੰਨ੍ਹਾਂ ਬੱਚਿਆ ਨੂੰ ਮਾਰਨ ਵਿੱਚ ਸਾਡੀ ਕੀ ਵਡਿਆਈ ਹੋਵੇਗੀ।

**ਬਦਲਾ ਹੀ ਲੇਨਾ ਹੋਗਾ ਤੋਂ ਹਮ ਲੇਂਗੇ ਬਾਪ ਸੇ।**
**ਮਹਿਫੂਜ਼ ਰੱਖੇ ਹਮ ਕੋ ਖੁਦਾ ਐਸੇ ਪਾਪ ਸੇ।** **(ਸ਼ਹੀਦਾਨਿ ਵਫਾ)**

ਸ਼ੇਰ ਮੁਹੰਮਦ ਖ਼ਾਨ ਦੇ ਇਹ ਹਮਦਰਦੀ ਭਰੇ ਬੋਲ ਸਿੱਖ ਅੱਜ ਤੱਕ ਨਹੀ ਭੁੱਲੇ। ਅਗਲੇ ਦਿਨ 26 ਦਸੰਬਰ 1704 ਈ: ਨੂੰ ਦੋਨਾਂ ਸਾਹਿਬਜ਼ਾਦਿਆਂ ਨੂੰ ਕਚਿਹਰੀ ਵਿੱਚ ਪੇਸ਼ ਕੀਤਾ ਗਿਆ।ਕਈ ਲਾਲਚ ਡਰਾਵੇ ਦਿੱਤੇ ਗਏ। ਸਾਹਿਬਜ਼ਾਦੇ ਚੜ੍ਹਦੀ ਕਲਾ ਵਿੱਚ ਰਹੇ।ਕਾਜ਼ੀ ਕੋਲੋਂ ਫਤਵਾ ਲਿਆ ਗਿਆ ਤੇ ਨੀਹਾਂ ਵਿੱਚ ਚਿਣ ਕੇ ਸ਼ਹੀਦ ਕਰਨ ਦਾ ਹੁਕਮ ਦਿੱਤਾ ਗਿਆ। ਹਰ ਪਾਸੇ ਤੋਂ ਥੱਕ ਹਾਰ ਕੇ ਸਾਹਿਬਜ਼ਾਦਿਆਂ ਨੂੰ ਨੀਹਾਂ ਵਿੱਚ ਚਿਣਨਾਂ ਸ਼ੁਰੂ ਕੀਤਾ ਗਿਆ, ਜਦ ਦੀਵਾਰਾਂ ਛਾਤੀ ਤੱਕ ਪੁੱਜੀਆ ਤਾਂ ਦੋਵੇਂ ਸਾਹਿਬਜ਼ਾਦੇ ਬੇਹੋਸ਼ ਹੋ ਗਏ, ਦੀਵਾਰ ਡਿੱਗ ਪਈ। ਰਾਤ ਸਾਹਿਬਜ਼ਾਦਿਆਂ ਨੂੰ ਠੰਡੇ ਬੁਰਜ਼ ਵਿਚ ਰੱਖਿਆ ਗਿਆ। ਰਾਤ ਨੂੰ ਮਮੀਰਾ ਤੇ ਕਸਤੂਰੀ ਗਰਮ ਵਸਤੂਆਂ ਦਿੱਤੀਆ ਗਈਆਂ। ਤਲੀਆਂ ਤੇ ਮਾਲਿਸ਼ ਕੀਤੀ ਗਈ। ਜਦ ਉਹ ਹੋਸ਼ ਵਿੱਚ ਆਏ ਤਾਂ ਫਿਰ ਅਗਲੀ ਸਵੇਰ ਡਰ ਤੇ ਲਾਲਚ ਦੇਣ ਦੀ ਕੋਸ਼ਿਸ਼ ਕੀਤੀ ਗਈ, ਪਰ ਸਭ ਬੇਕਾਰ ਗਈ। ਫਿਰ ਸ਼ਾਸ਼ਲ ਬੇਗ ਤੇ ਬਾਸ਼ਲ ਬੇਗ ਜਲਾਦਾਂ ਨੇ ਸਾਹਿਬਜ਼ਾਦਿਆਂ ਦੀ ਛਾਤੀ ਤੇ ਗੋਡਾ ਰੱਖ ਕੇ ਛੁਰੀ ਨਾਲ ਕੋਹ ਕੇ ਸ਼ਹੀਦ ਕੀਤਾ।ਸ੍ਰੀ ਗੁਰੂ ਪੰਥ ਪ੍ਰਕਾਸ਼ ਦਾ ਲਿਖਾਰੀ ਇਸ ਗੱਲ ਦੀ ਗਵਾਹੀ ਭਰਦਾ ਹੈ ਕਿ:

**ਓੜਕ ਸੂਬੇ ਦੁਸ਼ਟ ਸੁਨਾਈ।**
**ਮਾਰੋ ਗਰਦਨ ਇਨੈ ਇਥਾਂਈ।**
**ਸ਼ਾਸ਼ਲ ਬੇਗ ਅਰ ਬਾਸ਼ਲ ਬੇਗ।**
**ਉਭੈ ਜਲਾਦਨ ਖਿਚ ਕੈ ਤੇਗ।**
**ਤਿਸ ਹੀ ਠੋਰ ਖਰਿਉਂ ਕੇ ਸੀਸ।**
**ਤੁਰਤ ਉਤਾਰੇ ਦੂਸ਼ਟੈਂ ਰੀਸ।**

**ਪ੍ਰਸਿੱਧ ਸ਼ਾਇਰ ਫ਼ੈਜ਼ ਲਿੱਖਦਾ ਹੈ ਕਿ:**
**ਯਹ ਜਾਂ ਤੋਂ ਆਨੀ ਜਾਨੀ ਹੈ, ਇਸ ਜਾ ਕੀ ਤੋ ਕੋਈ ਬਾਤ ਨਹੀਂ।**
**ਜਿਸ ਧਜ ਸੇ ਕੋਈ ਮਕਤਲ ਮੇਂ ਗਯਾ, ਵੁਹ ਸ਼ਾਨ ਸਲਾਮਤ ਰਹਤੀ ਹੈ।**

ਜਦ ਸਾਹਿਬਜ਼ਾਦਿਆ ਦੇ ਸ਼ਹੀਦ ਹੋਣ ਦੀ ਖਬਰ ਮਾਤਾ ਗੁੱਜਰ ਕੌਰ ਜੀ ਕੋਲ ਪਹੁੰਚੀ ਤਾਂ ਮਾਤਾ ਗੁੱਜਰ ਕੌਰ ਜੀ ਅਕਾਲ ਪੁਰਖ ਦਾ ਸ਼ੁਕਰਾਨਾ ਕਰਦੇ ਹੋਏ, ਉਸ ਅਕਾਲ ਪੁਰਖ ਦੇ ਚਰਨਾਂ ਵਿੱਚ ਅਭੇਦ ਹੋ ਗਏ।ਸਰਹੰਦ ਦੇ ਜੌਹਰੀ ਟੋਡਰ ਮੱਲ ਨੇ ਨਵਾਬ ਵਜ਼ੀਰ ਖਾਂ ਕੋਲੋਂ ਸਾਹਿਬਜ਼ਾਦਿਆਂ ਦੇ ਅੰਤਿਮ ਸਸਕਾਰ ਕਰਨ ਦੀ ਆਗਿਆ ਮੰਗੀ ਤਾਂ ਨਵਾਬ ਨੇ ਜ਼ਮੀਨ ਮੁੱਲ ਲੈ ਕੇ ਸਸਕਾਰ ਕਰਨ ਦੀ ਸ਼ਰਤ ਰੱਖ ਦਿੱਤੀ। ਜ਼ਮੀਨ ਵੀ ਮੁੱਲ ਮਿਲੇਗੀ, ਉਹ ਵੀ ਸੋਨੇ ਦੀਆਂ ਮੋਹਰਾਂ ਵਿਛਾ ਕੇ। ਟੋਡਰ ਮੱਲ ਨੇ ਵਜ਼ੀਰ ਖਾਂ ਦੀ ਇਹ ਸ਼ਰਤ ਵੀ ਪੂਰੀ ਕਰ ਦਿੱਤੀ। ਮਾਤਾ ਗੁੱਜਰ ਕੌਰ ਜੀ, ਸਾਹਿਬਜ਼ਾਦਾ ਬਾਬਾ ਜ਼ੋਰਾਵਰ ਸਿੰਘ ਤੇ ਸਾਹਿਬਜ਼ਾਦਾ ਬਾਬਾ ਫਤਹਿ ਸਿੰਘ ਜੀ ਦਾ ਸਸਕਾਰ ਕੀਤਾ। ਉਸ ਥਾਂ ਤੇ ਗੁਰਦੁਆਰਾ ਜੋਤੀ ਸਰੂਪ ਸਾਹਿਬ ਸਥਿੱਤ ਹੈ। ਮਾਤਾ ਗੁਜਰ ਕੌਰ ਜੀ, ਸਾਹਿਬਜ਼ਾਦਾ ਬਾਬਾ ਜ਼ੋਰਾਵਰ ਸਿੰਘ ਜੀ ਤੇ ਸਾਹਿਬਜ਼ਾਦਾ ਬਾਬਾ ਫਤਹਿ ਸਿੰਘ ਜੀ ਦੀ ਸ਼ਹੀਦੀ ਨੂੰ ਕੋਟਿਨ ਕੋਟਿ ਪ੍ਰਣਾਮ।

**-ਧਰਮਿੰਦਰ ਸਿੰਘ (ਚੱਬਾ), ਪਿੰਡ ਤੇ ਡਾਕ:ਚੱਬਾ, ਤਰਨ ਤਾਰਨ ਰੋਡ, ਅੰਮ੍ਰਿਤਸਰ**

ਆਵਾਜ਼ਿ ਕੌਮ AWAZE QAUM International Newspaper & WEB TV

# ਗੁਰਦੁਆਰਾ ਠਾਠ ਨਾਨਕਸਰ ਛਾਂਗਾ ਖੁਰਦ ਵਿਖੇ ਸ਼ਹੀਦੀ ਹਫਤੇ ਦਾ ਛੇਵਾਂ ਦਿਨ ਤੇ ਸੁਖਮਣੀ ਸਾਹਿਬ ਜੀ ਦੇ ਪਾਠ ਤੇ ਰਾਤ ਦਾ ਕੀਰਤਨ ਦਰਬਾਰ ਸਜਾਏ

ਫ਼ਿਰੋਜ਼ਪੁਰ, 26 ਦਸੰਬਰ (ਮਨੋਹਰ ਲਾਲ) :— ਗੁਰਦੁਆਰਾ ਠਾਠ ਨਾਨਕਸਰ ਛਾਂਗਾ ਖੁਰਦ ਵਿਖੇ ਸ਼ਹੀਦੀ ਹਫਤੇ ਦਾ ਛੇਵਾਂ ਦਿਨ ਤੇ ਸੁਖਮਨੀ ਸਾਹਿਬ ਜੀ ਦੇ ਪਾਠ ਤੇ ਰਾਤ ਦਾ ਕੀਰਤਨ ਦਰਬਾਰ ਕਰਵਾਇਆ ਗਿਆ। ਇਸ ਮੌਕੇ ਤੇ ਭਾਈ ਗੁਰਮੇਲ ਸਿੰਘ ਅਰਜਨ, ਭਾਈ ਚੰਨ ਸਿੰਘ, ਭਾਈ ਜ਼ੋਗਾ ਸਿੰਘ, ਭਾਈ ਸੁਖਦੇਵ ਸਿੰਘ ਸੁੱਖਾ, ਭਾਈ ਰਮਨਦੀਪ ਸਿੰਘ, ਭਾਈ ਬਬੂ ਸਿੰਘ ਨੇ ਗੁਰਇਤਿਹਾਸ ਸੁਣਾ ਕੇ ਸੰਗਤਾਂ ਨੂੰ ਨਿਹਾਲ ਕੀਤਾ। ਇਸ ਮੌਕੇ ਤੇ ਗੁਰਦੁਆਰਾ ਠਾਠ ਨਾਨਕਸਰ ਛਾਂਗਾ ਖੁਰਦ ਦੇ ਮੁੱਖ ਸੇਵਾਦਾਰ ਸ੍ਰੀਮਾਨ ਸੰਤ ਬਾਬਾ ਸੁੱਚਾ ਸਿੰਘ ਜੀ ਨੇ ਛੋਟੇ ਸਾਹਿਬਜ਼ਾਦਿਆਂ ਅਤੇ ਮਾਤਾ ਗੁਜਰ ਕੌਰ ਜੀ ਬਾਰੇ ਵਿਸਥਾਰ ਪੂਰਵਕ ਜਾਣਕਾਰੀ ਦਿੰਦਿਆਂ ਕਿਹਾ ਕਿ 12 ਪੋਹ ਨੂੰ ਦੂਸਰੇ ਦਿਨ ਫਿਰ ਛੋਟੇ ਸਾਹਿਬਜ਼ਾਦਿਆਂ ਨੂੰ ਸੂਬੇ ਦੀ ਕਚਹਿਰੀ ਵਿਚ ਵਜੀਰ ਖਾਂ ਦੇ ਪੇਸ਼ ਕੀਤਾ ਗਿਆ, ਜਿਥੇ ਛੋਟੇ ਸਾਹਿਬਜ਼ਾਦਿਆਂ ਦੀ ਪੇਸ਼ੀ ਸੀ, ਜਿਥੇ ਵਜੀਰ ਖਾਂ ਨੇ ਛੋਟੇ ਸਾਹਿਬਜ਼ਾਦਿਆਂ ਨੂੰ ਬੇਹੱਦ ਡਰਾਇਆ ਧਮਕਾਇਆ ਅਤੇ ਉਨ੍ਹਾਂ ਨੂੰ ਧਰਮ ਪਰਿਵਰਤਨ ਕਰਨ ਲਈ ਕਿਹਾ, ਪਰ ਛੋਟੇ ਸਾਹਿਬਜ਼ਾਦਿਆਂ ਨੇ ਬਹਾਦਰੀ ਨਾਲ ਜਵਾਬ ਦਿੰਦੇ ਹੋਏ ਕਿਹਾ ਕਿ ਅਸੀਂ ਗੁਰੂ ਗੋਬਿੰਦ ਸਿੰਘ ਜੀ ਦੇ ਬੇਟੇ ਹਾਂ, ਮਰ ਜਾਵਾਂਗੇ, ਪਰ ਧਰਮ ਨਹੀਂ ਤਿਆਂਗਾਗੇ। ਇਸ ਦੌਰਾਨ ਉਨ੍ਹਾਂ ਨੇ ਜ਼ੋ ਬੋਲੇ ਸੋ ਨਿਹਾਲ, ਸਤਿ ਸ੍ਰੀ ਅਕਾਲ ਦੇ ਜ਼ੈਕਾਰੇ ਵੀ ਲਗਾਏ, ਜਿਸ ਨੂੰ ਸੁਣ ਕੇ ਵਜੀਰ ਖਾਂ ਅਤੇ ਹੋਰ ਲੋ ਗੁੱਸੇ ਵਿਚ ਆ ਗਏ ਅਤੇ ਉਨ੍ਹਾਂ ਨੇ ਅਗਲੇ ਦਿਨ ਆਉਣ ਲਈ ਕਿਹਾ ਅਤੇ ਨਾਲ ਹੀ ਇਹ ਵੀ ਕਿਹਾ ਕਿ ਕੱਲ ਜਾਂ ਤਾਂ ਧਰਮ ਪਰਿਵਰਤਨ ਕਰੋ ਜਾਂ ਮਰਨ ਲਈ ਤਿਆਰ ਰਹੋ, ਸੂਬੇ ਦੀ ਕਚਹਿਰੀ ਵਿਚ ਨਵਾਬ ਮਲੇਰਕੋਟਲਾ, ਸ਼ੇਰ ਮੁਹੰਮਦ ਖਾਂ, ਦੀਵਾਨ ਸੁੱਚਾ ਨੰਦ ਅਤੇ ਕਾਜੀ ਮੌਜੂਦ ਸਨ। ਸੂਬੇ ਨੇ ਨਵਾਬ ਨੂੰ ਕਿਹਾ ਕਿ ਉਹ ਬੱਚਿਆਂ ਨੂੰ ਮਾਰ ਕੇ ਇਨ੍ਹਾਂ ਦੇ ਪਿਤਾ ਤੋਂ ਆਪਣੇ ਭਰਾ ਨਾਹਰ ਖਾਨ ਦੀ ਚਮਕੌਰ ਜੰਗ ਵਿਚ ਹੋਈ ਮੌਤ ਦਾ ਬਦਲਾ ਲੈ ਲਵੇ, ਪਰ ਨਵਾਬ ਨੇ ਇਤਰਾਜ ਕੀਤਾ, ਕਸੂਰ ਬਾਪ ਦਾ ਸਜਾ ਮਾਸੂਮ ਬੱਚਿਆਂ ਨੂੰ ਇਹ ਕਿਥੋਂ ਦਾ ਇਨਸਾਫ ਹੈ, ਨਵਾਬ ਨੇ ਮਾਸੂਮਾਂ ਦੇ ਹੱਕ ਵਿਚ ਹਾਅ ਦਾ ਨਾਅਰਾ ਮਾਰਿਆ, ਦੀਵਾਨ ਸੁੱਚਾ ਨੰਦ ਦੇ ਉਕਸਾਉਣ ਤੇ ਕਾਜੀ ਨੇ ਫਤਵਾ ਦੇ ਕੇ ਬੱਚਿਆਂ ਨੂੰ ਜਿਉਂਦੇ ਜੀਅ ਕੰਧ ਵਿਚ ਚਿਨਣ ਦੀ ਗੱਲ ਕੀਤੀ ਤੇ ਵਜੀਰ ਖਾਨ ਨੇ ਇਸ ਦੀ ਪ੍ਰਵਾਨਗੀ ਦੇ ਦਿੱਤੀ, ਜਦ ਤੀਜੇ ਦਿਨ ਵੀ ਬੱਚੇ ਆਪਣੇ ਧਰਮ ਤੇ ਅਡਿਰ ਰਹੇ ਤਾਂ ਸੂਬੇ ਨੇ ਉਪਰੋਕਤ ਹੁਕਮਾਂ ਦੀ ਤਾਮੀਲ ਕਰਨ ਨੂੰ ਕਿਹਾ, ਖੂਨੀ ਦੀਵਾਨ ਜਦੋਂ ਸਾਹਿਬਜ਼ਾਦਿਆਂ ਦੀ ਗਰਦਨ ਤੱਕ ਪਹੁੰਚ ਗਈ ਤਾਂ ਸਾਸ਼ਲ ਬੇਗ ਬਾਸਲ ਬੇਗ ਨਾਮੀ ਦੋ ਜਲਾਦਾਂ ਨੇ ਮਾਸੂਮਾਂ ਦੇ ਸੀਸ਼ ਧੜ ਨਾਲੋਂ ਵੱਖ ਕਰ ਦਿੱਤੇ, ਬੁਰਜ ਵਿਚ ਕੈਦ ਬਜ਼ੁਰਗ ਮਾਤਾ ਗੁਜਰ ਕੌਰ ਜੀ ਨੂੰ ਜਦੋਂ ਇਹ ਖਬਰ ਮਿਲੀ ਤਾਂ ਉਨ੍ਹਾਂ ਨੇ ਵਾਹਿਗੁਰੂ ਜੀ ਦਾ ਸ਼ੁਕਰ ਕਰਦਿਆਂ ਆਪਣੇ ਪ੍ਰਾਣ ਵੀ ਤਿਆਗ ਦਿੱਤੇ। ਸਾਹਿਬਜ਼ਾਦਿਆਂ ਅਤੇ ਮਾਤਾ ਜੀ ਦੇ ਅੰਤਿਮ ਸੰਸਕਾਰ ਲਈ ਗੁਰੂ ਘਰ ਦੇ ਸੇਵਕ ਦੀਵਾਨ ਟੋਡਰ ਮੱਲ ਨੇ ਖੜੇ ਦਾਅ ਸੋਨੇ ਦੀਆਂ ਮੋਹਰਾਂ ਅਦਾ ਕਰਕੇ ਜਮੀਨ ਖਰੀਦੀ। ਜ਼ਿਕਰਯੋਗ ਹੈ ਕਿ ਸੰਸਾਰ ਦੇ ਇਤਿਹਾਸ ਵਿਚ ਇਹ ਸਭ ਤੋਂ ਮਹਿੰਗੀ ਜਮੀਨ ਹੈ, ਜਿਸ ਥਾਂ ਸਾਹਿਬਜ਼ਾਦਿਆਂ ਅਤੇ ਮਾਤਾ ਜੀ ਦਾ ਅੰਤਿਮ ਸੰਸਕਾਰ ਹੋਇਆ, ਉਥੇ ਅੱਜ ਕੱਲ ਗੁਰਦੁਆਰਾ ਜ਼ੋਤੀ ਸਰੂਪ ਸੁਸ਼ੋਭਿਤ ਹੈ, ਇਹ ਖਬਰ ਜਦੋਂ ਨੂਰਾ ਮਾਹੀ ਦੇ ਰਾਹੀਂ ਗੁਰੂ ਗੋਬਿੰਦ ਸਿੰਘ ਕੋਲ ਪਹੁੰਚੀ ਤਾਂ ਉਨ੍ਹਾਂ ਨੇ ਕਾਹੀ ਦੇ ਬੂਟੇ ਨੂੰ ਜੜੋ ਪੁਟਦਿਆਂ ਫੁਰਮਾਇਆ, ਹੁਣ ਮੁਗਲ ਸਮਰਾਜ ਦੀ ਜੜ ਪੁੱਟੀ ਜਾ ਚੁੱਕੀ ਹੈ। ਇਸ ਵਾਕਿਆ ਤੋਂ ਛੇ ਸਾਲ ਬਾਅਦ ਦਸਮੇਸ਼ ਪਿਤਾ ਤੋਂ ਥਾਪੜਾ ਲੈ ਕੇ ਬਾਬਾ ਬੰਦਾ ਸਿੰਘ ਬਹਾਦਰ ਨੇ ਮੁਗਲਿਆਂ ਸਲਤਨਤ ਦੇ ਬਖੀਏ ਉਧੇੜ ਦਿੱਤੇ ਅਤੇ ਸਰਹਿੰਦ ਦੀ ਇੱਟ ਨਾਲ ਇੱਟ ਖੜਕਾ ਦਿੱਤੀ। ਚੱਪੜਚਿੜੀ ਦੇ ਅਸਥਾਨ ਤੇ ਹੋਈ ਗਹਿਗੱਚ ਲੜਾਈ ਵਿਚ ਵਜੀਰ ਖਾਂ ਨੂੰ ਮਾਰ ਕੇ ਬਾਬਾ ਬੰਦਾ ਸਿੰਘ ਨੇ ਸਾਹਿਬਜ਼ਾਦਿਆਂ ਦੀ ਸ਼ਹੀਦੀ ਦਾ ਬਦਲਾ ਲਿਆ। ਇਸ ਮੌਕੇ ਤੇ ਬਾਬਾ ਜੀ ਦੇ ਸੇਵਾਦਾਰ ਭਾਈ ਲੱਖਾ ਸਿੰਘ, ਭਾਈ ਜ਼ਸਵੀਰ ਸਿੰਘ ਜ਼ਸੂ ਨੇ ਸੰਗਤਾਂ ਦੀ ਹੱਥੀਂ ਸੇਵਾ ਕੀਤੀ। ਇਸ ਮੌਕੇ ਤੇ ਭਾਈ ਸੰਤੋਖ ਸਿੰਘ ਅਤੇ ਹੋਰ ਸੇਵਾਦਾਰਾਂ ਨੇ ਚਾਹ ਅਤੇ ਲੰਗਰ ਦੀ ਸੇਵਾ ਵਿਚ ਸੰਗਤਾਂ ਦੀ ਸੇਵਾ ਕੀਤੀ। ਇਸ ਮੌਕੇ ਤੇ ਗੁਰੂ ਕਾ ਲੰਗਰ ਅਤੁੱਟ ਵਰਤਾਇਆ ਗਿਆ।



ਆਵਾਜ਼ਿ ਕੌਮ AWAZE QAUM International Newspaper & WEB TV

# ਗੁਰਦੁਆਰਾ ਛੱਪੜੀ ਸਾਹਿਬ ਪਿੰਡ ਤੂਤ ਵਿਖੇ ਮਾਤਾ ਗੁਜਰ ਕੌਰ ਜੀ, ਚਾਰ ਸਾਹਿਬਜ਼ਾਦੇ, ਅਮਰ ਸ਼ਹੀਦ ਬਾਬਾ ਹਿੰਮਤ ਸਿੰਘ ਅਤੇ ਅਨੇਕਾਂ ਸਿੱਖ ਕੌਮ ਦੇ ਮਹਾਨ ਸ਼ਹੀਦਾਂ ਦੀ ਸ਼ਹੀਦੀ ਨੂੰ ਸਮਰਪਿਤ ਸਲਾਨਾ ਸ਼ਹੀਦੀ ਸਮਾਗਮ ਅਤੇ ਨਗਰ ਕੀਰਤਨ 28 ਦਸੰਬਰ ਨੂੰ—ਸੰਤ ਬਾਬਾ ਬੋਹੜ ਸਿੰਘ ਤੂਤਾਂ ਵਾਲੇ

**ਫ਼ਿਰੋਜ਼ਪੁਰ, 26 ਦਸੰਬਰ (ਮਨੋਹਰ ਲਾਲ)** :— ਗੁਰਦੁਆਰਾ ਛੱਪੜੀ ਸਾਹਿਬ ਪਿੰਡ ਤੂਤ ਵਿਖੇ ਮਾਤਾ ਗੁਜਰ ਕੌਰ ਜੀ, ਚਾਰ ਸਾਹਿਬਜ਼ਾਦੇ, ਅਮਰ ਸ਼ਹੀਦ ਬਾਬਾ ਹਿੰਮਤ ਸਿੰਘ ਜੀ ਅਤੇ ਅਨੇਕਾਂ ਸਿੱਖ ਕੌਮ ਦੇ ਮਹਾਨ ਸ਼ਹੀਦਾਂ ਦੀ ਸ਼ਹੀਦੀ ਨੂੰ ਸਮਰਪਿਤ ਸਲਾਨਾ ਸ਼ਹੀਦੀ ਸਮਾਗਮ ਅਤੇ ਨਗਰ ਕੀਰਤਨ 28 ਦਸੰਬਰ ਨੂੰ ਸਜਾਇਆ ਜਾਵੇਗਾ। ਇਹ ਜਾਣਕਾਰੀ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਗੁਰਦੁਆਰਾ ਬਾਬਾ ਹਿੰਮਤ ਸਿੰਘ ਜੀ ਬਾਠ ਗੁਰਦੁਆਰਾ ਛੱਪੜੀ ਸਾਹਿਬ ਪਿੰਡ ਤੂਤ ਦੇ ਮੁੱਖ ਸੇਵਾਦਾਰ ਸ੍ਰੀਮਾਨ ਸੰਤ ਬਾਬਾ ਬੋਹੜ ਸਿੰਘ ਜੀ ਤੂਤਾਂ ਵਾਲਿਆਂ ਨੇ ਦੱਸਿਆ ਕਿ ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਮਾਤਾ ਗੁਜਰ ਕੌਰ ਜੀ, ਚਾਰ ਸਾਹਿਬਜ਼ਾਦਿਆਂ, ਅਮਰ ਸ਼ਹੀਦ ਬਾਬਾ ਹਿੰਮਤ ਸਿੰਘ ਜੀ ਬਾਠ ਅਤੇ ਹੋਰ ਅਨੇਕਾਂ ਸਿੱਖ ਕੌਮ ਦੇ ਮਹਾਨ ਸ਼ਹੀਦਾਂ ਦੀ ਸ਼ਹੀਦੀ ਨੂੰ ਸਮਰਪਿਤ ਵਿਸ਼ਾਲ ਨਗਰ ਕੀਰਤਨ 28 ਦਸੰਬਰ ਦਿਨ ਸ਼ਨੀਵਾਰ ਨੂੰ ਗੁਰਦੁਆਰਾ ਛੱਪੜੀ ਸਾਹਿਬ ਤੋਂ ਹੁੰਦਾ ਹੋਇਆ ਸਵੇਰੇ 8 ਵਜੇ ਵੱਖ—ਵੱਖ ਪਿੰਡਾਂ ਤੂਤ, ਚੁੱਘੇ ਵਾਲਾ, ਮੁਮਾਰਾ, ਡੋਡ, ਸੰਗਰਾਹੂਰ, ਬੁੱਟਰ, ਕਿਲੀ, ਥੇਹ ਗੁੱਜਰ, ਸ਼ਾਮ ਸਿੰਘ ਵਾਲਾ, ਟਾਹਲੀ ਵਾਲਾ, ਮਹਿਮਾ, ਰੋੜਾਂ ਵਾਲਾ, ਚੂਹੜ ਖਿਲਚੀਆਂ, ਗੁਲਾਮ ਪੱਤਰਾ ਅਤੇ ਵਾਪਸੀ ਗੁਰਦੁਆਰਾ ਛੱਪੜੀ ਸਾਹਿਬ ਪਹੁੰਚੇਗਾ। ਸ੍ਰੀਮਾਨ ਸੰਤ ਬਾਬਾ ਬੋਹੜ ਸਿੰਘ ਜੀ ਨੇ ਅੱਗੇ ਦੱਸਿਆ ਕਿ ਇਸ ਵਿਸ਼ਾਲ ਨਗਰ ਕੀਰਤਨ ਵਿਚ ਬੈਡ ਅਤੇ ਗਤਕਾ ਪਾਰਟੀਆਂ ਆਪਣੇ ਕਲਾਂ ਦੇ ਜ਼ੌਹਰ ਵਿਖਾਉਣਗੀਆਂ ਅਤੇ ਵਿਸ਼ੇਸ਼ ਖਿੱਚ ਦਾ ਕੇਂਦਰ ਹੋਣਗੀਆਂ। ਸ੍ਰੀਮਾਨ ਸੰਤ ਬਾਬਾ ਬੋਹੜ ਸਿੰਘ ਜੀ ਨੇ ਸਮੂਹ ਇਲਾਕੇ ਭਰ ਦੀਆਂ ਸੰਗਤਾਂ ਨੂੰ ਦੂਰੋ ਨੇੜਿਓ ਸੰਗਤਾਂ ਨੂੰ ਬੇਨਤੀ ਕੀਤੀ ਕਿ ਉਹ ਭਾਰੀ ਗਿਣਤੀ ਵਿਚ ਗੁਰੂ ਵਾਲੀ ਬਖਸਿਸ਼ ਆਪਣੇ—ਆਪਣੇ ਵਹੀਕਲਾਂ, ਕਾਰਾਂ, ਜੀਪਾਂ, ਟਰੈਕਟਰਾਂ, ਟਰਾਲੀਆਂ, ਬੱਸਾਂ ਆਦਿ ਲੈ ਕੇ ਪਹੁੰਚ ਕੇ ਗੁਰੂ ਘਰ ਦੀਆਂ ਖੁਸ਼ੀਆਂ ਪ੍ਰਾਪਤ ਕਰੋ ਅਤੇ ਨਗਰ ਕੀਰਤਨਵਿਚ ਕੇਸਰੀ ਦਸਤਾਰਾਂ ਅਤੇ ਬੀਬੀਆਂ ਕੇਸਰੀ ਦੁਪਟੇ ਪਹਿਨ ਕੇ ਸ਼ਾਮਲ ਹੋਣ ਜੀ ਅਤੇ ਨਗਰ ਕੀਰਤਨ ਵਿਚ ਮੋਟਰ ਸਾਈਕਲ, ਸਕੂਟਰ ਆਦਿ ਦੀ ਇਜਾਜਤ ਨਹੀਂ ਹੋਵੇਗੀ। ਬਾਬਾ ਜੀ ਨੇ ਅੱਗੇ ਦੱਸਿਆ ਕਿ ਇਸ ਵਿਸ਼ਾਲ ਨਗਰ ਕੀਰਤਨ ਵਿਚ ਪਿੰਡਾਂ ਵੱਲੋਂ ਸਵਾਗਤੀ ਗੇਟ ਸਜਾਏ ਜਾਣਗੇ। ਇਸ ਮੌਕੇ ਤੇ ਨਗਰ ਕੀਰਤਨ ਵਿਚ ਸਟੇਜ਼ ਦੀ ਸੇਵਾ ਭਾਈ ਹਰਜੀਤ ਸਿੰਘ ਤੂਤ ਨਿਭਾਉਣਗੇ।



ਆਵਾਜ਼ਿ ਕੌਮ AWAZE QAUM International Newspaper & WEB TV

# ਬਾਬਾ ਮੋਤੀ ਰਾਮ ਦੀ ਬੇਮਿਸਾਲ ਸੇਵਾ

**ਬਾਬਾ** ਮੋਤੀ ਰਾਮ ਮਹਿਰਾ ਸ਼੍ਰੀ ਗੁਰੂ ਗੋਬਿੰਦ ਸਿੰਘ ਜੀ ਦਾ ਇੱਕ ਸਮਰਪਿਤ ਚੇਲਾ ਅਤੇ ਸੇਵਕ ਸੀ। ਬਾਬਾ ਮੋਤੀ ਰਾਮ ਮਹਿਰਾ ਦੀ ਉਮਰ 40 ਸਾਲ ਸੀ ਜੋ ਸਰਹਿੰਦ ਦੇ ਰਹਿਣ ਵਾਲੇ ਤੇ ਬਹੁਤ ਹੀ ਗ਼ਰੀਬ ਪਰਿਵਾਰ ਨਾਲ ਸੰਬੰਧਿਤ ਸਨ।ਆਪ ਦੀ ਰਿਹਾਇਸ਼ ਮਨਸੂਰੀਵ ਟਿੱਬੇ ਤੇ ਇੱਕ ਕੱਚੇ ਮਕਾਨ ਵਿੱਚ ਸੀ, ਜਿੱਥੇ ਉਹ ਆਪਣੀ ਪਤਨੀ ਭੋਲੀ ਜਿਸ ਦੀ ਉਮਰ 38 ਸਾਲ, ਬਿਰਧ ਮਾਤਾ ਦੀ ਉਮਰ 70 ਸਾਲ ਅਤੇ ਇੱਕ ਸੱਤ ਸਾਲ ਦੇ ਪੁੱਤਰ ਨਾਲ ਰਹਿੰਦੇ ਸਨ। ਆਪ ਗੁਰੂ ਘਰ ਦੇ ਪੱਕੇ ਸ਼ਰਧਾਲੂ ਸਨ। ਪੰਜਾਂ ਪਿਆਰਿਆਂ ਵਿੱਚੋਂ ਭਾਈ ਹਿੰਮਤ ਸਿੰਘ ਜੀ ਇਹਨਾਂ ਦੇ ਰਿਸ਼ਤੇਦਾਰ ਸਨ। ਮਾਲਵੇ ਦੀ ਸਿੱਖ ਸੰਗਤ ਜਦੋਂ ਗੁਰੂ ਸਾਹਿਬ ਦੇ ਦਰਸ਼ਨਾਂ ਨੂੰ ਅਨੰਦਪੁਰ ਸਾਹਿਬ ਜਾਂਦੀ ਸੀ ਤਾਂ ਉਹ ਬਾਬਾ ਮੋਤੀ ਰਾਮ ਜੀ ਕੋਲ ਰੁਕ ਕੇ ਜਾਂਦੀ ਸੀ। ਭਾਈ ਮੋਤੀ ਰਾਮ ਮਹਿਰਾ ਸਰਹਿੰਦ ਦੇ ਸੂਬੇਦਾਰ ਨਵਾਬ ਵਜ਼ੀਰ ਖਾਂ ਹਿੰਦੂ ਲੰਗਰ ਵਿੱਚ ਲਾਂਗਰੀ ਵਜੋਂ ਨੌਕਰੀ ਕਰਦੇ ਸਨ। ਇਹਨਾਂ ਦੀ ਡਿਊਟੀ ਹਿੰਦੂ ਕੈਦੀਆਂ ਨੂੰ ਲੰਗਰ ਛਕਾਉਣ ਦੀ ਸੀ। ਆਪ ਜੀ ਦੀ ਉਮਰ ਉਸ ਸਮੇਂ ਕੋਈ 27-28 ਸਾਲ ਦੀ ਹੋਵੇਗੀ। ਸਰਹਿੰਦ ਸ਼ਹਿਰ ਦੇ ਹਿੰਦੂ ਅਤੇ ਸਿੱਖ ਪਰਿਵਾਰਾਂ ਨਾਲ ਆਪ ਦਾ ਚੰਗਾ ਸੰਪਰਕ ਸੀ। ਜ਼ੇਲ੍ਹ ਦੇ ਦਰੋਗੇ ਨੇ ਆਪ ਨੂੰ ਕਿਹਾ, "ਭਾਈ ਮੋਤੀ ਰਾਮਾ ! ਠੰਡੇ ਬੁਰਜ ਵਿੱਚ ਤਿੰਨ ਨਵੇਂ ਕੈਦੀ ਆਏ ਹਨ। ਉਹਨਾਂ ਨੂੰ ਭੋਜਨ ਛਕਾ ਦਈ।" ਭਾਈ ਮੋਤੀ ਰਾਮ ਭੋਜਨ ਲੈ ਕੇ ਬੁਰਜ ਦੀਆਂ ਪੌੜੀਆਂ ਚੜ੍ਹ ਗਿਆ। ਉੱਪਰ ਘੁੱਪ ਹਨੇਰਾ ਸੀ। ਦੀਵੇ ਦੀ ਮੱਧਮ ਲੋਅ ਵਿੱਚ ਨਿੱਕੇ-ਨਿੱਕੇ ਬਾਲਾਂ ਤੇ ਮਾਤਾ ਗੁੱਜਰ ਕੌਰ ਦੇ ਚਰਨਾਂ ਦੀ ਛੋਹ ਪ੍ਰਾਪਤ ਕੀਤੀ। ਮਾਤਾ ਜੀ ਬੋਲੇ ਤੂੰ ਕੌਣ ਹੈ ? ਭਾਈ ਮੋਤੀ ਰਾਮ ਨੇ ਨਿਮਰਤਾ ਸਹਿਤ ਉੱਤਰ ਦਿੱਤਾ, "ਮਾਤਾ ਜੀਓ ! ਦਾਸ ਨੂੰ 'ਮੋਤੀ' ਕਹਿ ਕੇ ਲੋਕ ਬੁਲਾਉਂਦੇ ਹਨ। ਆਪ ਦਾ ਇਹ ਸੇਵਕ ਨਵਾਬ ਦੀ ਨੌਕਰੀ ਕਰਦਾ ਹੈ। ਆਪ ਲਈ ਭੋਜਨ ਲੈ ਕੇ ਆਇਆ ਹਾਂ, ਪ੍ਰਸ਼ਾਦਾ ਛਕ ਲਵੋ। ਮਾਤਾ ਜੀ ਨੇ ਸ਼ਾਹੀ ਭੋਜਨ ਲੈਣ ਤੋਂ ਇਨਕਾਰ ਕਰ ਦਿੱਤਾ। ਮਾਤਾ ਗੁਜਰੀ ਨੇ ਕਿਹਾ, "ਨਹੀਂ ਮੋਤੀਆ ! ਇਹਨਾਂ ਪਾਪੀਆਂ ਦੇ ਘਰ ਦੀ ਰੋਟੀ ਪ੍ਰਵਾਨ ਨਹੀਂ ਕਰਨੀ। ਇਹਨਾਂ ਜ਼ਾਲਮਾਂ ਦੇ ਘਰ ਦਾ ਅੰਨ ਪਾਣੀ ਨਹੀਂ ਛਕਣਾ, ਲੈ ਜਾ । ਭਾਈ ਮੋਤੀ ਰਾਮ ਦੂਜੀ ਵਾਰ ਦੀਵਾਨ ਸੁੱਚਾ ਨੰਦ ਦੇ ਘਰ ਤੋਂ ਲਿਆਂਦਾ ਭੋਜਨ ਵੀ ਲੈ ਕੇ ਗਿਆ। ਮਾਤਾ ਜੀ ਨੇ ਇਹ ਭੋਜਨ 'ਪਾਪ ਦੀ ਕਮਾਈ' ਕਹਿ ਕੇ ਵਾਪਸ ਕਰ ਦਿੱਤਾ। ਮਾਤਾ ਜੀ ਨੇ ਕਿਹਾ, "ਅਸੀਂ ਨਾਮ ਦਾ ਭੋਜਨ, ਬੰਦਗੀ ਦੀ ਖ਼ੁਰਾਕ ਖਾ ਕੇ ਸਮਾਂ ਬਤੀਤ ਕਰ ਲਵਾਂਗੇ।" ਗੁਰੂ ਘਰ ਦਾ ਸਿੱਖ ਭਾਈ ਮੋਤੀ ਰਾਮ ਮਹਿਰਾ ਦੁਖੀ ਮਨ ਨਾਲ ਆਪਣੇ ਘਰ ਪਹੁੰਚਿਆ।

ਸਾਰਾ ਪਰਿਵਾਰ ਮੋਤੀ ਰਾਮ ਨੂੰ ਉਡੀਕ ਰਿਹਾ ਸੀ ਕਿ ਜਦੋਂ ਘਰ ਆਉਣਗੇ ਤਾਂ ਇਕੱਠੇ ਬੈਠ ਕੇ ਰੋਟੀ ਖਾਵਾਂਗੇ ਕਿਉਂਕਿ ਸਾਰੇ ਇਕੱਠੇ ਬੈਠ ਕੇ ਹੀ ਭੋਜਨ ਛਕਦੇ ਸਨ। ਬਾਬਾ ਮੋਤੀ ਰਾਮ ਮਹਿਰਾ ਸਾਰਾ ਕੰਮ-ਕਾਜ ਸਮੇਟ ਕੇ ਘਰ ਜਾ ਕੇ ਬੈਠੇ। ਘਰ ਵਾਲੀ ਤੇ ਮਾਂ ਨੇ ਪ੍ਰਸ਼ਾਦਾ ਤਿਆਰ ਕੀਤਾ। ਰੋਟੀ ਦੀ ਗਰਾਹੀ ਤੋੜੀ ਤੇ ਮੂੰਹ ਕੋਲ ਪਹੁੰਚ ਗਈ ਪਰ ਮੂੰਹ ਦੇ ਅੰਦਰ ਨਾ ਜਾ ਸਕੀ। ਘਰ ਵਾਲੀ ਨੇ ਕਿਹਾ ਕਿ ਅੱਜ ਤੇਰੇ ਅੰਦਰ ਰੋਟੀ ਕਿਉਂ ਨਹੀਂ ਜਾ ਰਹੀ। ਕੁਝ ਦੇਰ ਇੰਤਜ਼ਾਰ ਕਰਨ ਤੋਂ ਬਾਅਦ ਬਾਬਾ ਮੋਤੀ ਰਾਮ ਮਹਿਰਾ ਦੀ ਮਾਂ ਕਹਿਣ ਲੱਗੀ, "ਬੇਟਾ ! ਕੀ ਗੱਲ ਹੈ, ਅੱਜ ਰੋਟੀ ਨਹੀਂ ਖਾ ਰਿਹਾ।" ਤਾਂ ਮੋਤੀ ਰਾਮ ਨੇ ਕਿਹਾ, "ਮਾਤਾ ਗੁਜਰੀ ਤੇ ਛੋਟੇ ਲਾਲ (ਬਾਬਾ ਜ਼ੋਰਾਵਰ ਸਿੰਘ ਤੇ ਬਾਬਾ ਫਤਿਹ ਸਿੰਘ) ਭੁੱਖੇ ਹਨ, ਮੇਰੇ ਅੰਦਰ ਰੋਟੀ ਕਿਵੇਂ ਜਾਵੇਗੀ। ਮੈਨੂੰ ਪ੍ਰਸ਼ਾਦਾ ਚੰਗਾ ਨਹੀਂ ਲੱਗਦਾ। ਮੈਂ ਰੋਟੀ ਨਹੀਂ ਖਾ ਸਕਦਾ। ਚੁੱਕ ਲਵੋ।

ਓਧਰ ਨਵਾਬ ਵਜ਼ੀਰ ਖਾਂ ਨੇ ਸ਼ਹਿਰ ਵਿੱਚ ਲਾਊਡ ਸਪੀਕਰ ਰਾਹੀਂ ਢੋਲ ਦੇ ਡੱਗੇ ਤੇ ਮਨਾਦੀ (ਡੌਂਡੀ) ਕਰਾਈ ਕਿ ਜੋ ਵੀ ਗੁਰੂ ਜੀ ਦੇ ਮਾਤਾ (ਮਾਤਾ ਗੁੱਜਰ ਕੌਰ) ਤੇ ਬੱਚਿਆਂ (ਬਾਬਾ ਜ਼ੋਰਾਵਰ ਸਿੰਘ ਤੇ ਬਾਬਾ ਫਤਿਹ ਸਿੰਘ) ਦੀ ਮਦਦ ਕਰਨ ਦੀ ਕੋਸ਼ਿਸ਼ ਕਰੇਗਾ, ਉਸ ਨੂੰ ਬੱਚਿਆਂ ਸਮੇਤ ਕੋਹਲੂ ਵਿੱਚ ਪੀੜ ਦਿੱਤਾ ਜਾਵੇਗਾ। ਇਹ ਸੁਣ ਕੇ ਭਾਈ ਮੋਤੀ ਰਾਮ ਮਹਿਰਾ ਦੀ ਬਿਰਧ ਮਾਤਾ ਕੰਬ ਗਈ। ਉਸ ਨੇ ਆਪਣੇ ਪੁੱਤਰ ਭਾਈ ਮੋਤੀ ਰਾਮ ਨੂੰ ਕਿਹਾ, "ਤੈਨੂੰ ਮੇਰੇ ਅਤੇ ਆਪਣੀ ਬੀਵੀ-ਬੱਚੇ ਤੇ ਤਰਸ ਨਹੀਂ। ਜਵਾਨੀ ਦੇ ਜੋਸ਼ ਵਿੱਚ ਕੀ ਕਰਨ ਜਾ ਰਿਹਾ ਹੈ, ਕੁਝ ਸੋਚ ਵਿਚਾਰ ਕਰ।" ਬਿਰਧ ਮਾਤਾ ਤਰਲੇ ਲੈ ਰਹੀ



ਸੀ। ਮੋਤੀ ਰਾਮ ਕਹਿਣ ਲੱਗਾ, "ਕਿ ਜੇਕਰ ਮੈਂ ਅੱਜ ਰੁਕ ਗਿਆ ਤਾਂ ਸਰਹਿੰਦ ਦੇ ਸਾਰੇ ਸਿੱਖ ਸ਼ਰਧਾਲੂਆਂ ਦੀ ਸਿੱਖੀ ਡੋਲ ਗਈ ਸਮਝੀ ਜਾਵੇਗੀ ਤੇ ਆਉਣ ਵਾਲੇ ਸਮੇਂ ਨੇ ਸਾਨੂੰ ਮਾਫ਼ ਨਹੀਂ ਕਰਨਾ।

ਭਾਈ ਮੋਤੀ ਰਾਮ ਨੇ ਆਪਣੀ ਧਰਮ ਪਤਨੀ ਨੂੰ ਸਮਝਾਇਆ। ਜੇਕਰ ਉਹ ਮੇਰੇ ਨਾਲ ਸਹਿਮਤ ਹੈ ਤਾਂ ਇੱਕ ਗੱਲ ਕਹਿੰਦਾ ਹਾਂ ਕਿ ਮੈਂ ਗਾਂ ਦਾ ਦੁੱਧ ਅਤੇ ਜਲ ਲੈ ਕੇ ਜਾਵਾਂਗਾ। ਜੇਕਰ ਤੁਸੀਂ ਆਪਣੇ ਗਹਿਣੇ ਮੈਨੂੰ ਦੇ ਦੇਵੋ। ਉਸ ਦੀ ਧਰਮ ਪਤਨੀ ਬੀਬੀ ਭੋਲੀ ਘਰ ਦੇ ਅੰਦਰ ਗਈ। ਉਸ ਨੂੰ ਪਿਤਾ ਨੇ ਜੋ ਗਹਿਣੇ ਵਿਆਹ ਸਮੇਂ ਪਾਏ ਸਨ ਤੇ ਕੁਝ ਸਿੱਕੇ ਜੋ ਸਨ ਉਹ ਲਿਆ ਕੇ ਭਾਈ ਮੋਤੀ ਰਾਮ ਜੀ ਨੂੰ ਦਿੱਤੇ ਤੇ ਕਿਹਾ, "ਸੁਆਮੀ ਜੀ ! ਪਹਿਰੇਦਾਰ ਜੋ ਪਹਿਰੇ ਤੇ ਖੜ੍ਹੇ ਹੁੰਦੇ ਹਨ, ਉਹ ਟਕੇ-ਟਕੇ ਤੇ ਵਿਕ ਜਾਂਦੇ ਹਨ। ਉਹਨਾਂ ਨੂੰ ਇਹ ਗਹਿਣੇ ਰਿਸ਼ਵਤ ਦੇ ਦੇਣੀ। ਇੱਕ ਗੜ੍ਹਵਾ ਚੰਗੀ ਤਰ੍ਹਾਂ ਸਾਫ ਕਰਕੇ ਦੁੱਧ ਦਾ ਭਰ ਕੇ ਦਿੱਤਾ ਤੇ ਨਾਲ ਸੁੱਕੇ ਮੇਵੇ ਅਤੇ ਕੋਰੇ ਭਾਂਡੇ ਵਿੱਚ ਜਲ ਲੈ ਕੇ ਭਾਈ ਮੋਤੀ ਰਾਮ ਠੰਡੇ ਬੁਰਜ ਵੱਲ ਚੱਲ ਪਏ। ਭਾਈ ਮੋਤੀ ਰਾਮ ਪਹਿਰੇਦਾਰ ਨੂੰ ਗਹਿਣੇ (ਰਿਸ਼ਵਤ) ਦੇ ਕੇ ਮਾਤਾ ਗੁੱਜਰ ਕੌਰ ਤੇ ਛੋਟੇ ਸਾਹਿਬਜ਼ਾਦਿਆਂ ਕੋਲ ਠੰਡੇ ਬੁਰਜ ਵਿੱਚ ਪਹੁੰਚ ਗਿਆ ਤੇ ਚਰਨਾਂ ਵਿੱਚ ਨਿਮਰਤਾ ਸਹਿਤ ਬੇਨਤੀ ਕੀਤੀ। ਇਹ ਦੁੱਧ ਇਸ ਗ਼ਰੀਬ ਸੇਵਕ ਦੇ ਘਰ ਦਾ ਹੈ। ਆਪ ਵੀ ਛਕੋ ਤੇ ਸਾਹਿਬਜ਼ਾਦਿਆਂ ਨੂੰ ਵੀ ਦੁੱਧ ਛਕਾਓ। ਧੰਨ ਮਾਤਾ ਗੁੱਜਰ ਕੌਰ ਕਹਿਣ ਲੱਗੀ, "ਮੋਤੀਆ ! ਸਾਨੂੰ ਦੁੱਧ ਤਾਂ ਛਕਾ ਰਿਹਾ ਹੈ। ਜੇਕਰ ਸੂਬੇ ਨੂੰ ਪਤਾ ਲੱਗ ਗਿਆ ਤਾਂ ਤੈਨੂੰ ਪਤਾ ਹੈ ਕਿ ਤੇਰੇ ਪਰਿਵਾਰ ਨਾਲ ਕੀ ਹੋਵੇਗਾ।" ਬਾਬਾ ਮੋਤੀ ਰਾਮ ਮਹਿਰਾ, ਮਾਤਾ ਗੁੱਜਰ ਕੌਰ ਜੀ ਨੂੰ ਕਹਿਣ ਲੱਗਾ, "ਤੁਸੀਂ ਦੁੱਧ ਛਕ ਕੇ ਮੇਰੇ ਸਿਰ ਤੇ ਹੱਥ ਰੱਖ ਦਿਓ। ਮਾਤਾ ਜੀ ਨੇ ਪ੍ਰਸੰਨਚਿੱਤ ਹੋ ਕੇ ਭਾਈ ਮੋਤੀ ਰਾਮ ਨੂੰ ਅਸ਼ੀਰਵਾਦ ਦਿੱਤਾ। ਭਾਈ ਮੋਤੀ ਰਾਮ ਦੇ ਮਨ ਨੂੰ ਸ਼ਾਂਤੀ ਮਿਲੀ। ਘਰ ਪੁੱਜ ਕੇ ਆਪਣੀ ਬਿਰਧ ਮਾਤਾ ਅਤੇ ਪਤਨੀ ਨੂੰ ਸਾਰੀ ਗੱਲ ਦੱਸੀ। ਭਾਈ ਮੋਤੀ ਰਾਮ ਤਿੰਨ ਦਿਨ (10, 11 ਤੇ 12 ਪੋਹ) ਰਾਤ ਵੇਲੇ ਦੁੱਧ, ਮੇਵੇ ਅਤੇ ਜਲ ਦੀ ਸੇਵਾ ਮਾਤਾ ਗੁੱਜਰ ਕੌਰ ਤੇ ਛੋਟੇ ਸਾਹਿਬਜ਼ਾਦਿਆਂ ਦੀ ਕਰਦੇ ਰਹੇ।

ਆਵਾਜ਼ਿ ਕੌਮ AWAZE QAUM International Newspaper & WEB TV

ਦੋਵਾਂ ਸਾਹਿਬਜ਼ਾਦਿਆਂ ਦੀਆਂ ਤਿੰਨ ਪੇਸ਼ੀਆਂ ਹੋਈਆਂ। ਕਈ ਤਰ੍ਹਾਂ ਦੇ ਡਰ, ਲਾਲਚ ਦਿੱਤੇ ਗਏ। ਦਬਾਅ ਵੀ ਪਾਇਆ ਗਿਆ ਕਿ ਮੁਸਲਮਾਨ ਧਰਮ ਕਬੂਲ ਕਰ ਲੈਣ। ਦਰਬਾਰ ਵਿੱਚ ਮਲੇਰਕੋਟਲੇ ਦਾ ਨਵਾਬ ਸ਼ੇਰ ਮੁਹੰਮਦ ਖਾਂ ਵੀ ਹਾਜ਼ਰ ਸੀ। ਉਸ ਨੇ ਆਹ ਦਾ ਨਾਅਰਾ ਮਾਰਿਆ। ਮੈਂ ਆਪਣੇ ਭਰਾ ਦੀ ਮੌਤ ਦਾ ਬਦਲਾ ਗੁਰੂ ਗੋਬਿੰਦ ਸਿੰਘ ਜੀ ਤੋਂ ਜ਼ਰੂਰ ਲੈਣਾ ਹੈ। ਪਰ ਇਹਨਾਂ ਮਾਸੂਮ ਬਾਲਕਾਂ ਨੇ ਮੇਰਾ ਕੁਝ ਨਹੀਂ ਵਿਗਾੜਿਆ। ਜਦੋਂ ਕੋਈ ਵੀ ਹੀਲਾ ਨਾ ਚੱਲਿਆ ਤਾਂ ਕਾਜ਼ੀ ਨੇ ਫਤਵਾ ਸੁਣਾ ਦਿੱਤਾ ਕਿ ਇਹਨਾਂ ਨੂੰ ਨੀਹਾਂ ਵਿੱਚ ਚਿਣ ਕੇ ਸ਼ਹੀਦ ਕਰ ਦਿੱਤਾ ਜਾਵੇ। ਨਵਾਬ ਵਜ਼ੀਰ ਖਾਂ ਨੇ ਦੋਹਾਂ ਸਾਹਿਬਜ਼ਾਦਿਆਂ ਨੂੰ ਨੀਹਾਂ ਵਿੱਚ ਚਿਣਵਾ ਕੇ ਸ਼ਹੀਦ ਕਰਵਾ ਦਿੱਤਾ।

ਭਾਈ ਮੋਤੀ ਰਾਮ ਮਹਿਰਾ ਨੇ ਸੇਠ ਦੀਵਾਨ ਟੋਡਰ ਮੱਲ ਨੂੰ ਇਹਨਾਂ ਮਿਰਤਕ ਸਰੀਰਾਂ ਦਾ ਸਸਕਾਰ ਕਰਨ ਦਾ ਪ੍ਰਬੰਧ ਕਰਨ ਦੀ ਬੇਨਤੀ ਕੀਤੀ। ਬਾਬਾ ਮੋਤੀ ਰਾਮ ਜੀ ਨੇ ਜੰਗਲਾਂ ਵਿੱਚ ਜਾ ਕੇ ਚੌਧਰੀ ਅੱਤਾ ਖਾਂ ਤੋਂ ਚੰਦਨ ਦੀਆਂ ਲੱਕੜਾਂ ਦੇ ਗੱਡੇ ਦਾ ਪ੍ਰਬੰਧ ਕੀਤਾ। ਸਿੱਖ ਮਰਯਾਦਾ ਅਨੁਸਾਰ ਮਾਤਾ ਗੁੱਜਰ ਕੌਰ ਜੀ ਅਤੇ ਦੋਵੇਂ ਸਾਹਿਬਜ਼ਾਦਿਆਂ ਦੇ ਮ੍ਰਿਤਕ ਸਰੀਰਾਂ ਦਾ ਸੰਸਕਾਰ ਕੀਤਾ ਗਿਆ। ਅੱਜ ਉਸ ਸਥਾਨ ਤੇ ਗੁਰਦੁਆਰਾ ਜੋਤੀ ਸਰੂਪ ਸਾਹਿਬ ਸਸ਼ੋਭਿਤ ਹੈ।

ਕੁਝ ਸਮਾਂ ਬੀਤਣ ਤੋਂ ਬਾਅਦ ਨਵਾਬ ਵਜ਼ੀਰ ਖਾਂ ਕੋਲ ਪੰਮੇ ਲੰਗੇ ਨੇ ਆ ਕੇ ਚੁਗਲੀ ਕੀਤੀ ਕਿ ਬਾਬਾ ਮੋਤੀ ਰਾਮ ਮਹਿਰਾ ਨੇ ਮਾਤਾ ਗੁੱਜਰ ਕੌਰ ਤੇ ਸਾਹਿਬਜ਼ਾਦੇ ਬਾਬਾ ਜ਼ੋਰਾਵਰ ਸਿੰਘ ਤੇ ਬਾਬਾ ਫਤਿਹ ਸਿੰਘ ਨੂੰ ਦੁੱਧ, ਮੇਵੇ ਤੇ ਜਲ ਛਕਾਇਆ ਹੈ। ਉਹਨਾਂ ਦੇ ਸਸਕਾਰ ਲਈ ਲੱਕੜਾਂ ਦਾ ਪ੍ਰਬੰਧ ਵੀ ਇਸ ਦੁਆਰਾ ਹੀ ਕੀਤਾ ਗਿਆ ਸੀ। ਨਵਾਬ ਵਜ਼ੀਰ ਖਾਂ ਨੇ ਬਾਬਾ ਮੋਤੀ ਰਾਮ ਮਹਿਰਾ, ਉਸ ਦੀ ਮਾਤਾ ਲੱਧੋ ਪਤਨੀ ਭੋਲੀ ਅਤੇ ਇੱਕ ਛੋਟੇ ਜਿਹੇ ਪੁੱਤਰ ਦੀ ਗ੍ਰਿਫਤਾਰੀ ਦਾ ਹੁਕਮ ਦਿੱਤਾ। ਨਵਾਬ ਵਜ਼ੀਰ ਖਾਂ ਦੇ ਦਰਬਾਰ ਵਿੱਚ ਮੋਤੀ ਰਾਮ ਮਹਿਰਾ ਨੂੰ ਪੇਸ਼ ਕੀਤਾ ਗਿਆ। ਨਵਾਬ ਨੇ ਮੋਤੀ ਰਾਮ ਤੋਂ ਉਹਨਾਂ ਉੱਤੇ ਲੱਗੇ ਇਲਜ਼ਾਮਾਂ ਪ੍ਰਤੀ ਸਫ਼ਾਈ ਮੰਗੀ। ਬਾਬਾ ਮੋਤੀ ਰਾਮ ਮਹਿਰਾ ਨੇ ਆਪਣੇ ਕੀਤੇ ਨੂੰ ਛਪਾਉਣ ਦਾ ਯਤਨ ਨਹੀਂ ਕੀਤਾ ਸਗੋਂ ਦਲੇਰੀ, ਹਿੰਮਤ ਨਾਲ ਨਵਾਬ ਨੂੰ ਕਿਹਾ, "ਕਿ ਕੈਦੀ ਬੱਚਿਆਂ ਅਤੇ ਉਹਨਾਂ ਦੀ ਦਾਦੀ ਦੀ ਸੇਵਾ ਕਰਨਾ, ਉਸ ਦੀ ਪਵਿੱਤਰ ਡਿਊਟੀ ਹੈ। ਮੈਂ ਦੁੱਧ ਅਤੇ ਜਲ ਦੀ ਸੇਵਾ ਕਰਕੇ ਆਪਣਾ ਧਰਮ ਨਿਭਾਇਆ ਹੈ, ਕੋਈ ਗਦਾਰੀ ਨਹੀਂ ਕੀਤੀ। ਚੰਦਨ ਦੀਆਂ ਲੱਕੜਾਂ ਦਾ ਪ੍ਰਬੰਧ ਕਰਨਾ ਵੀ ਮੇਰਾ ਫ਼ਰਜ਼ ਸੀ ਤਾਂ ਕਿ ਉਹਨਾਂ ਤਿੰਨ ਪਵਿੱਤਰ ਸਰੀਰਾਂ ਦਾ ਧਾਰਮਿਕ ਮਰਯਾਦਾ ਅਨੁਸਾਰ ਸਸਕਾਰ ਹੋ ਸਕੇ।

ਬਾਬਾ ਮੋਤੀ ਰਾਮ ਮਹਿਰਾ, ਉਸ ਦੀ ਪਤਨੀ ਭੋਲੀ, ਬਜ਼ੁਰਗ ਮਾਤਾ ਦੇ ਪੁੱਤਰ ਜੀਤੂ ਨੂੰ ਮੂੰਹ ਹਨੇਰੇ ਸੁੱਤੇ ਪਰਿਵਾਰ ਨੂੰ ਗ੍ਰਿਫ਼ਤਾਰ ਕੀਤਾ ਗਿਆ। ਬਾਬਾ ਮੋਤੀ ਰਾਮ ਨੂੰ ਪਰਿਵਾਰ ਸਮੇਤ ਦੀਨ ਕਬੂਲ ਕਰਨ ਲਈ ਕਿਹਾ ਜਾਂ ਫਿਰ ਕੋਹਲੂ ਵਿੱਚ ਪਿੜ ਜਾਣ ਲਈ ਤਿਆਰ ਹੋ ਜਾਉ। ਬਾਬਾ ਮੋਤੀ ਰਾਮ ਨੇ ਸੂਬੇਦਾਰ ਨੂੰ ਸੰਬੋਧਨ ਹੋ ਕੇ ਆਖਿਆ ਕਿ ਮੈਨੂੰ ਤੇਰੇ ਤੋਂ ਕਿਸੇ ਇਨਸਾਫ਼ ਦੀ ਆਸ ਨਹੀਂ। ਤੂੰ ਜੋ ਚਾਹੇ ਕਰ ਸਕਦਾ ਹੈ ਕਰ ਪਰ ਮੈਨੂੰ ਮੇਰੇ ਧਰਮ ਤੋਂ ਕਦੇ ਡੁਲਾ ਨਹੀਂ ਸਕਦਾ। ਬਾਬਾ ਮੋਤੀ ਰਾਮ ਦੇ ਪੁੱਤਰ ਜੀਤੂ ਨੂੰ ਖ਼ੂਨੀ ਕੋਹਲੂ ਵੱਲ ਸਿਪਾਹੀ ਲੈ ਕੇ ਜਾ ਰਹੇ ਸਨ। ਬਾਬਾ ਮੋਤੀ ਰਾਮ ਦੀ ਬਜ਼ੁਰਗ ਮਾਤਾ ਆਪਣੇ ਲਾਡਲੇ ਪੋਤੇ ਨੂੰ ਖ਼ੂਨੀ ਕੋਹਲੂ ਵੱਲ ਜਾਂਦੇ ਦੇਖ ਕੇ ਸੂਬੇਦਾਰ ਵਜ਼ੀਰ ਖਾਂ ਨੂੰ ਕਿਹਾ, "ਵੇ ਜ਼ਾਲਮਾਂ ! ਪਹਿਲਾਂ ਮੈਨੂੰ ਕਤਲ ਕਰ ਲੈ।" ਬਾਬਾ ਮੋਤੀ ਰਾਮ ਮਹਿਰਾ ਦੀ ਧਰਮ ਪਤਨੀ ਬੀਬੀ ਭੋਲੀ ਨੇ ਉੱਚੀ-ਉੱਚੀ ਠੀਕ ਕੇ ਕਿਹਾ, "ਵੇ ਸੂਬਿਆ ! ਆਪਣੇ ਜ਼ੁਲਮ ਦੀ ਇੰਤਹਾ ਦੇ ਕੋਹਲੂ ਵਿੱਚ ਮੈਨੂੰ ਨਪੀੜ ਲੈ।" ਬਾਬਾ ਮੋਤੀ ਰਾਮ ਦੀਆਂ ਅੱਖਾਂ ਦੇ ਸਾਹਮਣੇ ਵਾਰੀ-ਵਾਰੀ ਪੁੱਤਰ, ਬਜ਼ੁਰਗ ਮਾਤਾ ਤੇ ਪਤਨੀ ਸਭ ਨੂੰ ਤਿਲਾਂ ਵਾਂਗ ਕੋਹਲੂ ਵਿੱਚ ਨਪੀੜ ਦਿੱਤਾ ਗਿਆ। ਅਖ਼ੀਰ ਵਿੱਚ ਸੂਬੇਦਾਰ ਦੇ ਸਿਪਾਹੀਆਂ ਨੇ ਬਾਬਾ ਮੋਤੀ ਰਾਮ ਜੋ ਸਤਿਨਾਮ-ਵਾਹਿਗੁਰੂ ਦਾ ਜਾਪ ਕਰ ਰਹੇ ਸਨ। ਉਹਨਾਂ ਨੂੰ ਵੀ ਤਿਲਾਂ ਵਾਂਗ ਕੋਹਲੂ ਵਿੱਚ ਨਪੀੜ ਦਿੱਤਾ। ਸਰਹਿੰਦ ਦੀ ਕਚਹਿਰੀ ਵਿੱਚ ਜੁੜੀ ਖਲਕਤ ਇਸ ਜ਼ੁਲਮ ਨੂੰ ਵੇਖ ਕੇ ਤ੍ਰਾਹ-ਤ੍ਰਾਹ ਕਰ ਰਹੀ ਸੀ। ਸਹਿਬਜ਼ਾਦਿਆਂ ਦੀ ਸ਼ਹਾਦਤ ਵਾਲੇ ਯਾਦਗਾਰੀ ਦਿਹਾੜੇ ਵਾਂਗ ਅਮਰ ਸ਼ਹੀਦ ਬਾਬਾ ਮੋਤੀ ਰਾਮ ਦੀ ਸ਼ਹਾਦਤ ਵਾਲੇ ਦਿਨ ਵੀ ਸਰਹਿੰਦ ਦੇ ਹਿੰਦੂ-ਸਿੱਖ ਘਰਾਂ ਵਿੱਚ ਚੁੱਲ੍ਹਾ ਨਹੀਂ ਸੀ ਬਲਿਆ।

ਬਾਬਾ ਮੋਤੀ ਰਾਮ ਮਹਿਰਾ ਜੀ ਦੀ ਯਾਦਗਾਰ ਸ੍ਰੀ ਫਤਿਹਗੜ੍ਹ ਸਾਹਿਬ ਵਿਖੇ ਉਹਨਾਂ ਦੇ ਭਾਈਚਾਰਕ ਵਾਰਸਾਂ ਵੱਲੋਂ ਬਣਾਈ ਗਈ। ਬਾਬਾ ਮੋਤੀ ਰਾਮ ਜੀ ਦੇ ਨਾਂ ਤੇ ਫਤਿਹਗੜ੍ਹ ਸਾਹਿਬ ਤੇ ਹੋਰ ਕਈ ਸ਼ਹਿਰਾਂ ਵਿੱਚ ਟ੍ਰਸਟ, ਅਦਾਰੇ ਚੱਲ ਰਹੇ ਹਨ। ਬਾਬਾ ਮੋਤੀ ਰਾਮ ਮਹਿਰਾ ਜੀ ਦਾ ਸ਼ਹੀਦੀ ਦਿਹਾੜਾ ਫਤਿਹਗੜ੍ਹ ਸਾਹਿਬ ਵਿਖੇ ਬੜੀ ਧੂਮਧਾਮ ਨਾਲ ਮਨਾਇਆ ਜਾਂਦਾ ਹੈ। ਬਾਬਾ ਮੋਤੀ ਰਾਮ ਜੀ ਨੇ ਜੋ ਸੇਵਾ ਕਮਾਈ, ਉਹ ਰਹਿੰਦੀ ਦੁਨੀਆਂ ਤੱਕ ਯਾਦ ਰਹੇਗੀ।

ਬਾਬਾ ਮੋਤੀ ਰਾਮ ਜੀ ਨੇ ਬਾਬਾ ਜ਼ੋਰਾਵਰ ਸਿੰਘ, ਬਾਬਾ ਫਤਹਿ ਸਿੰਘ ਜੀ ਤੇ ਮਾਤਾ ਗੁੱਜਰ ਕੌਰ ਨੂੰ ਜਿਨ੍ਹਾਂ ਗਲਾਸਾਂ ਵਿੱਚ ਦੁੱਧ ਤੇ ਜਲ ਛਕਾਇਆ ਸੀ। ਉਹ ਗਲਾਸ ਗੁਰਦੁਆਰਾ ਸ੍ਰੀ ਫਤਿਹਗੜ੍ਹ ਸਾਹਿਬ ਵਿਖੇ ਸੰਗਤਾਂ ਦੇ ਦਰਸ਼ਨਾਂ ਲਈ ਰੱਖੇ ਹੋਏ ਹਨ। ਜਿਨ੍ਹਾਂ ਦੇ ਲੱਖਾਂ ਹੀ ਸੰਗਤਾਂ ਦਰਸ਼ਨ ਕਰਦੀਆਂ ਹਨ।

**-ਕਰਨੈਲ ਸਿੰਘ ਐੱਮ.ਏ. ਲੁਧਿਆਣਾ**
#1138/63-ਏ, ਗੁਰੂ ਤੇਗ਼ ਬਹਾਦਰ ਨਗਰ,
ਗਲੀ ਨੰਬਰ 1, ਚੰਡੀਗੜ੍ਹ ਰੋਡ, ਜਮਾਲਪੁਰ, ਲੁਧਿਆਣਾ।

# ਗੁਰੂ ਗ੍ਰੰਥ ਸਾਹਿਬ ਦੇ ਸਤਿਕਾਰ ਲਈ ਹਾਂ ਤੱਤਪਰ : ਲਖਵੀਰ ਸਿੰਘ



ਫ਼ਿਰੋਜ਼ਪੁਰ, 26 ਦਸੰਬਰ (ਮਨੋਹਰ ਲਾਲ) :— ਗੁਰੂ ਗ੍ਰੰਥ ਸਾਹਿਬ ਸਤਿਕਾਰ ਕਮੇਟੀ ਪੰਜਾਬ ਦੇ ਸਰਪ੍ਰਸਤ ਲਖਵੀਰ ਸਿੰਘ ਮਹਾਲਮ ਨੇ ਗੱਲਬਾਤ ਕਰਦਿਆਂ ਕਿਹਾ ਕਿ ਪਿੰਡ ਸ਼ੇਰਖਾਂ, ਫ਼ਿਰੋਜ਼ਪੁਰ ਤੇ ਬਾਹਰ ਖੇਤ ਵਿਚ ਸੱਚੀਆਂ ਮਾਈਆਂ ਦੀ ਜਗ੍ਹਾ ਬਣੀ ਹੋਈ ਹੈ, ਜਿਥੇ ਕਿ ਹਿੰਦੂ ਧਰਮ ਅਨੁਸਾਰ ਚੁੰਨੀਆਂ ਚੜਾਈਆਂ ਜਾਂਦੀਆਂ ਹਨ, ਜ਼ੋਤਾਂ ਜਗਾਈਆਂ ਜਾਂਦੀਆਂ ਹਨ ਅਤੇ ਪੂਜਾ ਕੀਤੀ ਜਾਂਦੀ ਹੈ। ਉਨ੍ਹਾਂ ਕਿਹਾ ਕਿ ਪਿਛਲੇ ਸਾਲ ਕੁਝ ਮੋਹਤਬਰ ਵਿਅਕਤੀਆਂ ਨੇ ਗ੍ਰੰਥੀ ਸਿੰਘਾਂ ਅਤੇ ਸਿੱਖ ਜਥੇਬੰਦੀਆਂ ਨੂੰ ਵਿਸਵਾਸ਼ ਦਿਵਾਇਆ ਸੀ ਕਿ ਇਸ ਜਗ੍ਹਾ ਤੇ ਕਿਸੇ ਤਰ੍ਹਾਂ ਦੀ ਮਨਮਤ ਨਹੀਂ ਕੀਤੀ ਜਾਵੇਗੀ, ਪਰ ਪਿਛਲੇ ਸਾਲ ਹੀ ਉਸ ਜਗ੍ਹਾ ਤੇ ਚੁੰਨੀਆਂ ਚੜਾਈਆਂ ਗਈਆਂ, ਜ਼ੋਤਾਂ ਲਗਾਈਆਂ ਗਈਆਂ ਅਤੇ ਪੂਜਾ ਕੀਤੀ ਗਈ ਤੇ ਗੁਰੂ ਸਾਹਿਬ ਦੀ ਨਿਰਾਦਰੀ ਹੋਈ, ਐਤਕੀਂ ਫਿਰ ਕੁਝ ਬੰਦੇ ਸ਼੍ਰੋਮਣੀ ਗੁਰਦੁਆਰਾ ਕਮੇਟੀ ਮੈਂਬਰ ਦਰਸ਼ਨ ਸਿੰਘ ਸ਼ੇਰਖਾਂ ਅਤੇ ਸ਼੍ਰੋਮਣੀ ਕਮੇਟੀ ਦੇ ਪ੍ਰਚਾਰਕਾਂ ਨੂੰ ਬੁਲਾ ਕੇ ਗਲਤ ਤਰੀਕੇ ਨਾਲ ਸ੍ਰੀ ਅਕਾਲ ਤਖਤ ਨੂੰ ਗਲਤ ਰਿਪੋਰਟ ਦੇ ਕੇ ਮਨਜ਼ੂਰੀ ਲੈਣ ਦੀ ਕੋਸ਼ਿਸ਼ ਕੀਤੀ ਹੈ। ਉਨ੍ਹਾਂ ਕਿਹਾ ਕਿ ਕੱਲ ਸਿੱਖ ਜਥੇਬੰਦੀਆਂ ਨੇ ਪਿੰਡ ਸ਼ੇਰਖਾਂ ਵਿਚ ਮੀਟਿੰਗ ਕਰਕੇ ਬਿਲਕੁਲ ਹੀ ਉਥੇ ਗੁਰੂ ਸਾਹਿਬ ਦਾ ਪ੍ਰਕਾਸ਼ ਨਹੀਂ ਹੋਣ ਦਿਆਂਗੇ, ਜ਼ੋ ਕਿ ਪਹਿਲਾਂ ਵੀ ਕਈ ਵਾਰੀਂ ਸਿਆਸੀ ਦਬਾਅ ਦੇ ਚਲਦੇ ਪ੍ਰਚਾਰਕਾਂ ਤੋਂ ਗਲਤ ਤਰੀਕੇ ਨਾਲ ਰਿਪੋਰਟਾਂ ਕਰਵਾ ਕੇ ਸ੍ਰੀ ਅਕਾਲ ਤਖਤ ਸਾਹਿਬ ਨੂੰ ਸੌਂਪੀਆਂ ਜਾਂਦੀਆਂ ਹਨ, ਐਤਕੀ ਫਿਰ ਉਸੇ ਤਰ੍ਹਾਂ ਹੀ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਸਿੱਖ ਜਥੇਬੰਦੀਆਂ ਨੇ ਐਲਾਨ ਕੀਤਾ ਹੈ ਕਿ ਕਿਸੇ ਵੀ ਹਾਲਤ ਵਿਚ ਉਥੇ ਪ੍ਰਕਾਸ਼ ਨਹੀਂ ਹੋਣ ਦਿਆਂਗੇ। ਇਸ ਮੌਕੇ ਸਿੱਖ ਜਥੇਬੰਦੀਆਂ ਦੇ ਮੁਖੀਆਂ ਭਾਈ ਬਲਕਾਰ ਸਿੰਘ ਪੰਜ ਪਿਆਰਾ ਦੇ ਜਥੇਦਾਰ, ਸਿੱਖ ਸਟੂਡੈਂਟਸ ਫੈਡਰੇਸ਼ਨ ਮਹਿਤਾ ਦੇ ਕੁਲੀਦਪ ਸਿੰਘ ਸ਼ਹਿਰੀ ਪ੍ਰਧਾਨ, ਜਰਨੈਲ ਸਿੰਘ, ਸੰਤੋਖ ਸਿੰਘ ਜ਼ਿਲ੍ਹਾ ਪ੍ਰਧਾਨ ਗੁਰੂ ਗ੍ਰੰਥ ਸਾਹਿਬ ਸਤਿਕਾਰ ਕਮੇਟੀ, ਟਹਿਲ ਸਿੰਘ ਸ਼ੇਰਖਾਂ, ਆਸਾ ਸਿੰਘ ਗ੍ਰੰਥੀ ਸ਼ੇਰਖਾਂ ਅਤੇ ਸਰਪੰਚ ਸੁਖਦੇਵ ਸਿੰਘ ਮਹਾਲਮ, ਜਗਤਾਰ ਸਿੰਘ ਮਹਾਲਮ, ਅਜੀਤ ਸਿੰਘ ਮਹਾਲਮ, ਸੁੱਖਾ ਸਿੰਘ ਮਹਾਲਮ, ਗੁਰਮੀਤ ਸਿੰਘ ਸ਼ੇਰਖਾਂ, ਬੂਟਾ ਸਿੰਘ ਗ੍ਰੰਥੀ ਸਿੰਘ, ਬਲਵੰਤ ਸਿੰਘ, ਸੁਖਵਿੰਦਰ ਸਿੰਘ, ਗੁਰਪ੍ਰੀਤ ਸਿੰਘ ਵਗੈਰਾ ਹਾਜ਼ਰ ਸਨ। ਗੱਲਬਾਤ ਕਰਦਿਆਂ ਲਖਵੀਰ ਸਿੰਘ ਮਹਾਲਮ ਨੇ ਕਿਹਾ ਕਿ ਜੇਕਰ ਉਥੇ ਕੱਲ ਨੂੰ ਕੋਈ ਜਾਨੀ ਮਾਲੀ ਨੁਕਸਾਨ ਹੁੰਦਾ ਹੈ ਤਾਂ ਉਸ ਦੀ ਜਿੰਮੇਵਾਰੀ ਸੱਚੀਆਂ ਮਾਈਆਂ ਦੇ ਪ੍ਰਬੰਧਕਾਂ ਦੀ ਹੋਵੇਗੀ ਅਤੇ ਜਿਹੜੇ ਸ਼੍ਰੋਮਣੀ ਕਮੇਟੀ ਪ੍ਰਚਾਰਕਾਂ ਨੇ ਗਲਤ ਰਿਪੋਰਟਾਂ ਸ੍ਰੀ ਅਕਾਲ ਤਖਤ ਸਾਹਿਬ ਨੂੰ ਭੇਜੀਆਂ ਹਨ, ਉਹ ਸ਼੍ਰੋਮਣੀ ਕਮੇਟੀ ਮੈਂਬਰ ਦੀ ਹੋਵੇਗੀ। ਗੱਲਬਾਤ ਕਰਦਿਆਂ ਲਖਵੀਰ ਸਿੰਘ ਮਹਾਲਮ ਨੇ ਸਾਰੀਆਂ ਸਿੱਖ ਜਥੇਬੰਦੀਆਂ, ਨਿਹੰਗ ਸਿੱਖ ਜਥੇਬੰਦੀਆਂ ਅਤੇ ਕਿਸਾਨ ਜਥੇਬੰਦੀਆਂ ਨੂੰ ਅਪੀਲ ਕੀਤੀ ਕਿ ਮਿਤੀ 30 ਦਸੰਬਰ 24 ਨੂੰ ਸ੍ਰੀ ਆਖੰਡ ਪਾਠ ਆਰੰਭ ਹੋਣਾ ਹੈ ਅਤੇ ਆਪਾ ਸਾਰਿਆਂ ਨੇ ਉਥੇ ਪਹੁੰਚ ਕੇ ਗੁਰੂ ਸਾਹਿਬ ਦੀ ਮਰਿਆਦਾ ਬਹਾਲ ਕਰਵਾਉਣੀ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

# ਨਸ਼ਿਆਂ ਤੋਂ ਦੂਰੀ ਸਭਨਾਂ ਲਈ ਜ਼ਰੂਰੀ ਦੇ ਮੱਦੇਨਜ਼ਰ ਕਰਵਾਇਆ ਸੈਮੀਨਾਰ



ਫ਼ਿਰੋਜ਼ਪੁਰ, 26 ਦਸੰਬਰ (ਮਨੋਹਰ ਲਾਲ) :— ਨਸ਼ਿਆਂ ਤੋਂ ਦੂਰੀ ਸਭਨਾਂ ਲਈ ਜਰੂਰੀ। ਇਸ ਸਬੰਧੀ ਸੀਨੀਅਰ ਸਿਟੀਜਨ ਕੌਂਸਲ ਰਜਿਸਟਰ ਫਿਰੋਜਪੁਰ ਦੀ ਕਾਰਜਕਾਰਨੀ ਕਮੇਟੀ ਦੀ ਮੀਟਿੰਗ ਬਾਗਬਾਨ ਵਿਖੇ ਕੀਤੀ ਗਈ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਕੌਂਸਲ ਦੇ ਪ੍ਰਧਾਨ ਪੀ.ਡੀ. ਸ਼ਰਮਾ ਨੇ ਦੱਸਿਆ ਕਿ ਸਮਾਜ ਵਿੱਚ ਨਸ਼ੇ ਇੱਕ ਸਮੁੰਦਰ ਵਾਂਗ ਫੈਲਦੇ ਜਾ ਰਹੇ ਨੇ ਇਹਨਾਂ ਦੀ ਰੋਕਥਾਮ ਲਈ ਭਾਵੇਂ ਸਰਕਾਰਾਂ ਅਤੇ ਪ੍ਰਸ਼ਾਸਨ ਦਿਨ ਰਾਤ ਕੋਸ਼ਿਸ਼ ਕਰ ਰਿਹਾ ਹੈ ਪਰ ਫਿਰ ਵੀ ਇਹ ਅੱਗ ਵਾਂਗ ਵੱਧਦੇ ਜਾ ਰਹੇ ਨੇ । ਸਮਾਜਿਕ ਸੰਸਥਾਵਾਂ ਵੀ ਆਪਣੇ ਆਪਣੇ ਪੱਧਰ ਤੇ ਜੋਰ ਲਗਾ ਰਹੀਆਂ ਹਨ ਫਿਰ ਵੀ ਇਸ ਦੇ ਵਿੱਚ ਦਿਨ ਪ੍ਰਤੀ ਦਿਨ ਵਾਧਾ ਹੀ ਹੁੰਦਾ ਜਾ ਰਿਹਾ । ਇਸ ਦੀ ਰੋਕਥਾਮ ਲਈ ਸੀਨੀਅਰ ਸਿਟੀਜਨ ਕੌਂਸਲ ਰਜਿਸਟਰ ਫਿਰੋਜ਼ਪੁਰ ਵੱਲੋਂ ਮਿਤੀ 28 ਦਸੰਬਰ 2024 ਸ਼ਨੀਵਾਰ ਨੂੰ ਦੁਪਹਿਰੇ ਦੋ ਵਜੇ ਤੋਂ ਪਜ ਵਜੇ ਤੱਕ ਬਾਗਬਾਨ ਬਿਰਧ ਆਸ਼ਰਮ ਮਖੂ ਗੇਟ ਫਿਰੋਜ਼ਪੁਰ ਸ਼ਹਿਰ ਵਿਖੇ ਇਕ ਸੈਮੀਨਾਰ ਕਰਵਾਇਆ ਗਿਆ, ਜਿਸ ਵਿੱਚ ਨਸ਼ਿਆਂ ਦੇ ਵੱਧ ਰਹੇ ਚਲਣ ਨੂੰ ਰੋਕਣ ਲਈ ਸੰਦੇਸ਼ ਦੇਣ ਦੀ ਕੋਸ਼ਿਸ਼ ਕੀਤੀ ਜਾਏਗੀ ਤਾਂ ਜੋ ਆਉਣ ਵਾਲੀਆਂ ਪੀੜ੍ਹੀਆਂ ਨਸ਼ਿਆਂ ਤੋਂ ਦਲ ਦਲ ਤੋਂ ਦੂਰ ਰਹਿਣ ਅਤੇ ਜਿਹੜੇ ਨਸ਼ਿਆਂ ਦੀ ਦਲ ਦਲ ਵਿੱਚ ਧਸ ਚੁੱਕੇ ਹਨ ਉਹਨਾਂ ਨੂੰ ਵੀ ਬਾਹਰ ਨਿਕਲਣ ਦੀ ਪ੍ਰੇਰਨਾ ਮਿਲੇ। ਇਸ ਸਬੰਧ ਵਿੱਚ ਸੀਨੀਅਰ ਸਿਟੀਜਨ ਕੌਂਸਲ ਦੇ ਪ੍ਰਧਾਨ ਪੀਡੀ ਸ਼ਰਮਾ ਵੱਲੋਂ ਇੱਕ ਬੇਨਤੀ ਪੱਤਰ ਮਾਨਯੋਗ ਡਿਪਟੀ ਕਮਿਸ਼ਨਰ ਫਿਰੋਜਪੁਰ ਮਾਨਯੋਗ ਐਸਐਸ ਸਾਹਿਬ ਫਿਰੋਜ਼ਪੁਰ ਅਤੇ ਸਕੱਤਰ ਜ਼ਿਲ੍ਹਾ ਰੈਡ ਕ੍ਰਾਸ ਸੋਸਾਇਟੀ ਫਿਰੋਜਪੁਰ ਨੂੰ ਭੇਜ ਕੇ ਇਹ ਸੈਮੀਨਾਰ ਵਿੱਚ ਸ਼ਿਰਕਤ ਕਰਨ ਲਈ ਬੇਨਤੀ ਕੀਤੀ ਗਈ ਹੈ। ਆਸ ਕਰਦੇ ਹਾਂ ਕਿ ਸਿਰਫ ਨੌਜਵਾਨ ਪੀੜ੍ਹੀ ਹੀ ਨਹੀਂ ਬਲਕਿ ਬੱਚੇ ਤੋਂ ਬਜ਼ੁਰਗ ਤੱਕ ਨੂੰ ਨਸ਼ਿਆਂ ਤੋਂ ਦੂਰੀ ਬਣਾ ਕੇ ਰੱਖਣ ਲਈ ਪ੍ਰੇਰਨਾ ਦੇਣ ਦੀ ਕੋਸ਼ਿਸ਼ ਕੀਤੀ ਜਾਏਗੀ।

ਆਵਾਜ਼ਿ ਕੌਮ AWAZE QAUM International Newspaper & WEB TV

## ੴ ਸਤਿਗੁਰੂ ਪ੍ਰਸਾਦਿ

**ਜੇਹਾ ਚੀਰੀ ਲਿਖਿਆ ਤੇਹਾ ਹੁਕਮੁ ਕਮਾਹਿ ॥**
**ਘਲੇ ਆਵਹਿ ਨਾਨਕਾ ਸਦੇ ਉਠੀ ਜਾਹਿ ॥**

# ਭੋਗ ਅਤੇ ਅੰਤਿਮ ਅਰਦਾਸ



ਆਪ ਜੀ ਨੂੰ ਬਹੁਤ ਹੀ ਦੁਖੀ ਹਿਰਦੇ ਨਾਲ ਸੂਚਿਤ ਕੀਤਾ ਜਾਂਦਾ ਹੈ ਕਿ ਸਾਡੇ ਬਹੁਤ ਹੀ ਸਤਿਕਾਰਯੋਗ

## ਮਾਤਾ ਗੁਰਬਚਨ ਕੌਰ ਜੀ ਮੱਤੇਵਾਲ

ਆਪਣੀ ਸੰਸਾਰਿਕ ਯਾਤਰਾ ਨੂੰ ਪੂਰਾ ਕਰਦੇ ਹੋਏ ਮਿਤੀ: 21 ਦਸਬੰਰ, 2024 ਨੂੰ ਅਚਾਨਕ ਸਦੀਵੀ ਵਿਛੋੜਾ ਦੇ ਕੇ ਗੁਰੂ ਚਰਨਾਂ ਵਿੱਚ ਜਾ ਵਿਰਾਜੇ ਹਨ। ਉਨ੍ਹਾਂ ਦੀ ਆਤਮਿਕ ਸ਼ਾਂਤੀ ਲਈ ਰੱਖੇ ਗਏ

## ਸ਼੍ਰੀ ਅਖੰਡ ਸਾਹਿਬ ਪਾਠ ਦੇ ਭੋਗ

## ਮਿਤੀ 29 ਦਸਬੰਰ, 2024 ਐਤਵਾਰ ਦਿਨ ਨੂੰ

## ਗੁਰਦੁਆਰਾ ਸਾਹਿਬ ਪਿੰਡ ਮੱਤੇਵਾਲ, ਜਿਲਾ ਅੰਮ੍ਰਿਤਸਰ

ਸਮਾਂ 12:00 ਤੋਂ 1:00 ਵਜੇ ਤੱਕ ਪਵੇਗਾ।

ਸੋ ਆਪ ਨੂੰ ਅੰਤਿਮ ਅਰਦਾਸ ਵਿੱਚ ਸ਼ਾਮਲ ਹੋਣ ਲਈ ਨਿਮਰਤਾ ਸਹਿਤ ਬੇਨਤੀ ਕੀਤੀ ਜਾਂਦੀ ਹੈ।

**ਦੁਖੀ ਹਿਰਦੇ**

ਗੁਰਪ੍ਰੀਤ ਸਿੰਘ ਮੱਤੇਵਾਲ ਪੱਤਰਕਾਰ ਰੋਜਾਨਾ ਅਜੀਤ ਅਤੇ ਸਮੂਹ ਮੱਤੇਵਾਲ ਪਰਿਵਾਰ
9876675854

ਆਵਾਜ਼ਿ ਕੌਮ
AWAZE QAUM
International Newspaper & WEB TV

## ਸਾਹਿਬਜ਼ਾਦਿਆਂ ਦੀ ਲਾਸਾਨੀ ਸ਼ਹਾਦਤ ਸਾਨੂੰ ਹਰ ਤਰ੍ਹਾਂ ਦੇ ਜ਼ਬਰ-ਜ਼ੁਲਮ ਵਿਰੁੱਧ ਲੜਨ ਅਤੇ

# ਕੌਮੀ ਅਣਖ-ਗੈਰਤ ਤੇ ਆਜਾਦੀ ਨੂੰ ਹਰ ਕੀਮਤ 'ਤੇ ਕਾਇਮ ਰੱਖਣ ਦਾ ਸੰਦੇਸ਼ ਦਿੰਦੀ ਹੈ : ਮਾਨ














**ਫ਼ਤਹਿਗੜ੍ਹ ਸਾਹਿਬ, 26 ਦਸੰਬਰ (ਆਵਾਜ਼ਿ ਕੌਮ ਬਿਊਰੋ)-** "ਅੱਜ ਸ਼ਹੀਦ ਬਾਬਾ ਜੋਰਾਵਰ ਸਿੰਘ, ਸ਼ਹੀਦ ਬਾਬਾ ਫਤਹਿ ਸਿੰਘ, ਸ਼ਹੀਦ ਮਾਤਾ ਗੁਜਰ ਕੌਰ, ਸ਼ਹੀਦ ਬਾਬਾ ਮੋਤੀ ਸਿੰਘ ਮਹਿਰਾ, ਸ਼ਹੀਦ ਦੀਵਾਨ ਟੋਡਰਮੱਲ ਜੀ ਦੇ ਮਹਾਨ ਅਸਥਾਂਨ ਉਤੇ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਵੱਲੋਂ ਕੀਤੀ ਗਈ ਸ਼ਹੀਦੀ ਮੀਰੀ-ਪੀਰੀ ਕਾਨਫ਼ਰੰਸ ਵਿਚ ਹੋਏ ਸੰਗਤਾਂ ਦੇ ਠਾਠਾ ਮਾਰਦੇ ਇਕੱਠ ਨੂੰ ਸੁਬੋਧਿਤ ਹੁੰਦੇ ਹੋਏ ਜਿਥੇ ਸ. ਸਿਮਰਨਜੀਤ ਸਿੰਘ ਮਾਨ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਨੇ ਆਪਣੀ ਤਕਰੀਰ ਵਿਚ ਉਪਰੋਕਤ ਮਹਾਨ ਸ਼ਹੀਦਾਂ ਨੂੰ ਸਰਧਾ ਦੇ ਫੁੱਲ ਭੇਟ ਕਰਦੇ ਹੋਏ ਕਿਹਾ ਕਿ ਮਾਸੂਮ ਜਿੰਦਾ ਦੀਆਂ ਫਖ਼ਰਨੂਮਾ ਸ਼ਹਾਦਤਾਂ ਸਾਨੂੰ ਹਰ ਤਰ੍ਹਾਂ ਦੇ ਹਕੂਮਤੀ ਜ਼ਬਰ-ਜੁਲਮ, ਬੇਇਨਸਾਫ਼ੀਆਂ ਵਿਰੁੱਧ ਜਿਥੇ ਦ੍ਰਿੜਤਾ ਨਾਲ ਜੱਦੋ-ਜਹਿਦ ਕਰਨ ਦਾ ਸੰਦੇਸ ਦਿੰਦੀਆ ਹਨ, ਉਥੇ ਆਪਣੀ ਕੌਮੀ ਅਣਖ-ਗੈਰਤ ਅਤੇ ਆਜਾਦੀ ਨੂੰ ਹਰ ਕੀਮਤ ਤੇ ਕਾਇਮ ਰੱਖਦੇ ਹੋਏ ਸਮੁੱਚੀ ਮਨੁੱਖਤਾ ਦੀ ਬਿਹਤਰੀ ਲਈ ਸਰਗਰਮ ਰਹਿਣ ਲਈ ਵੀ ਪ੍ਰੇਰਦੀਆਂ ਹਨ । ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਅਡੋਲ ਆਪਣੇ ਮਹਾਨ ਸ਼ਹੀਦਾਂ ਦੀ ਸੋਚ ਤੇ ਪਹਿਰਾ ਦਿੰਦੇ ਹੋਏ ਹੁਕਮਰਾਨਾਂ ਦੀਆਂ ਜਾਬਰ ਨੀਤੀਆ ਅਤੇ ਅਮਲਾਂ ਵਿਰੁੱਧ ਹੀ ਨਹੀ ਲੜਦਾ ਆ ਰਿਹਾ, ਬਲਕਿ ਆਪਣੀ ਕੌਮੀ ਆਜਾਦੀ ਖ਼ਾਲਿਸਤਾਨ ਨੂੰ ਜਮਹੂਰੀਅਤ ਅਤੇ ਅਮਨਮਈ ਢੰਗਾਂ ਰਾਹੀ ਕਾਇਮ ਕਰਨ ਲਈ ਕੌਮਾਂਤਰੀ ਨਿਯਮਾਂ, ਕਾਨੂੰਨਾਂ ਅਧੀਨ ਸੰਘਰਸ਼ ਕਰਦਾ ਹੋਇਆ ਆਪਣੀ ਮੰਜਿਲ ਵੱਲ ਵੱਧ ਰਿਹਾ ਹੈ । ਇਸ ਵਿਚ ਸਮੁੱਚੇ ਖ਼ਾਲਸਾ ਪੰਥ ਨੂੰ ਆਪਣੀ ਸਿਆਸੀ ਮੰਜਿਲ ਦੀ ਪੂਰਤੀ ਲਈ ਹਰ ਖੇਤਰ ਵਿਚ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਨੂੰ ਸਹਿਯੋਗ ਕਰਕੇ ਰਾਜਸੀ ਅਤੇ ਧਾਰਮਿਕ ਐਸ.ਜੀ.ਪੀ.ਸੀ. ਦੇ ਪ੍ਰਬੰਧ ਦੀ ਸ਼ਕਤੀ ਬਖਸਣ ਦੀ ਜਿੰਮੇਵਾਰੀ ਨਿਭਾਉਣੀ ਪਵੇਗੀ । ਤਦ ਹੀ ਅਸੀ ਆਪਣੀ ਮੰਜਿਲ ਉਤੇ ਸਮੂਹਿਕ ਤੌਰ ਤੇ ਇਕੱਤਰ ਹੋ ਕੇ ਪਹੁੰਚਣ ਦੇ ਸਮਰੱਥ ਬਣ ਸਕਾਂਗੇ ।" ਅੱਜ ਦੇ ਇਸ ਇਕੱਠ ਵਿਚ ਸਾਮਿਲ ਸੰਗਤਾਂ ਅਤੇ ਆਗੂਆਂ ਨੇ ਬੋਲੇ ਸੋ ਨਿਹਾਲ, ਸਤਿ ਸ੍ਰੀ ਅਕਾਲ ਦੇ ਜੈਕਾਰਿਆ ਦੀ ਗੂੰਜ ਵਿਚ ਪੰਜਾਬ, ਪੰਜਾਬੀਆਂ, ਸਿੱਖ ਕੌਮ ਅਤੇ ਜਿੰਮੀਦਾਰਾਂ-ਮਜਦੂਰਾਂ ਦੇ ਸੰਬੰਧ ਵਿਚ 12 ਮਤੇ ਪਾਸ ਕੀਤੇ । ਜਿਨ੍ਹਾਂ ਵਿਚ ਸਭ ਤੋਂ ਪਹਿਲੇ ਮਤੇ ਵਿਚ ਇੰਡੀਆ ਦੀ ਬੀਜੇਪੀ-ਆਰ.ਐਸ.ਐਸ ਹਕੂਮਤ ਵੱਲੋ ਬਾਹਰਲੇ ਮੁਲਕਾਂ ਅਤੇ ਇੰਡੀਆ ਵਿਚ ਆਜਾਦੀ ਦੀ ਗੱਲ ਕਰਨ ਵਾਲੇ ਸਿੱਖਾਂ ਨੂੰ ਕਤਲ ਕਰਨ ਵਾਲੀ ਹਕੂਮਤੀ ਜੂੰਡਲੀ ਜਿਨ੍ਹਾਂ ਵਿਚ ਸ੍ਰੀ ਨਰਿੰਦਰ ਮੋਦੀ, ਗ੍ਰਹਿ ਵਜੀਰ ਅਮਿਤ ਸ਼ਾਹ, ਵਿਦੇਸ ਵਜੀਰ ਜੈਸੰਕਰ, ਰੱਖਿਆ ਵਜੀਰ ਰਾਜਨਾਥ ਸਿੰਘ, ਸੁਰੱਖਿਆ ਸਲਾਹਕਾਰ ਅਜੀਤ ਡੋਵਾਲ, ਰਾਅ ਮੁੱਖੀ ਰਵੀ ਸਿਨ੍ਹਾਂ ਅਤੇ ਸਾਬਕਾ ਰਾਅ ਮੁੱਖੀ ਸੰਮਤ ਗੋਇਲ ਨੂੰ ਕੌਮਾਂਤਰੀ ਕਾਨੂੰਨਾਂ ਅਧੀਨ ਇਨਸਾਨੀਅਤ ਦਾ ਕਤਲ ਹੋਣ ਦੇ ਦੋਸ ਵਿਚ ਕੌਮਾਂਤਰੀ ਅਦਾਲਤਾਂ ਤੇ ਕੌਮਾਂਤਰੀ ਕਾਨੂੰਨਾਂ ਰਾਹੀ ਸਜ਼ਾਵਾਂ ਦੇਣ ਲਈ ਦ੍ਰਿੜਤਾ ਨਾਲ ਆਵਾਜ ਉਠਾਈ, ਦੂਸਰੇ ਮਤੇ ਵਿਚ ਕਿਸਾਨ ਆਗੂ ਜਗਜੀਤ ਸਿੰਘ ਡੱਲੇਵਾਲ ਦੀ ਕੀਮਤੀ ਜਾਨ ਦੇ ਖਤਰੇ ਉਤੇ ਗਹਿਰੀ ਚਿੰਤਾ ਜਾਹਰ ਕਰਦੇ ਹੋਏ ਮੋਦੀ ਹਕੂਮਤ ਨੂੰ ਕਿਸਾਨ ਮਸਲੇ ਹੱਲ ਕਰਨ ਦੀ ਗੱਲ ਕਰਦੇ ਹੋਏ ਨਿਕਲਣ ਵਾਲੇ ਨਤੀਜਿਆ ਲਈ ਖਬਰਦਾਰ ਕੀਤਾ ਗਿਆ, ਤੀਜੇ ਮਤੇ ਰਾਹੀ ਲੈਫ. ਜਰਨਲ ਜਗਜੀਤ ਸਿੰਘ ਅਰੋੜਾ ਅਤੇ ਮੇਜਰ ਜਰਨਲ ਸੁਬੇਗ ਸਿੰਘ




ਦੀਆਂ ਆਰਮੀ ਚੀਫ ਦੇ ਮੁੱਖ ਦਫਤਰ ਵਿਚੋ ਫੋਟੋਆਂ ਉਤਾਰਨ ਦੇ ਅਮਲਾਂ ਦੀ ਨਿਖੇਧੀ ਕਰਦੇ ਹੋਏ ਬੰਗਲਾਦੇਸ਼ ਨੂੰ ਢਾਕਾ ਵਿਖੇ ਇਨ੍ਹਾਂ ਦੇ ਕੱਦਬੁੱਤ ਲਗਾਉਣ ਦੀ ਅਪੀਲ ਕੀਤੀ ਗਈ, ਚੌਥੇ ਮਤੇ ਰਾਹੀ ਲਦਾਖ ਦਾ ਜੋ ਇਲਾਕਾ ਖ਼ਾਲਸਾ ਰਾਜ ਦਰਬਾਰ ਲਾਹੌਰ ਨੇ ਫਤਹਿ ਕੀਤਾ ਸੀ, ਉਸ ਸੰਬੰਧੀ ਹੋਣ ਵਾਲੀ ਕੌਮਾਂਤਰੀ ਗੱਲਬਾਤ ਵਿਚ ਸਿੱਖ ਕੌਮ ਦੇ ਨੁਮਾਇੰਦੇ ਨੂੰ ਸਾਮਿਲ ਕਰਨ ਲਈ ਚੀਨ ਨੂੰ ਅਪੀਲ ਕੀਤੀ ਗਈ, ਪੰਜਵੇ ਮਤੇ ਵਿਚ ਬੁੱਢੇ ਨਾਲੇ ਤੇ ਹੋਰ ਫੈਕਟਰੀਆਂ ਦੇ ਤੇਜਾਬੀ ਤੇ ਬਿਮਾਰੀਆ ਫੈਲਾਉਣ ਵਾਲੇ ਪਾਣੀ ਨੂੰ ਨਹਿਰਾਂ ਵਿਚ ਸੁੱਟਣ ਉਤੇ ਮੁਕੰਮਲ ਪਾਬੰਦੀ ਲਗਾਉਣ, ਦੇ ਨਾਲ-ਨਾਲ ਜੋ ਨਹਿਰਾਂ ਵਿਚ ਯੂਰੇਨੀਅਮ ਤੇ ਪੋਲੋਨੀਅਮ ਦੇ ਖਤਰਨਾਕ ਅੰਸਾਂ ਨੂੰ ਰਲਾਕੇ ਪਾਣੀ ਵਿਚ ਭੇਜਿਆ ਜਾ ਰਿਹਾ ਹੈ, ਉਸਦੀ ਜਾਂਚ ਆਈ.ਏ.ਈ.ਏ. ਕੌਮਾਂਤਰੀ ਏਜੰਸੀ ਤੋ ਕਰਵਾਉਣ ਦੀ ਵੀ ਮੰਗ ਕੀਤੀ, ਛੇਵੇ ਮਤੇ ਰਾਹੀ ਸ. ਨਰੈਣ ਸਿੰਘ ਚੌੜਾ ਵਿਰੁੱਧ ਐਸ.ਜੀ.ਪੀ.ਸੀ ਵੱਲੋ ਪੰਥ ਵਿਚੋ ਛੇਕਣ ਦੇ ਪਾਏ ਗਏ ਭਰਾਮਾਰੂ ਜੰਗ ਵਾਲੇ ਮਤੇ ਦੀ ਨਿਖੇਧੀ ਕਰਦੇ ਹੋਏ ਇਸ ਨੂੰ ਤੁਰੰਤ ਵਾਪਸ ਲੈਣ ਦੀ ਮੰਗ ਕੀਤੀ, ਸਤਵੇ ਮਤੇ ਰਾਹੀ ਮਸਹੂਰ ਤਬਲਾ ਮਾਸਟਰ ਯਾਕਿਰ ਹੂਸੈਨ ਦੇ ਅਕਾਲ ਚਲਾਣੇ ਤੇ ਅਫਸੋਸ ਪ੍ਰਗਟਾਉਦੇ ਹੋਏ, ਐਸ.ਜੀ.ਪੀ.ਸੀ, ਚੀਫ ਖਾਲਸਾ ਦੀਵਾਨ ਅਤੇ ਹੋਰ ਸਿੱਖੀ ਸੰਸਥਾਵਾਂ ਨੂੰ ਤਬਲਾ, ਸਾਰੰਗੀ, ਢੰਡ ਸਾਰੰਗੀ, ਗਿਟਾਰ ਆਦਿ ਸੰਗੀਤ ਦੇ ਇੰਸਟਰੂਮੈਂਟਾਂ ਦੀ ਟ੍ਰੇਨਿੰਗ ਲਈ ਸੈਟਰ ਖੋਲਣ ਦੀ ਅਪੀਲ ਕੀਤੀ, ਅੱਠਵੇ ਮਤੇ ਰਾਹੀ ਪੰਜਾਬ ਨੂੰ ਮਾਲੀ ਤੌਰ ਤੇ ਅਤੇ ਬੇਰੁਜਗਾਰੀ ਦੇ ਮਸਲੇ ਨੂੰ ਹੱਲ ਕਰਨ ਲਈ ਪੰਜਾਬ ਦੀਆਂ ਸਰਹੱਦਾਂ ਖੇਤੀ ਵਸਤਾਂ ਅਤੇ ਇੰਡਸਟਰੀ ਉਤਪਾਦਾਂ ਦੇ ਵਪਾਰ ਲਈ ਖੋਲਣ ਲਈ ਜੋਰਦਾਰ ਗੁਜਾਰਿਸ ਕੀਤੀ ਗਈ । ਨੌਵੇ ਮਤੇ ਰਾਹੀ ਐਸ.ਜੀ.ਪੀ.ਸੀ ਦੀਆਂ ਬੀਤੇ 13 ਸਾਲਾਂ ਤੋ ਰੋਕੀਆ ਗਈਆ ਜਰਨਲ ਚੋਣਾਂ ਨੂੰ ਤੁਰੰਤ ਕਰਵਾਕੇ ਇਸ ਸਿੱਖ ਸੰਸਥਾਂ ਦਾ ਪ੍ਰਬੰਧ ਸਹੀ ਹੱਥਾਂ ਵਿਚ ਦੇਣ ਦੇ ਉਦਮ ਕਰਨ ਲਈ ਅਪੀਲ ਕੀਤੀ ਗਈ । ਦਸਵੇ ਮਤੇ ਰਾਹੀ ਪੰਜਾਬ ਤੋ ਜ਼ਬਰੀ ਸੈਟਰ ਵੱਲੋ ਖੋਹੇ ਗਏ ਕੀਮਤੀ ਪਾਣੀਆ, ਪੰਜਾਬੀ ਬੋਲਦੇ ਇਲਾਕੇ, ਪੰਜਾਬ ਦੀ ਰਾਜਧਾਨੀ ਚੰਡੀਗੜ੍ਹ, ਪੰਜਾਬ ਦੇ ਹੈੱਡਵਰਕਸਾਂ ਤੋ ਪੈਦਾ ਹੋਣ ਵਾਲੀ ਬਿਜਲੀ ਦਾ ਸਮੁੱਚਾ ਕੰਟਰੋਲ ਪੰਜਾਬ ਹਵਾਲੇ ਕਰਨ ਦੀ ਗੱਲ ਕੀਤੀ ਗਈ । ਇਸਦੇ ਨਾਲ ਹੀ ਪੰਜਾਬ ਦੇ ਹੈੱਡਵਰਕਸਾਂ ਨੂੰ ਸਰਕਾਰ ਅਕਸਰ ਹੀ ਫ਼ੌਜੀ ਹਥਿਆਰ ਵੱਜੋ ਡੈਮ ਖੋਲਕੇ ਵਰਤਦੀ ਆ ਰਹੀ ਹੈ ਇਸ ਲਈ ਇਨ੍ਹਾਂ ਡੈਮਾਂ ਦਾ ਕੰਟਰੋਲ ਯੂ.ਐਨ.ਓ. ਅਧੀਨ ਹੋਵੇ । ਅਖੀਰਲੇ ਮਤੇ ਰਾਹੀ ਜੈਕਾਰਿਆ ਦੀ ਗੂੰਜ ਵਿਚ ਸੰਗਤ ਤੋ ਪ੍ਰਵਾਨਗੀ ਲੈਦੇ ਹੋਏ ਖਾਲਸਾ ਪੰਥ ਦਾ ਆਪਣਾ ਸਟੇਟ ਖਾਲਿਸਤਾਨ ਨੂੰ ਹਰ ਕੀਮਤ ਤੇ ਕਾਇਮ ਕਰਨ ਲਈ ਪ੍ਰਣ ਕੀਤਾ ਗਿਆ । ਜਿਸ ਵਿਚ ਸਭ ਧਰਮਾਂ, ਕੌਮਾਂ ਦੇ ਬਸਿੰਦੇ ਪੂਰਨ ਆਜਾਦੀ ਨਾਲ ਬਰਾਬਰਤਾ ਦੇ ਆਧਾਰ ਤੇ ਵਿਚਰ ਸਕਣਗੇ । ਇਹ ਰਾਜ ਅਸਲੀਅਤ ਵਿਚ ਬੇਗਮਪੁਰਾ ਸਹਿਰ ਕੋ ਨਾਊ ਦੀ ਸੋਚ ਤੇ ਅਧਾਰਿਤ ਹਲੀਮੀ ਰਾਜ ਹੋਵੇਗਾ । ਜਿਸ ਵਿਚ ਕਿਸੇ ਵੀ ਨਾਲ ਕਿਸੇ ਤਰ੍ਹਾਂ ਦੀ ਬੇਇਨਸਾਫ਼ੀ, ਜ਼ਬਰ ਨਹੀ ਹੋਵੇਗਾ । ਬਲਕਿ ਸਭਨਾਂ ਨੂੰ ਬਰਾਬਰਤਾ ਦੇ ਅਧਿਕਾਰ, ਹੱਕ ਹਾਸਿਲ ਹੋਣਗੇ, ਅਮਨ ਚੈਨ ਕਾਇਮ ਰਹੇਗਾ । ਸ. ਮਾਨ ਨੇ ਅਖੀਰ ਵਿਚ ਆਈਆ ਸੰਗਤਾਂ ਅਤੇ ਪ੍ਰਬੰਧਕਾਂ ਦੇ ਨਾਲ-ਨਾਲ ਗੁਰਦੁਆਰਾ ਸ੍ਰੀ ਫਤਹਿਗੜ੍ਹ ਸਾਹਿਬ ਦੇ ਮੈਨੇਜਰ ਸ. ਗੁਰਦੀਪ ਸਿੰਘ ਕੰਗ, ਹੈੱਡ ਗ੍ਰੰਥੀ ਭਾਈ ਹਰਪਾਲ ਸਿੰਘ ਅਤੇ ਸਮੁੱਚੇ ਸਟਾਫ ਦੇ ਨਾਲ-ਨਾਲ ਡਿਪਟੀ ਕਮਿਸਨਰ ਫਤਹਿਗੜ੍ਹ ਸਾਹਿਬ ਅਤੇ ਐਸ.ਐਸ.ਪੀ ਫਤਹਿਗੜ੍ਹ ਸਾਹਿਬ ਵੱਲੋ ਬਹੁਤ ਅੱਛਾ ਪ੍ਰਬੰਧ ਕਰਨ ਦੇ ਲਈ ਧੰਨਵਾਦ ਵੀ ਕੀਤਾ । ਅੱਜ ਦੇ ਇਕੱਠ ਵਿਚ ਸ. ਮਾਨ ਤੋ ਇਲਾਵਾ ਭਾਈ ਜਸਵੀਰ ਸਿੰਘ ਰੋਡੇ, ਸ. ਗੁਰਦੀਪ ਸਿੰਘ ਬਠਿੰਡਾ, ਬਾਪੂ ਗੁਰਚਰਨ ਸਿੰਘ ਇਨਸਾਫ਼ ਮੋਰਚਾ, ਕੰਵਰਪਾਲ ਸਿੰਘ ਬਿੱਟੂ, ਪਰਮਜੀਤ ਸਿੰਘ ਮੰਡ (ਦਲ ਖਾਲਸਾ), ਪਰਮਜੀਤ ਸਿੰਘ ਸਹੌਲੀ ਸੁਤੰਤਰ ਅਕਾਲੀ ਦਲ, ਬੂਟਾ ਸਿੰਘ ਰਣਸੀਹ, ਸ. ਮੁਖਤਿਆਰ ਸਿੰਘ (ਦਮਦਮੀ ਟਕਸਾਲ), ਸ. ਇਕਬਾਲ ਸਿੰਘ ਟਿਵਾਣਾ ਮੁੱਖ ਬੁਲਾਰਾ ਸਿਆਸੀ ਤੇ ਮੀਡੀਆ ਸਲਾਹਕਾਰ, ਸ. ਇਮਾਨ ਸਿੰਘ ਮਾਨ ਸਰਪ੍ਰਸਤ ਯੂਥ, ਡਾ. ਹਰਜਿੰਦਰ ਸਿੰਘ ਜੱਖੂ, ਮਾਸਟਰ ਕਰਨੈਲ ਸਿੰਘ ਨਾਰੀਕੇ, ਪ੍ਰੋ. ਮਹਿੰਦਰਪਾਲ ਸਿੰਘ, ਕੁਸਲਪਾਲ ਸਿੰਘ ਮਾਨ, ਕੁਲਦੀਪ ਸਿੰਘ ਭਾਗੋਵਾਲ, ਹਰਪਾਲ ਸਿੰਘ ਬਲੇਰ, ਗੁਰਜੰਟ ਸਿੰਘ ਕੱਟੂ (ਸਾਰੇ ਜਰਨਲ ਸਕੱਤਰ), ਲੱਖਾ ਸਿਧਾਣਾ, ਮਾਤਾ ਸ਼ਹੀਦ ਦੀਪ ਸਿੰਘ ਸਿੱਧੂ, ਨਰਿੰਦਰ ਸਿੰਘ ਜੰਮੂ, ਇੰਦਰਜੀਤ ਸਿੰਘ ਜੰਮੂ, ਹਰਅਸੀਸ ਸਿੰਘ, ਸੁਰਿੰਦਰ ਸਿੰਘ ਜੰਮੂ, ਹਰਭਜਨ ਸਿੰਘ ਕਸਮੀਰੀ, ਬਹਾਦਰ ਸਿੰਘ ਭਸੌੜ, ਗੁਰਨੈਬ ਸਿੰਘ ਰਾਮਪੁਰਾ, ਪਰਮਿੰਦਰ ਸਿੰਘ ਬਾਲਿਆਂਵਾਲੀ, ਗੁਰਚਰਨ ਸਿੰਘ ਭੁੱਲਰ, ਬਲਕਾਰ ਸਿੰਘ ਭੁੱਲਰ, ਹਰਬੰਸ ਸਿੰਘ ਸਲੇਮਪੁਰ, ਜਗਮੀਤ ਸਿੰਘ ਐਡਵੋਕੇਟ, ਜਤਿੰਦਰ ਸਿੰਘ ਥਿੰਦ (ਪੀ.ਏ.ਸੀ. ਮੈਬਰ), ਸਿੰਗਾਰਾ ਸਿੰਘ ਬਡਲਾ ਪ੍ਰਧਾਨ ਫਤਹਿਗੜ੍ਹ ਸਾਹਿਬ, ਰਣਜੀਤ ਸਿੰਘ ਸੰਤੋਖਗੜ੍ਹ ਪ੍ਰਧਾਨ ਰੋਪੜ੍ਹ, ਗੁਰਦੀਪ ਸਿੰਘ ਖੁਣ-ਖੁਣ ਪ੍ਰਧਾਨ ਹੁਸਿਆਰਪੁਰ, ਗੁਰਨਾਮ ਸਿੰਘ ਸਿੰਗੜੀਵਾਲ, ਸੁਖਜੀਤ ਸਿੰਘ ਡਰੋਲੀ ਪ੍ਰਧਾਨ ਜਲੰਧਰ ਦਿਹਾਤੀ, ਨਰਿੰਦਰ ਸਿੰਘ ਖੁਸਰੋਪੁਰ ਕਪੂਰਥਲਾ, ਜਸਬੀਰ ਸਿੰਘ ਬੱਚੜਾ ਬਲਵੀਰ ਸਿੰਘ ਬੱਛੋਆਣਾ ਮਾਨਸਾ, ਦਰਸਨ ਸਿੰਘ ਮੰਡੇਰ ਬਰਨਾਲਾ, ਹਰਦੀਪ ਸਿੰਘ ਸਹਿਜਪੁਰਾ ਦਿਹਾਤੀ ਪਟਿਆਲਾ, ਜਸਵੀਰ ਸਿੰਘ ਨਵਾਂਸਹਿਰ, ਹਰਦੇਵ ਸਿੰਘ ਪੱਪੂ ਮਲੇਰਕੋਟਲਾ, ਇਕਬਾਲ ਸਿੰਘ ਬਰੀਵਾਲਾ, ਪ੍ਰੀਤਮ ਸਿੰਘ ਮਾਨਗੜ੍ਹ ਲੁਧਿਆਣਾ, ਗੁਰਦੀਪ ਸਿੰਘ ਢੁੱਡੀ ਫਰੀਦਕੋਟ, ਬਲਦੇਵ ਸਿੰਘ ਵੜਿੰਗ ਮੁਕਤਸਰ, ਬੀਬੀ ਤੇਜ ਕੌਰ, ਬੀਬੀ ਰਜਿੰਦਰ ਕੌਰ ਜੈਤੋ, ਬੀਬੀ ਸੁਖਜੀਤ ਕੌਰ ਜਲੰਧਰ, ਧਰਮ ਸਿੰਘ ਕਲੌੜ, ਕੁਲਦੀਪ ਸਿੰਘ ਪਹਿਲਵਾਨ, ਸਵਰਨ ਸਿੰਘ ਫਾਟਕ ਮਾਜਰੀ, ਗੁਰਪ੍ਰੀਤ ਸਿੰਘ ਝਾਮਪੁਰ, ਮੋਹਨ ਸਿੰਘ ਕਰਤਾਰਪੁਰ, ਭੁਪਿੰਦਰ ਸਿੰਘ ਪਹਿਲਵਾਨ ਜਰਮਨੀ, ਹਰਪਾਲ ਸਿੰਘ ਕੁੱਸਾ, ਪਰਮਿੰਦਰ ਸਿੰਘ ਮਲੋਆ, ਹਰਦੇਵ ਸਿੰਘ ਰਾਏ ਐਡਵੋਕੇਟ, ਗੁਰਪ੍ਰੀਤ ਸਿੰਘ ਸੈਣੀ, ਅਮਰਜੀਤ ਸਿੰਘ ਸਾਬਕਾ ਮੈਨੇਜਰ ਗੁਰਦੁਆਰਾ ਫਤਹਿਗੜ੍ਹ ਸਾਹਿਬ, ਕੁਲਵੰਤ ਸਿੰਘ ਮਜੀਠਾ, ਕੁਲਵੰਤ ਸਿੰਘ ਮਝੈਲ, ਬਲਦੇਵ ਸਿੰਘ ਗਗੜਾ, ਰਾਜਜਤਿੰਦਰ ਸਿੰਘ ਬਿੱਟੂ ਆਦਿ ਆਗੂਆਂ ਨੇ ਵੱਡੀ ਗਿਣਤੀ ਵਿਚ ਸਰਧਾ ਦੇ ਫੁੱਲ ਭੇਟ ਕੀਤੇ।

ਆਵਾਜ਼ਿ ਕੌਮ AWAZE QAUM International Newspaper & WEB TV

### ਅਕਾਲ ਅਕੈਡਮੀ ਬਾਘਾ ਵੱਲੋਂ

# ਪਿੰਡ ਰਾਮਸਰਾ, ਬਾਘਾ ਅਤੇ ਸੇਖੂ ਵਿੱਚ ਕਰਵਾਈ 'ਬੀਬਾ ਬੱਚਾ ਪ੍ਰਤਿਯੋਗਤਾ'



**ਤਲਵੰਡੀ ਸਾਬੋ, 26 ਦਸੰਬਰ (ਗੁਰਜੰਟ ਸਿੰਘ ਨਥੇਹਾ)-** ਬੜੂ ਸਾਹਿਬ ਦੀ ਸਰਪ੍ਰਸਤੀ ਅਧੀਨ ਚੱਲ ਰਹੀ ਅਕਾਲ ਅਕੈਡਮੀ ਬਾਘਾ ਵੱਲੋਂ "ਬੀਬਾ ਬੱਚਾ ਪ੍ਰਤਿਯੋਗਤਾ" ਕਰਵਾਈ ਗਈ। ਇਹ ਪ੍ਰਤਿਯੋਗਤਾ ਅਕੈਡਮੀ ਦੇ ਪ੍ਰਿੰਸੀਪਲ ਪ੍ਰਿਯਮ ਦੀ ਯੋਗ ਅਗਵਾਈ, ਸਮੂਹ ਅਧਿਆਪਕ ਸਾਹਿਬਾਨ, ਰਾਮਸਰਾ, ਬਾਘਾ ਅਤੇ ਸੇਖੂ ਪਿੰਡ ਦੇ ਨਿਵਾਸੀਆਂ ਦੇ ਸਹਿਯੋਗ ਦੇ ਨਾਲ ਪਿੰਡ ਦੇ ਸ੍ਰੀ ਗੁਰਦੁਆਰਾ ਸਾਹਿਬ ਵਿੱਚ ਕਾਰਵਾਈ ਗਈ। ਇਸ ਪ੍ਰਤੀਯੋਗਤਾ ਵਿੱਚ ਬੱਚਿਆਂ ਨੇ ਦਸਤਾਰ ਮੁਕਾਬਲੇ, ਪੇਂਟਿੰਗ ਮੁਕਾਬਲੇ, ਸੁੰਦਰ ਲਿਖਾਈ ਮੁਕਾਬਲੇ, ਚਾਰ ਸਾਹਿਬਜਾਦਿਆਂ ਸੰਬੰਧਿਤ ਪ੍ਰਸ਼ਨੋਤਰੀ, ਕਵਿਤਾ ਉਚਾਰਨ ਮੁਕਾਬਲਾ ਵਿੱਚ ਭਾਗ ਲਿਆ। ਜਿਸ ਵਿੱਚ ਪਿੰਡ ਬਾਘਾ ਤੋਂ ਲਗਭਗ 100 ਤੋਂ ਵੱਧ ਬੱਚਿਆਂ ਨੇ ਪਿੰਡ ਰਾਮਸਰਾ ਵਿੱਚ 60 ਤੋਂ ਵੱਧ ਬੱਚਿਆਂ ਅਤੇ ਪਿੰਡ ਸੇਖੂ ਵਿੱਚ 55 ਤੋਂ ਵੱਧ ਬੱਚਿਆਂ ਨੇ ਭਾਗ ਲਿਆ। ਇਸ ਪ੍ਰੋਗਰਾਮ ਵਿੱਚ ਤਿੰਨੇ ਪਿੰਡ ਦੇ ਸਰਪੰਚ ਸਾਹਿਬਾਨਾਂ ਵੱਲੋਂ ਸਾਰੇ ਮੁਕਾਬਲਿਆਂ ਵਿੱਚ ਪਹਿਲੇ, ਦੂਸਰੇ ਅਤੇ ਤੀਸਰੇ ਸਥਾਨ ਤੇ ਰਹਿਣ ਵਾਲੇ ਬੱਚਿਆਂ ਨੂੰ ਸਨਮਾਨਿਤ ਕੀਤਾ ਗਿਆ। ਇਹਨਾਂ ਤਿੰਨੇ ਪਿੰਡਾਂ ਵਿੱਚ ਹੋਈ ਬੀਬਾ ਬੱਚਾ ਪ੍ਰਤਿਯੋਗਤਾ ਦੀ ਪਿੰਡ ਵਾਸੀਆਂ ਵੱਲੋਂ ਸ਼ਲਾਘਾ ਕੀਤੀ ਗਈ। ਅਕੈਡਮੀ ਦੇ ਪ੍ਰਿੰਸੀਪਲ ਪ੍ਰਿਯਮ ਵੱਲੋਂ ਇਹਨਾਂ ਤਿੰਨੋ ਪਿੰਡ ਦੇ ਸਮੂਹ ਨਗਰ ਨਿਵਾਸੀਆਂ ਅਤੇ ਸਮੂਹ ਪੰਚਾਇਤ ਦਾ ਤਹਿ ਦਿਲੋਂ ਧੰਨਵਾਦ ਕੀਤਾ। ਪ੍ਰਿੰਸੀਪਲ ਨੇ ਜਾਣਕਾਰੀ ਦਿੰਦਿਆਂ ਕਿਹਾ ਕਿ ਇਹ ਸੰਸਥਾ ਦਾ ਜਿੱਥੇ ਮੁੱਖ ਉਦੇਸ਼ ਬੱਚਿਆਂ ਨੂੰ ਆਧੁਨਿਕ ਸਿੱਖਿਆ ਦੇਣਾ ਹੈ, ਉਹਦੇ ਨਾਲ-ਨਾਲ ਬੱਚਿਆ ਨੂੰ ਗੁਰਬਾਣੀ ਨਾਲ ਜੋੜਨਾ, ਆਪਣੇ ਵਿਰਸੇ ਨਾਲ ਜੋੜਨਾ ਅਤੇ ਪੰਜਾਬੀ ਸਭਿਆਚਾਰ ਜੋੜਨਾ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

### ਸਮੂਹ ਸ਼ਹੀਦਾਂ ਸਿੰਘਾ ਦੀ ਯਾਦ ਨੂੰ ਸਮਰਪਿਤ

# ਬਦਾਮਾਂ ਵਾਲੇ ਦੁੱਧ ਦੇ ਲੰਗਰ ਲਗਾਏ ਗਏ



ਕਲਗੀਧਰ ਦਸ਼ਮੇਸ਼ ਪਿਤਾ ਗੁਰੂ ਗੋਬਿੰਦ ਸਿੰਘ ਜੀ ਮਹਾਰਾਜ, ਚਾਰ ਸ਼ਾਹਿਬਜਾਦੇ, ਮਾਤਾ ਗੁਜਰ ਕੌਰ, ਸ਼ੋਮਣੀ ਸ਼ਹੀਦ ਬਾਬਾ ਜੀਵਨ ਸਿੰਘ ਜੀ ਤੇ ਸਮੂਹ ਸ਼ਹੀਦਾਂ ਸਿੰਘਾ ਦੀ ਯਾਦ ਨੂੰ ਸਮਰਪਿਤ ਪਿੰਡ ਕੋਟਮਾਨ ਦੇ ਨੌਜਵਾਨ ਯੂਥ ਤੇ ਨਗਰ ਨਿਵਾਸੀਆਂ ਦੇ ਸਹਿਯੋਗ ਸਦਕਾ ਬੜੀ ਸ਼ਰਧਾ ਭਾਵਨਾ ਦੇ ਨਾਲ ਬਦਾਮਾਂ ਵਾਲੇ ਦੁੱਧ ਦੇ ਲੰਗਰ ਲਗਾਏ ਗਏ। ਨੌਜਵਾਨ ਯੂਥ ਆਗੂ ਲਵਪ੍ਰੀ ਸਿੰਘ ਕੋਟਮਾਨ ਨੇ ਗੱਲਬਾਤ ਕਰਦਿਆਂ ਕਿਹਾ ਕਿ ਸਾਡੇ ਬਾਬੇ ਦਸ਼ਮੇਸ਼ ਪਿਤਾ ਗੁਰੂ ਗੋਬਿੰਦ ਸਿੰਘ ਜੀ, ਚਾਰ ਸ਼ਾਹਿਬਜਾਦੇ, ਮਾਤਾ ਗੁਜ਼ਰ ਕੌਰ, ਬਾਬਾ ਜੀਵਨ ਸਿੰਘ ਜੀ ਤੇ ਹੋਰ ਸਮੂਹ ਸ਼ਹੀਦਾਂ ਸਿੰਘਾ ਨੇ ਸਿੱਖ ਕੌਮ ਦੀ ਖਾਤਰ ਆਪਾ ਵਾਰ ਕਿ ਸਾਨੂੰ ਸਿੱਖ ਹੋਣ ਮਾਣ ਬਖਸ਼ਿਆ ਅਣਗਿਣਤ ਸੰਗਤਾਂ ਫਤਿਹਗੜ੍ਹ ਸਾਹਿਬ ਵਿਖੇ ਸਾਲਾਨਾ ਸਾਡੇ ਬਾਬਿਆਂ ਦੀ ਯਾਦ ਚ ਨਤਮਸਤਕ ਹੁੰਦੀਆਂ ਹਨ। ਫਤਿਹਗੜ੍ਹ ਸਾਹਿਬ ਜਾਣ ਵਾਲੀ ਸੰਗਤ ਲਈ ਹਰੇਕ ਸਾਲ ਵਾਂਗ ਨੌਜਵਾਨ ਯੂਥ ਤੇ ਨਗਰ ਨਿਵਾਸੀਆ ਦੇ ਸਹਿਯੋਗ ਸਦਕਾ ਇਹ ਲੰਗਰ ਲਗਾਇਆ ਗਿਆ। ਪਿੰਡ ਦੇ ਛੋਟੇ ਛੋਟੇ ਬੱਚਿਆਂ ਤੇ ਨੌਜਵਾਨਾਂ ਨੇ ਬੜੀ ਸ਼ਰਧਾ ਭਾਵਨਾ ਦੇ ਨਾਲ ਸੇਵਾ ਕੀਤੀ ।ਇਸ ਮੌਕੇ ਕਰਨਦੀਪ ਸਿੰਘ, ਅਮਨਦੀਪ ਸਿੰਘ ਇੰਜਨੀਅਰ, ਹਰਪ੍ਰੀਤ ਸਿੰਘ, ਹਰਸ਼ਦੀਪ ਸਿੰਘ, ਜਸਪ੍ਰੀਤ ਸਿੰਘ ਕਵੈਤ, ਕਮਲਜੀਤ ਸਿੰਘ, ਜਸਪਾਲ ਸਿੰਘ, ਸੁਰਜੀਤ ਸਿੰਘ ਸੀਤ, ਮਨਜਿੰਦਰ ਸਿੰਘ ਭੂੰਦੜੀ, ਗੋਬਿੰਦਾ ਰਸ਼ੀਆ, ਚਰਨਜੀਤ ਸਿੰਘ ਆਰਮੀ, ਪਰਦੀਪ ਸਿੰਘ ਆਰਮੀ, ਟੀਟੂ ਬਾਬਾ, ਜੁਗਰਾਜ ਸਿੰਘ, ਅੰਮ੍ਰਿਤਪਾਲ ਸਿੰਘ, ਗਗਨਦੀਪ ਸਿੰਘ ਸਿੱਧਵਾਂ ਬੇਟ, ਅਤੇ ਅਨੇਕਾਂ ਨਗਰ ਨਿਵਾਸੀ ਹਾਜਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# ਚਾਰ ਸਾਹਿਬਜ਼ਾਦੇ ਅਤੇ ਮਾਤਾ ਗੁਜਰ ਕੌਰ ਨੂੰ ਪੈਦਲ ਮਾਰਚ ਕੱਢ ਕੇ ਦਿੱਤੀ ਸ਼ਰਧਾਂਜਲੀ

ਬਠਿੰਡਾ, 26 ਦਸੰਬਰ (ਗੁਰਜੰਟ ਸਿੰਘ ਨਥੇਹਾ)- ਸਾਹਿਬੇ ਕਮਾਲ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਲਖਤੇ ਜਿਗਰ ਸਾਹਿਬਜ਼ਾਦਾ ਬਾਬਾ ਜੋਰਾਵਰ ਸਿੰਘ ਜੀ ਸਾਹਿਬਜ਼ਾਦਾ ਬਾਬਾ ਫਤਹਿ ਸਿੰਘ ਜੀ, ਸਾਹਿਬਜ਼ਾਦਾ ਬਾਬਾ ਅਜੀਤ ਸਿੰਘ ਜੀ ਅਤੇ ਸਾਹਿਬਜ਼ਾਦਾ ਬਾਬਾ ਜੁਝਾਰ ਸਿੰਘ ਜੀ ਦੀ ਅਦੁੱਤੀ ਅਤੇ ਲਾਸਾਨੀ ਸ਼ਹਾਦਤ ਨੂੰ ਸਮਰਪਿਤ ਇੱਕ ਪੈਦਲ ਯਾਤਰਾ ਅੱਜ ਟਿਕਾਣਾ ਭਾਈ ਜਗਤਾ ਜੀ ਗੁਰਦੁਆਰਾ ਸਾਹਿਬ ਨਜ਼ਦੀਕ ਮਲਟੀ ਪਰਪਜ਼ ਖੇਡ ਸਟੇਡੀਅਮ ਬਠਿੰਡਾ ਤੱਕ ਕੱਢੀ ਗਈ। ਇਸ ਮੌਕੇ ਪੰਜਾਬ ਕ੍ਰਿਕਟ ਐਸੋਸੀਏਸ਼ਨ ਦੇ ਚੇਅਰਮੈਨ ਸ੍ਰੀ ਅਮਰਜੀਤ ਸਿੰਘ ਮਹਿਤਾ ਪ੍ਰਧਾਨ ਪੰਜਾਬ ਕ੍ਰਿਕੇਟ ਬੋਰਡ, ਸ਼੍ਰੀ ਨੀਲ ਗਰਗ ਡਾਇਰੈਕਟਰ ਅਤੇ ਸ. ਅਮਨਦੀਪ ਸਿੰਘ ਰਾਜਨ ਡਾਇਰੈਕਟਰ ਨੇ ਆਪਣੇ ਵਿਚਾਰ ਸੰਗਤਾਂ ਨਾਲ ਸਾਂਝੇ ਕੀਤੇ ਅਤੇ ਪ੍ਰਬੰਧਕਾਂ ਦੇ ਉੱਦਮ ਦੀ ਸ਼ਲਾਘਾ ਕੀਤੀ। ਡਾਕਟਰ ਨਵਦੀਪ ਸਿੰਘ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਸ਼ਹੀਦ ਭਗਤ ਸਿੰਘ ਪਾਰਕ ਅਤੇ ਲਾਇਬਰੇਰੀ ਕਮੇਟੀ ਦੇ ਉੱਦਮ ਸਦਕਾ ਅਤੇ ਸ੍ਰੀ ਸੁਖਮਨੀ ਸਾਹਿਬ ਸੇਵਾ ਸੁਸਾਇਟੀ (ਰਜਿ: 546) ਬਠਿੰਡਾ, ਗੁਰੂ ਅੰਗਦ ਦੇਵ ਵਰਲਡ ਸਕੂਲ ਗੋਨੇਆਣਾ ਮੰਡੀ, ਮਹੰਤ ਤੀਰਥ ਸਿੰਘ ਸੇਵਾ ਪੰਥੀ ਗੁਰਮਤ ਵਿਦਿਆਲਿਆ ਗੋਨਿਆਣਾ ਮੰਡੀ, ਲਿਟਲ ਫਲਾਵਰ ਸਕੂਲ ਬਠਿੰਡਾ ਜਥਾ ਭੁਜੰਗ ਦਲ ਅਤੇ ਇਸਤਰੀ ਸਤਿਸੰਗ ਸਭਾ ਬਠਿੰਡਾ, ਮੈਨਜਮੈਂਟ ਭਾਈ ਜਗਤਾ ਗੁਰਦੁਆਰ, ਭਾਈ ਘਨ੍ਹਈਆ ਚੈਰੀਟੇਬਲ ਡੈਂਟਲ ਅਤੇ ਨਿਊਟਰੀਸ਼ਨ ਸੈਂਟਰ, ਜਗਤ ਆਈ ਗੋ ਅਤੇ ਸਮੂਹ ਸੇਵਾਦਾਰਾਂ ਜੋੜਾ ਘਰ ਦੇ ਸਹਿਯੋਗ ਨਾਲ ਇਸ ਪੈਦਲ ਮਾਰਚ ਦਾ ਪ੍ਰਬੰਧ ਕੀਤਾ ਗਿਆ। ਗੁਰਦੁਆਰਾ ਭਾਈ ਜਗਤਾ ਜੀ ਤੋਂ ਸ਼ੁਰੂ ਕਰਕੇ ਇਹ ਪੈਦਲ ਯਾਤਰਾ ਸ੍ਰੀ ਹਨੂਮਾਨ ਚੌਂਕ ਤੋਂ ਹੁੰਦੇ ਹੋਏ ਫੌਜੀ ਚੌਂਕ ਅਤੇ ਫੌਜੀ ਚੌਂਕ ਤੋਂ ਬਾਅਦ ਮਾਲ ਰੋਡ, ਫਾਇਰ ਬ੍ਰਿਗੇਡ ਚੌਂਕ, ਧੋਬੀ ਬਾਜ਼ਾਰ, ਸਦਭਾਵਨਾ ਚੌਂਕ, ਹਸਪਤਾਲ ਬਾਜ਼ਾਰ ਅਤੇ ਮੁੜ ਕੇ ਫਿਰ ਮਾਲ ਰੋਡ ਤੋਂ ਹੁੰਦੇ ਹੋਏ ਵਾਪਸ ਗੁਰਦੁਆਰਾ ਟਿਕਾਣਾ ਭਾਈ ਜਗਤਾ ਜੀ ਸਾਹਿਬ ਵਿਖੇ ਇਸ ਪੈਦਲ ਯਾਤਰਾ ਦਾ ਸਮਾਪਨ ਹੋਇਆ। ਇਸ ਯਾਤਰਾ ਵਿੱਚ ਪੰਥ ਰਤਨ ਭਾਈ ਜਸਵੀਰ ਸਿੰਘ ਜੀ ਖਾਲਸਾ ਖੰਨੇ ਵਾਲਿਆਂ ਵੱਲੋਂ ਚਲਾਏ ਗਏ ਐਜੂਕੇਸ਼ਨ ਪੰਜਾਬ ਪ੍ਰੋਜੈਕਟ ਦੇ ਸ. ਜਸਬੀਰ ਸਿੰਘ ਆਪਣੇ ਪਰਿਵਾਰ ਸਮੇਤ ਵਿਸ਼ੇਸ਼ ਤੌਰ 'ਤੇ ਸ਼ਾਮਿਲ ਹੋਏ। ਰਸਤੇ ਵਿੱਚ ਚਲਦਿਆਂ ਬੱਚਿਆਂ ਨੂੰ ਗੁਰੂ ਇਤਿਹਾਸ, ਸਾਹਿਬਜ਼ਾਦਿਆਂ ਦੀਆਂ ਸ਼ਹਾਦਤਾਂ ਅਤੇ ਨਿੱਕੀਆਂ ਜਿੰਦਾਂ ਵੱਡੇ ਸਾਕੇ ਦੀ ਵਾਰਤਾ ਸਰਦਾਰ ਗੁਰਦਰਸ਼ਨ ਸਿੰਘ ਜੀ ਸੇਠੀ, ਭਾਈ ਸਾਹਿਬ ਭਾਈ ਅੰਮ੍ਰਿਤਪਾਲ ਸਿੰਘ, ਸ. ਗੁਰਦੀਪ ਸਿੰਘ ਜੀ ਮਾਨ ਅਤੇ ਲੈਕਚਰਾਰ ਸ. ਇੰਦਰਜੀਤ ਸਿੰਘ ਵੱਲੋਂ ਸੁਣਾਈ ਗਈ। ਬੱਚਿਆਂ ਨੇ ਜੈਕਾਰਿਆਂ ਰਾਹੀਂ ਸਾਰੇ ਰਸਤੇ ਵਿੱਚ ਸੰਦੇਸ਼ ਦਿੱਤਾ। ਕਈ ਜਗ੍ਹਾ ਬੱਚਿਆਂ ਦੇ ਉਤਸ਼ਾਹ ਲਈ ਦੁੱਧ, ਬਿਸਕੁਟ, ਕੇਕ, ਫਰੂਟ, ਚਾਹ ਅਤੇ ਪਰੌਂਠਿਆਂ ਦੇ ਖੁੱਲ੍ਹੇ ਲੰਗਰ ਦੁਕਾਨਾਂ ਸਾਹਮਣੇ ਲਗਾਏ ਗਏ।





ਆਵਾਜ਼ਿ ਕੌਮ AWAZE QAUM International Newspaper & WEB TV

# ਚਾਰ ਸਾਹਿਬਜ਼ਾਦੇ, ਮਾਤਾ ਗੁਜਰ ਕੌਰ ਅਤੇ ਸਮੂਹ ਸਿੰਘਾਂ ਸਿੰਘਣੀਆਂ ਦੇ ਲਾਸਾਨੀ ਸ਼ਹਾਦਤ ਨੂੰ ਸਮਰਪਿਤ ਸੁਖਮਨੀ ਸਾਹਿਬ ਦੇ ਪਾਠ ਕਰਵਾਏ





ਜਗਰਾਉਂ -(ਵਰਿਆਮ ਹਠੂਰ) ਇਤਿਹਾਸਕ ਕਸਬਾ ਹਠੂਰ ਦੇ ਗੁਰਦੁਆਰਾ ਪਾਤਸ਼ਾਹੀ ਛੇਵੀਂ ਵਿਖੇ ਬੀ ਜੇ ਪੀ ਮੰਡਲ ਹਠੂਰ ਦੇ ਸਾਬਕਾ ਜਨਰਲ ਸਕੱਤਰ ਗੁਰਜੰਟ ਸਿੰਘ ਹਠੂਰ ਨੇ ਆਗੂਆਂ ਅਤੇ ਵਰਕਰਾਂ ਨਾਲ ਮਿਲਕੇ ਸ਼੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਚਾਰ ਸਾਹਿਬਜ਼ਾਦੇ, ਮਾਤਾ ਗੁਜਰ ਕੌਰ, ਚਮਕੌਰ ਦੀ ਗੜ੍ਹੀ ਦੇ ਆਖ਼ਰੀ ਸ਼ਹੀਦ ਸ਼੍ਰੋਮਣੀ ਜਰਨੈਲ ਬਾਬਾ ਜੀਵਨ ਸਿੰਘ ਜੀ ਅਤੇ ਪੋਹ ਮਹੀਨੇ ਦੇ ਸਮੂਹ ਸਹੀਦ ਸਿੰਘਾਂ ਸਿੰਘਣੀਆਂ ਦੀ ਲਾਸਾਨੀ ਸ਼ਹਾਦਤ ਨੂੰ ਯਾਦ ਕਰਦਿਆਂ ਸ਼੍ਰੀ ਸੁਖਮਨੀ ਸਾਹਿਬ ਦੇ ਪਾਠ ਕਰਵਾਏ, ਸੰਗਤਾਂ ਨੇ ਜੁੱਗੋ ਯੁੱਗ ਅਟੱਲ ਚਵਰ ਛਤਰ ਤਖ਼ਤ ਦੇ ਮਾਲਕ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਨੂੰ ਆਪਣਾ ਸਿਜਦਾ ਭੇਟ ਕੀਤਾ, ਤੇ ਗੁਰਬਾਣੀ ਦਾ ਅਨੰਦ ਮਾਣਿਆ, ਗੁਰੂ ਘਰ ਦੇ ਵਜੀਰ ਭਾਈ ਗੁਰਜੰਟ ਸਿੰਘ ਖ਼ਾਲਸਾ ਰਸੂਲਪੁਰ ਵਾਲਿਆਂ ਨੇ ਇਕੱਤਰ ਹੋਈਆਂ ਗੁਰਸੰਗਤਾਂ ਨੂੰ ਸਿੱਖ ਕੌਮ ਦੇ ਲਹੂ ਭਿੱਜੇ ਇਤਿਹਾਸ ਬਾਰੇ ਜਾਣੂੰ ਕਰਵਾਇਆ, ਭਾਈ ਗੁਰਜੰਟ ਸਿੰਘ ਖ਼ਾਲਸਾ ਰਸੂਲਪੁਰ ਵਾਲਿਆਂ ਨੇ ਕਿਹਾ ਕਿ ਸਾਨੂੰ ਬਾਣੀ ਅਤੇ ਬਾਣੇ ਦੇ ਧਾਰਨੀ ਬਣਨਾ ਚਾਹੀਦਾ ਹੈ ਅਤੇ ਆਪਣੇ ਬੱਚਿਆਂ ਨੂੰ ਸਿੱਖ ਇਤਿਹਾਸ ਬਾਰੇ ਜਾਣੂੰ ਕਰਵਾਉਣਾ ਚਾਹੀਦਾ ਹੈ ਤਾਂ ਜੋ ਬੱਚਿਆਂ ਦਾ ਬਚਪਨ ਤੋਂ ਹੀ ਸਿੱਖੀ ਪ੍ਰਤੀ ਮੋਹ ਪੈਦਾ ਹੋਵੇ, ਇਸ ਮੌਕੇ ਹਠੂਰ ਮੰਡਲ ਦੇ ਸਾਬਕਾ ਜਨਰਲ ਸਕੱਤਰ ਗੁਰਜੰਟ ਸਿੰਘ ਹਠੂਰ, ਬੀ ਜੇ ਪੀ ਆਗੂ ਬੂੜਾ ਸਿੰਘ ਗਿੱਲ, ਮੰਡਲ ਹਠੂਰ ਤੋਂ ਜਨਰਲ ਸਕੱਤਰ ਹਰਪਾਲ ਸਿੰਘ ਪਾਲਾ ਹਠੂਰ, ਸਾਬਕਾ ਮੰਡਲ ਪ੍ਰਧਾਨ ਰਣਜੋਧ ਸਿੰਘ ਹਠੂਰ, ਹਰਜਿੰਦਰ ਸਿੰਘ ਹਠੂਰ, ਸਮੇਤ ਅਨੇਕਾਂ ਗੁਰਸੰਗਤਾਂ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# ਜਗਰਾਉਂ ਬੀ ਜੇ ਪੀ ਦੇ ਆਗੂਆਂ ਅਤੇ ਵਰਕਰਾਂ ਦੀ ਹੋਈ ਮੀਟਿੰਗ



ਜਗਰਾਉਂ -(ਵਰਿਆਮ ਹਠੂਰ) ਜਗਰਾਉਂ ਅੰਦਰਲੀ ਦਾਣਾ ਮੰਡੀ ਵਿਖੇ ਬਣੀ ਧਰਮਸ਼ਾਲਾ ਵਿੱਚ ਬੀ ਜੇ ਪੀ ਦੇ ਆਗੂਆਂ ਅਤੇ ਵਰਕਰਾਂ ਦੀ ਇੱਕ ਵਿਸ਼ੇਸ਼ ਮੀਟਿੰਗ ਜਿਲ੍ਹਾ ਪ੍ਰਧਾਨ ਕਰਨਲ ਇੰਦਰਪਾਲ ਸਿੰਘ ਧਾਲੀਵਾਲ ਦੀ ਅਗਵਾਈ ਹੇਠ ਹੋਈ, ਮੀਟਿੰਗ ਵਿੱਚ ਅਨੇਕਾਂ ਆਗੂਆਂ ਅਤੇ ਵਰਕਰਾਂ ਨੇ ਸ਼ਮੂਲੀਅਤ ਕੀਤੀ, ਇਸ ਮੌਕੇ ਬੀ ਜੇ ਪੀ ਦੇ ਸੰਗਠਨ ਮੰਤਰੀ ਸ਼੍ਰੀ ਨਿਵਾਸੂ, ਅਤੇ ਜ਼ਿਲ੍ਹਾ ਪ੍ਰਧਾਨ ਕਰਨਲ ਇੰਦਰਪਾਲ ਸਿੰਘ ਧਾਲੀਵਾਲ ਨੇ ਇਕੱਤਰ ਹੋਏ ਆਗੂਆਂ ਅਤੇ ਵਰਕਰਾਂ ਨੂੰ ਸ਼੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਚਾਰ ਸਾਹਿਬਜ਼ਾਦੇ, ਮਾਤਾ ਗੁਜਰ ਕੌਰ ਅਤੇ ਸਮੂਹ ਸਿੰਘਾਂ ਸਿੰਘਣੀਆਂ ਜੀ ਦੀ ਲਾਸਾਨੀ ਸ਼ਹਾਦਤ ਨੂੰ ਸਮਰਪਿਤ ਸ਼ਹੀਦੀ ਦਿਹਾੜੇ ਆਪੋ ਆਪਣੇ ਪਿੰਡਾਂ, ਸ਼ਹਿਰਾਂ ਅਤੇ ਕਸਬਿਆਂ ਵਿੱਚ ਮਨਾਉਣ ਲਈ ਪ੍ਰੇਰਿਤ ਕੀਤਾ ਅਤੇ ਕਿਹਾ ਕਿ ਸਾਨੂੰ ਸਿੱਖ ਕੌਮ ਲਈ ਸ਼ਹਾਦਤਾਂ ਦੇ ਯਾਮ ਪੀਣ ਵਾਲੇ ਸ਼ਹੀਦਾਂ ਨੂੰ ਹਮੇਸ਼ਾ ਯਾਦ ਰੱਖਣਾ ਚਾਹੀਦਾ ਹੈ, ਤੇ ਉਨ੍ਹਾਂ ਦੇ ਸ਼ਹੀਦੀ ਦਿਹਾੜੇ ਮਨਾਉਣੇ ਚਾਹੀਦੇ ਹਨ ਤਾਂ ਜੋ ਨਵੀਂ ਪੀੜ੍ਹੀ ਉਨ੍ਹਾਂ ਦੀਆਂ ਕੁਰਬਾਨੀਆਂ ਪ੍ਰਤੀ ਜਾਣੂੰ ਹੋ ਸਕੇ, ਇਸ ਮੌਕੇ ਪੰਜਾਬ ਦੇ ਸੀਨੀਅਰ ਭਾਜਪਾ ਆਗੂ ਅਨਿਲ ਸਰੀਨ ਨੇ ਆਗੂਆਂ ਨੂੰ ਸਿੱਖ ਇਤਿਹਾਸ ਬਾਰੇ ਚਾਨਣਾ ਪਾਇਆ, ਅਤੇ ਇਕੱਤਰ ਹੋਏ ਆਗੂਆਂ ਅਤੇ ਵਰਕਰਾਂ ਦਾ ਧੰਨਵਾਦ ਕੀਤਾ, ਪ੍ਰੈੱਸ ਨਾਲ ਗੱਲਬਾਤ ਕਰਦਿਆਂ ਹਠੂਰ ਮੰਡਲ ਦੇ ਸਾਬਕਾ ਜਨਰਲ ਸਕੱਤਰ ਗੁਰਜੰਟ ਸਿੰਘ ਹਠੂਰ ਨੇ ਕਿਹਾ ਕਿ ਸਿੱਖ ਕੌਮ ਬਾਜਾਂ ਵਾਲੇ ਸ਼ਿਹਨਸ਼ਾਹ ਸ਼੍ਰੀ ਗੁਰੂ ਗੋਬਿੰਦ ਸਿੰਘ ਜੀ ਦੀ ਸਾਜੀ ਹੋਈ ਕੌਮ ਹੈ। ਜਿਸ ਦੀ ਨੀਂਹ ਕੁਰਬਾਨੀਆਂ ਨਾਲ ਉਸਾਰੀ ਗਈ ਹੈ। ਤੇ ਸਾਨੂੰ ਪੋਹ ਮਹੀਨੇ ਦੇ ਸਮੂਹ ਸਿੰਘਾਂ ਸਿੰਘਣੀਆਂ, ਦੀਆਂ ਕੁਰਬਾਨੀਆਂ ਨੂੰ ਯਾਦ ਕਰਦੇ ਹੋਏ ਵੱਧ ਤੋਂ ਵੱਧ ਨਾਮ ਸਿਮਰਨ ਕਰਨਾ ਚਾਹੀਦਾ ਹੈ। ਅਤੇ ਉਨ੍ਹਾਂ ਦੇ ਪਾਏ ਪੂਰਨਿਆਂ ਤੇ ਚੱਲਣਾ ਚਾਹੀਦਾ ਹੈ। ਅੰਤ ਵਿੱਚ ਉਨ੍ਹਾਂ ਕਿਹਾ ਕਿ ਸਾਨੂੰ ਆਪਣੇ ਬੱਚਿਆਂ ਨੂੰ ਸਿੱਖ ਕੌਮ ਦੇ ਮਹਾਨ ਵਿਰਸੇ ਅਤੇ ਸ਼ਾਨਾਮੱਤੇ ਇਤਿਹਾਸ ਤੋਂ ਜਾਣੂੰ ਕਰਵਾਉਣਾ ਚਾਹੀਦਾ ਹੈ। ਇਸ ਮੌਕੇ ਕਰਨਲ ਇੰਦਰਪਾਲ ਸਿੰਘ ਧਾਲੀਵਾਲ ,ਸੰਗਠਨ ਮੰਤਰੀ ਸ਼੍ਰੀ ਨਿਵਾਸ਼ੂ ,ਭਾਜਪਾ ਸੀਨੀਅਰ ਆਗੂ ਅਨਲ ਸਰੀਨ ,ਗੌਰਵ ਖੁੱਲਰ ,ਡਾਕਟਰ ਰਾਜਿੰਦਰ ਸ਼ਰਮਾ ,ਗੁਰਸਿਮਰਨ ਸਿੰਘ ਰਸੂਲਪੁਰ ,ਸਾਬਕਾ ਜਰਨਲ ਸਕੱਤਰ ਗੁਰਜੰਟ ਸਿੰਘ ਹਠੂਰ ,ਮੇਜਰ ਸਿੰਘ ਦੇਤਵਾਲ ,ਰੋਹਿਤ ਅਗਰਵਾਲ ਸਮੇਤ ਅਨੇਕਾਂ ਆਗੂ ਅਤੇ ਵਰਕਰ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# ਸਦਰ ਪੁਲਿਸ ਵੱਲੋਂ ਅਦਾਲਤੀ ਭਗੋੜਾ ਗ੍ਰਿਫਤਾਰ

**ਧੂਰੀ, ( ਰਣਜੀਤ ਸਿੰਘ ਪੇਧਨੀ )-**ਧੂਰੀ ਦੀ ਸਦਰ ਪੁਲਿਸ ਵੱਲੋਂ ਧੂਰੀ ਦੀ ਇੱਕ ਅਦਾਲਤ ਵੱਲੋਂ ਭਗੋੜਾ ਕਰਾਰ ਦਿੱਤੇ ਇੱਕ ਵਿਆਕਤੀ ਨੂੰ ਗ੍ਰਿਫ਼ਤਾਰ ਕਰਨ ਵਿੱਚ ਸਫਲਤਾ ਹਾਸਲ ਕੀਤੀ ਹੈ ।ਇਸ ਸਬੰਧੀ ਜਾਣਕਾਰੀ ਦਿੰਦਿਆਂ ਸਦਰ ਪੁਲਿਸ ਮੁੱਖੀ ਕਰਮਜੀਤ ਸਿੰਘ ਨੇ ਦੱਸਿਆ ਰਣਜੀਤ ਸਿੰਘ ਬਿੱਟੂ ਪਿੰਡ ਪਲਾਸੌਰ ਜਿਸ ਨੂੰ ਧੂਰੀ ਦੀ ਅਦਾਲਤ ਵੱਲੋਂ ਇੱਕ ਮੁੱਕਦਮੇ ਵਿੱਚ ਭਗੋੜਾ ਐਲਾਨਿਆ ਹੋਇਆ ਸੀ ।ਉਨ੍ਹਾਂ ਕਿਹਾ ਇਤਲਾਹ ਮਿਲਣ ਤੇ ਮੁਲਜ਼ਮ ਨੂੰ ਉਸ ਦੇ ਪਿੰਡ ਵਿੱਚੋਂ ਗ੍ਰਿਫਤਾਰ ਕਰਕੇ ਅਦਾਲਤ ਵਿੱਚ ਪੇਸ਼ ਕੀਤਾ ਗਿਆ ਹੈ। ਇਸ ਮੌਕੇ ਭਲਵਾਨ ਚੋਕੀ ਇੰਨਚਾਰਜ ਬਲਕੋਰ ਸਿੰਘ ਵੀ ਹਾਜ਼ਰ ਸੀ।



ਐਡਵੋਕੇਟ ਧਾਮੀ ਨੇ ਕੇਰਲ ਦੇ ਇੱਕ ਕੇਂਦਰੀ ਵਿਦਿਆਲੇ 'ਚ

# ਛੋਟੇ ਸਾਹਿਬਜ਼ਾਦਿਆਂ ਦੀ ਨਕਲ ਕੀਤੇ ਜਾਣ ਦੀ ਕੀਤੀ ਨਿਖੇਧੀ



**ਅੰਮ੍ਰਿਤਸਰ, 26 ਦਸੰਬਰ (ਆਵਾਜ਼ਿ ਕੌਮ ਬਿਊਰੋ)**-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਕੇਰਲ ਦੇ ਪਯਾਨੁਰ ਸਥਿਤ ਕੇਂਦਰੀ ਵਿਦਿਆਲਾ ਵਿਖੇ ਕੇਂਦਰ ਸਰਕਾਰ ਦੇ ਵੀਰ ਬਾਲ ਦਿਵਸ ਪ੍ਰੋਗਰਾਮ ਤਹਿਤ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਛੋਟੇ ਸਾਹਿਬਜ਼ਾਦੇ ਬਾਬਾ ਜ਼ੋਰਾਵਰ ਸਿੰਘ ਅਤੇ ਬਾਬਾ ਫ਼ਤਿਹ ਸਿੰਘ ਦੀ ਸਰੀਰਕ ਰੂਪ ਵਿੱਚ ਨਕਲ ਕਰਨ ਦੀ ਸਖ਼ਤ ਸ਼ਬਦਾਂ ਵਿੱਚ ਨਿੰਦਾ ਕੀਤੀ ਹੈ। ਐਡਵੋਕੇਟ ਧਾਮੀ ਨੇ ਕਿਹਾ ਕਿ ਸਾਹਿਬਜ਼ਾਦਿਆਂ ਦੇ ਸ਼ਹੀਦੀ ਦਿਹਾੜਿਆਂ ਮੌਕੇ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਸਾਹਿਬਜ਼ਾਦਿਆਂ ਦੀ ਨਕਲ ਕਰਨਾ ਬਹੁਤ ਹੀ ਇਤਰਾਜ਼ਯੋਗ ਹੈ ਅਤੇ ਸਿੱਖ ਸਿਧਾਂਤਾਂ ਦੇ ਵਿਰੁੱਧ ਹੈ। ਉਨ੍ਹਾਂ ਕਿਹਾ ਕਿ ਕੇਰਲ ਦੇ ਪਯਾਨੁਰਕੇਂਦਰੀ ਵਿਦਿਆਲਾ ਪ੍ਰਸ਼ਾਸਨ ਵੱਲੋਂ ਬੱਚਿਆਂ ਰਾਹੀਂ ਛੋਟੇ ਸਾਹਿਬਜ਼ਾਦਿਆਂ ਦੀ ਨਕਲ ਕਰਵਾ ਕੇ ਅਤੇ ਇਸ ਦੀਆਂ ਤਸਵੀਰਾਂ ਸੋਸ਼ਲ ਮੀਡੀਆ ਉੱਪਰ ਪਾ ਕੇ ਸਿੱਖ ਸੰਗਤ ਦੀਆਂ ਭਾਵਨਾਵਾਂ ਨੂੰ ਸੱਟ ਮਾਰੀ ਗਈ ਹੈ। ਉਨ੍ਹਾਂ ਕਿਹਾ ਕਿ ਭਾਵੇਂ ਕਿ ਸ਼੍ਰੋਮਣੀ ਕਮੇਟੀ ਵੱਲੋਂ ਇਸ ਘਟਨਾ ਦਾ ਇਤਰਾਜ਼ ਪ੍ਰਗਟ ਕਰਨ ਤੋਂ ਬਾਅਦ ਪਯਾਨੁਰਕੇਂਦਰੀ ਵਿਦਿਆਲਾ ਨੇ ਆਪਣੇ ਸੋਸ਼ਲ ਮੀਡੀਆ ਐਕਸ ਮੰਚ ਤੋਂ ਇਤਰਾਜ਼ਯੋਗ ਤਸਵੀਰਾਂ ਹਟਾ ਦਿੱਤੀਆਂ ਹਨ ਪਰੰਤੂ ਕੇਂਦਰ ਸਰਕਾਰ ਨੂੰ ਅਜਿਹੀਆਂ ਘਟਨਾ ਨਾ ਵਾਪਰਨ ਇਸ ਲਈ ਠੋਸ ਕਦਮ ਚੁੱਕਣ ਦੀ ਲੋੜ ਹੈ।

ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਧਾਮੀ ਨੇ ਭਾਰਤ ਸਰਕਾਰ ਦੇ ਸਿਖਿਆ ਮੰਤਰਾਲੇ, ਸੱਭਿਆਚਾਰ ਮੰਤਰਾਲੇ, ਮਹਿਲਾ ਤੇ ਬਾਲ ਵਿਕਾਸ ਮੰਤਰਾਲੇ ਅਤੇ ਕੇਂਦਰੀ ਸੈਕੰਡਰੀ ਸਿੱਖਿਆ ਬੋਰਡ ਨੂੰ ਕਿਹਾ ਕਿ ਉਹ ਰਾਸ਼ਟਰੀ ਪੱਧਰ ਉੱਤੇ ਸਾਹਿਬਜ਼ਾਦਿਆਂ ਦੇ ਸ਼ਹੀਦੀ ਦਿਹਾੜੇ ਨੂੰ ਮਨਾਉਂਦੇ ਮੌਕੇ ਸਿੱਖ ਸਿਧਾਂਤਾਂ ਅਤੇ ਇਤਿਹਾਸ ਦੇ ਮੱਦੇਨਜ਼ਰ ਹੀ ਸਮਾਗਮ ਕਰਨ ਲਈ ਸਕੂਲਾਂ, ਕਾਲਜਾਂ ਅਤੇ ਵਿਦਿਅਕ ਅਦਾਰਿਆਂ ਨੂੰ ਆਦੇਸ਼ ਕਰਨ ਅਤੇ ਕਿਹਾ ਜਾਵੇ ਕਿ ਕਿਸੇ ਵੀ ਤਰ੍ਹਾਂ ਸਿੱਖ ਸਿਧਾਂਤਾਂ ਵਿਰੁੱਧ ਹਰਕਤ ਨਾ ਕੀਤੀ ਜਾਵੇ।

ਐਡਵੋਕੇਟ ਧਾਮੀ ਨੇ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੂੰ ਸੰਬੋਧਤ ਹੁੰਦਿਆਂ ਕਿਹਾ ਕਿ ਭਾਰਤ ਸਰਕਾਰ ਵੱਲੋਂ ਛੋਟੇ ਸਾਹਿਬਜ਼ਾਦਿਆਂ ਦੇ ਸ਼ਹੀਦੀ ਦਿਹਾੜੇ ਨੂੰ ਜੋ ਵੀਰ ਬਾਲ ਦਿਵਸ ਦਾ ਨਾਮ ਦਿੱਤਾ ਗਿਆ ਹੈ, ਇਹ ਸ੍ਰੀ ਅਕਾਲ ਤਖ਼ਤ ਸਾਹਿਬ ਅਤੇ ਸ਼੍ਰੋਮਣੀ ਕਮੇਟੀ ਸਮੇਤ ਪ੍ਰਮੁੱਖ ਸਿੱਖ ਸੰਸਥਾਵਾਂ ਨੇ ਪ੍ਰਵਾਨ ਨਹੀਂ ਕੀਤਾ ਹੈ। ਇਸ ਲਈ ਭਾਰਤ ਸਰਕਾਰ ਸ਼੍ਰੋਮਣੀ ਕਮੇਟੀ ਵੱਲੋਂ ਸਿਫਾਰਸ਼ ਕੀਤੇ ਨਾਮ 'ਸਾਹਿਬਜ਼ਾਦੇ ਸ਼ਹਾਦਤ ਦਿਵਸ' ਨੂੰ ਪ੍ਰਮਾਣਿਤ ਕਰਕੇ ਇਸ ਸਬੰਧੀ ਗਜ਼ਟ ਨੋਟੀਫਿਕੇਸ਼ਨ ਜਾਰੀ ਕਰੇ। ਉਨ੍ਹਾਂ ਕਿਹਾ ਕਿ ਸਿੱਖ ਸਿਧਾਂਤਾਂ ਅਨੁਸਾਰ ਸਾਹਿਬਜ਼ਾਦਿਆਂ ਨੇ ਨਿੱਕੀ ਉਮਰ ਵਿੱਚ ਵੱਡੇ ਪੂਰਨੇ ਪਾਉਂਦਿਆਂ ਬਹਾਦਰੀ ਨਾਲ ਬੇਮਿਸਾਲ ਸ਼ਹਾਦਤਾਂ ਪ੍ਰਾਪਤ ਕੀਤੀਆਂ, ਇਸ ਲਈ ਸਿੱਖ ਕੌਮ ਉਨ੍ਹਾਂ ਨੂੰ ਬਾਬਾ ਕਹਿ ਕੇ ਸਤਿਕਾਰ ਦਿੰਦੀ ਹੈ ਅਤੇ ਇਸੇ ਰੋਸ਼ਨੀ ਵਿੱਚ ਹੀ ਸਰਕਾਰ ਨੂੰ ਵੀ ਅੱਗੇ ਵਧਣਾ ਚਾਹੀਦਾ ਹੈ।

# ਸ਼ੁਕਰਾਨਾ (ਕਹਾਣੀ)

ਟਰੈਕਟਰ ਤੇ ਡੈੱਕ ਲੱਗਿਆ, ਸੜਕ 'ਤੇ ਜਾਂਦੇ ਰੇਸ ਦੇ ਕੇ ਭਜਾਉਂਦੇ, ਉੱਚੀ ਅਵਾਜ਼ਾਂ ਕੱਢਦੇ ਜਾਂਦੇ ਮੁੰਡਿਆਂ ਨੂੰ ਦੇਖ , ਉਸ ਬਜ਼ੁਰਗ ਦਾ ਸੁਤੇ ਸੁਭਾਅ ਈ ਹੱਥ ਖੜ੍ਹਾ ਹੋ ਗਿਆ

ਮੁੰਡਿਆਂ ਨੇ ਟਰੈਕਟਰ ਰੋਕ ਲਿਆ ਬੀ ਬਾਬੇ ਨੇ ਕਿਤੇ ਜਾਣਾ

ਕਿੱਥੇ ਚੱਲੇ ਓ ਜੁਆਨੋ ਬਾਬਾ ਨੇ ਮੁੰਡਿਆਂ ਤੋਂ ਪੁੱਛਿਆ ?"

ਸਰਹੰਦ ਚੱਲੇ ਆ ਬਾਬੇ , ਫਤਿਹਗੜ੍ਹ ਸਾਬ੍ਹ ਦੂਜਾ ਮੁੰਡਾ ਬੋਲਿਆ

ਸ਼ਾਬਾਸ਼ੇ ਜੁਆਨੋ , ਕਿਹੜੀ ਧਿਰ ਵੱਲੋਂ ਚੱਲੇ ਓ ?

ਕਿਵੇਂ ਬਾਬੇ ਸਮਝ ਨੀ ਲੱਗੀ ਗੱਲ , ਧਿਰ ਮਤਲਬ ਕਿਵੇਂ ?

ਮੁੰਡੇ ਨੇ ਟਰੈਕਟਰ ਬੰਦ ਕਰ ਲਿਆ

ਇੱਕ ਸੱਚ ਦੀ ਮਾਤਾ ਗੁਜਰੀ ਜੀ, ਬਾਬਾ ਜ਼ੋਰਾਵਰ ਸਿੰਘ, ਬਾਬਾ ਫਤਹਿ ਸਿੰਘ ਇੱਕ ਕੂੜ ਦੀ ਝੂਠ ਦੀ , ਵਜੀਦੇ ( ਵਜ਼ੀਰ ਖਾਂ) ਕਾ ਲਾਣਾ

ਤੁਸੀਂ ਕਿਹੜਿਆਂ ਵੱਲੋਂ ਜਾ ਰਹੇ ਓ ਭਾਈ ?

ਬਾਬਾ ਕਮਾਲ ਕਰਦਾ ਯਰ , ਅਸੀਂ ਮਾਤਾ ਗੁਜਰੀ, ਬਾਬਾ ਜ਼ੋਰਾਵਰ ਸਿੰਘ, ਬਾਬਾ ਫ਼ਤਿਹ ਸਿੰਘ ਵੱਲੋਂ ਹੀ ਜਾ ਰਹੇ ਆ

ਫਿਰ ਪੁੱਤ ਉਹਨਾਂ ਵੱਲੋਂ ਤਾਂ ਸਬਰ ਸੰਤੋਖ ਸੰਜਮ ,ਸਹਿਜ, ਸਿਮਰਨ, ਸਲੀਕਾ, ਸਤਿਕਾਰ, ਸ਼ੁਕਰ, ਸ਼ਾਂਤੀ, ਸਨਮਾਨ, ਸੇਵਾ ਸੰਕਲਪ ਸ਼ਹਾਦਤ, ਜਾਂਦੈ

ਤੇ ਤੁਸੀਂ.......

ਫ਼ਤਹਿਗੜ੍ਹ ਸਾਬ੍ਹ ਦੀ ਧਰਤੀ ਦਾ ਸਾਡੇ ਹਰੇਕ ਘਰ ਤੇ ਕਰਜ਼ ਆ ਸ਼ੇਰਾ

ਜੇ ਅੱਜ ਅਸੀਂ ਆਪਣੇ ਬੱਚਿਆਂ ਵਿੱਚ ਖੇਡਦੇ ਖੁਸ਼ੀਆਂ ਮਨਾਉਂਦੇ ਆ ਤਾਂ ਉਹ ਧੰਨ ਧੰਨ ਬਾਬਾ ਜ਼ੋਰਾਵਰ ਸਿੰਘ, ਧੰਨ ਧੰਨ ਬਾਬਾ ਫ਼ਤਿਹ ਸਿੰਘ ਕਰਕੇ ਹੀ ਮਨਾ ਰਹੇ ਆ

ਦਸਮੇਸ਼ ਪਿਤਾ ਨੇ ਕਿਹਾ ਸੀ , ਪੰਥ ਵਸੇ ਮੈਂ ਉਜੜਾਂ

ਓਏ ਕਿੱਥੇ ਮਿਲੂਗਾ ਇਹੋ ਜਾ ਗੁਰੂ

ਬਾਬੇ ਨੇ ਮੱਡਗਾਰਡ ਤੇ ਬੈਠੇ ਮੁੰਡੇ ਦੀ ਬਾਂਹ ਚ ਪਾਈ ਹਰੀ ਚੂੜੀ ਵੱਲ ਗਹੁ ਨਾਲ ਤੱਕਿਆ

ਕੀ ਵੇਹਨਾ ਬਾਬਾ ਇਹ ਤਾਂ ਪੀਰ ਬਾਬੇ ਦੀ ਆ ?

ਕਿਉਂ ਸ਼ੇਰਾ ਆਪਦੇ ਬਾਬੇ ਤੇ ਭਰੋਸਾ ਨੀ ?

ਪਤਾ ਸ਼ੇਰੋ ਜਦੋਂ ਚਮਕੌਰ ਦੀ ਗੜ੍ਹੀ ਚ ਪਹਿਲੀ ਰਾਤ ਕੱਟੀ ਤਾਂ ਦਸਮੇਸ਼ ਪਿਤਾ ਨੇ ਸਾਰੇ ਸਿੰਘਾਂ ਨੂੰ ਕਿਹਾ ਸੀ ਕਿ ਮੈਂ ਪਹਿਰਾ ਦੇਵਾਂਗਾ ਤੁਸੀਂ ਸਾਰੇ ਅਰਾਮ ਕਰੋ ਦਸਮੇਸ਼ ਪਿਤਾ ਨੇ ਸੁੱਤੇ ਪਏ ਸਿੰਘਾਂ ਦੇ ਅਤੇ ਬਾਬਾ ਅਜੀਤ ਸਿੰਘ ਤੇ ਬਾਬਾ ਜੁਝਾਰ ਸਿੰਘ ਜੀ ਦੇ ਮੱਥੇ ਚੁੰਮੇ , ਕਿਸੇ ਮੋਹ ਵੱਸ ਕਰਕੇ ਨੀ ਚੁੰਮੇ ਸ਼ੇਰੋ, ਇਸ ਕਰਕੇ ਚੁੰਮੇ ਕਿ ਕੱਲ੍ਹ ਨੂੰ ਧਰਮ ਤੋਂ ਕੁਰਬਾਨ ਹੋਣ ਵਾਲਿਓ , ਮੈਂ ਤੁਹਾਡੇ ਤੋਂ ਕੁਰਬਾਨ ਜਾਂਦਾ ਆਂ

ਦਸ ਲੱਖ ਫ਼ੌਜ ਦਾ ਘੇਰਾ ,ਮੌਤ ਸਿਰ ਤੇ ਮੇਲਦੀ ਫ਼ਿਰਦੀ ਹੋਵੇ ਸਿੰਘ ਸੌਂ ਗਏ ਬੇਫ਼ਿਕਰ ਹੋ ਕਿ ਪਤਾ ਕਿਉਂ ਸ਼ੇਰੋ ?

ਕਿਉਂਕਿ ਰਾਖੀ ਆਪ ਕਲਗੀਆਂ ਵਾਲਾ ਕਰ ਰਿਹਾ ਸੀ

ਇਹਨੂੰ ਕਹਿੰਦੇ ਆ ਭਰੋਸਾ ਸ਼ੇਰੋ

ਜੇ ਐਸੇ ਗੁਰੂ ਤੇ ਭਰੋਸਾ ਨਾ ਕਰਕੇ , ਕੱਚਿਆਂ ਪਿੱਲਿਆਂ ਤੇ ਭਰੋਸਾ ਰੱਖਾਂਗੇ ਤਾਂ, ਇਹ ਆਪਣੇ ਗੁਰੂ ਦਾ ਨਿਰਾਦਰ ਤਾਂ ਨੀ ਕਰ ਰਹੇ ਅਸੀਂ ਕਿਤੇ

ਸੋਚੀਏ ਜੁਆਨੋਂ ......

ਗੱਭਰੂਆਂ ਦੇ ਕਪਾਟ ਖੁੱਲ੍ਹ ਗਏ.....

ਇੱਕ ਮੁੰਡਾ ਕਹਿੰਦਾ ਬਾਬਾ ਜੀ ਤੁਸੀਂ ਸਾਨੂੰ ਇੰਨੇ ਪਿਆਰ ਨਾਲ ਸਮਝਾਇਆ ਸੱਚੀਂ ਵਾਹਲਾ ਵਧੀਆ ਲੱਗਿਆ

ਤੁਸੀਂ ਸਾਨੂੰ ਨਫ਼ਰਤ ਨਾਲ ਨੀ ਵੇਖਿਆ

ਲੈ ਪੁੱਤ ! ਸਾਡੇ ਆਪਦੇ ਜੁਆਕ ਓ ਤੁਸੀਂ, ਨਫ਼ਰਤ ਕਿਉਂ ਕਰਨੀ ਸ਼ੇਰੋ

ਜੇ ਇੱਕ ਪੌੜੀ ਪਿੱਛੇ ਖੜ੍ਹੇ ਓ ਤਾਂ ਸਾਡਾ ਫਰਜ਼ ਬਣਦਾ ਕਿ ਹੱਥ ਕੱਢ ਕੇ ਪਿਆਰ ਨਾਲ, ਨਾਲ ਰਲਾ ਲਈਏ

ਮੁੰਡਿਆਂ ਦੇ ਮੂੰਹੋਂ ਆਪ ਮੁਹਾਰੇ ਨਿਕਲਿਆ ਧੰਨ ਧੰਨ ਮਾਤਾ ਗੁਜਰੀ ਜੀ, ਧੰਨ ਧੰਨ ਬਾਬਾ ਜ਼ੋਰਾਵਰ ਸਿੰਘ, ਧੰਨ ਧੰਨ ਬਾਬਾ ਫ਼ਤਿਹ ਸਿੰਘ

ਮੁੰਡੇ ਨੇ ਟਰੈਕਟਰ ਨੂੰ ਸੈਲਫ ਮਾਰਿਆ, ਸਲੈਂਸਰ 'ਚੋਂ ਧੂੰਏ ਦੀ ਲਾਟ ਨਿਕਲੀ ਜਾਪਿਆ ਜਿਵੇਂ ਮਨਾਂ ਦੀ ਸਾਰੀ ਦੀ ਸਾਰੀ ਕਾਲ-ਅੰਗਿਆਰੀ ਔਹ ਗਈ ਔਹ ਗਈ....

ਕੇਸਰੀ ਨਿਸ਼ਾਨ ਸਾਹਿਬ ਝੂਲਿਆ .......

ਬਾਬੇ ਦੇ ਮੂੰਹੋ ਆਪ ਮੁਹਾਰੇ ਨਿਕਲਿਆ " ਝੂਲਤੇ ਨਿਸ਼ਾਨ ਰਹੇ ਪੰਥ ਮਹਾਰਾਜ ਕੇ "

ਬਾਬਾ ਸੜਕ 'ਤੇ ਖੜ੍ਹਾ ਤੁਰੇ ਜਾਂਦੇ ਟਰੈਕਟਰ ਟਰਾਲੀ ਨੂੰ ਦੇਖਦਾ ਰਿਹਾ, ਤੇ ਕਿੰਨੀ ਦੇਰ ਮੁੰਡਿਆਂ ਦੀ ਅਵਾਜ਼ ਉਹਦੇ ਕੰਨੀ ਪੈਂਦੀ ਰਹੀ......


ਜਪੋ ਸਤਿਨਾਮ ਸਤਿਨਾਮ ਸਤਿਨਾਮ ਜੀ, ਵਾਹਿਗੁਰੂ ਵਾਹਿਗੁਰੂ ਵਾਹਿਗੁਰੂ ਜੀ.........

ਬਾਬੇ ਨੇ ਹੱਥ ਜੋੜ ਕੇ ਮਾਲਕ ਦਾ ਸ਼ੁਕਰਾਨਾ ਕੀਤਾ

**-ਜਸਵਿੰਦਰ ਸਿੰਘ ਚਾਹਲ**

**☛ਇਸ ਨੂੰ ਕਹਾਣੀ ਸਮਝ ਪੜ੍ਹ ਕੇ ਛੱਡ ਨਾ ਦਿਓ। ਅੱਗੇ ਨਾਨਕ ਨਾਮ ਲੇਵਾ ਸੰਗਤ ਨਾਲ ਸ਼ੇਅਰ ਕਰੋ। ਸ਼ਾਇਦ ਕਿਸੇ ਦੀ ਰੂਹ ਜਾਗ ਜਾਵੇ।**

# ਸ. ਨਰਾਇਣ ਸਿੰਘ ਚੌੜਾ ਦਸਤਾਰ ਮਾਮਲੇ 'ਚ ਬਾਦਲ ਦਲ ਦੇ ਯੂਥ ਆਗੂ ਜਸਪ੍ਰੀਤ ਰਾਣਾ ਵੱਲੋਂ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਮੁਆਫ਼ੀ ਯਾਚਨਾ



ਪਰਮ ਸਤਿਕਾਰਯੋਗ
ਸਿੰਘ ਸਾਹਿਬ ਗਿਆਨੀ ਰਘਬੀਰ ਸਿੰਘ ਜੀ
ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ,
ਸ੍ਰੀ ਅੰਮ੍ਰਿਤਸਰ ਸਾਹਿਬ।

ਵਾਹਿਗੁਰੂ ਜੀ ਕਾ ਖ਼ਾਲਸਾ॥ ਵਾਹਿਗੁਰੂ ਜੀ ਕੀ ਫ਼ਤਹਿ॥

ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਦੇ ਸਾਜੇ ਸ੍ਰੀ ਅਕਾਲ ਤਖ਼ਤ ਸਾਹਿਬ ਜੀ ਦੇ ਸਨਮੁਖ ਦਾਸ ਦੀ ਸਨਿਮਰ ਬੇਨਤੀ ਹੈ ਕਿ ਮਿਤੀ 4 ਦਸੰਬਰ 2024 ਨੂੰ ਸ੍ਰੀ ਦਰਬਾਰ ਸਾਹਿਬ, ਸ੍ਰੀ ਅੰਮ੍ਰਿਤਸਰ ਦੀ ਘੰਟਾ ਘਰ ਵਾਲੀ ਦਰਸ਼ਨੀ ਡਿਓਢੀ ਦੇ ਬਾਹਰਵਾਰ ਪੰਜ ਸਿੰਘ ਸਾਹਿਬਾਨ ਦੁਆਰਾ ਲਗਾਈ ਤਨਖਾਹ ਅਨੁਸਾਰ ਸੇਵਾ ਨਿਭਾਅ ਰਹੇ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸ. ਸੁਖਬੀਰ ਸਿੰਘ ਬਾਦਲ ਉੱਪਰ ਚੱਲੀ ਗੋਲੀ ਦੀ ਘਟਨਾ ਦੌਰਾਨ ਹਫੜਾ-ਤਫੜੀ ਵਾਲੇ ਮਾਹੌਲ ਵਿਚ ਦਾਸ ਦਾ ਹੱਥ ਵੱਜਣ ਨਾਲ ਗੋਲੀ ਚਲਾਉਣ ਵਾਲੇ ਸ਼ਖ਼ਸ ਦੀ ਦਸਤਾਰ ਉਤਰ ਗਈ ਸੀ। ਉਸ ਵੇਲੇ ਨਾ ਤਾਂ ਦਾਸ ਨੂੰ ਇਹ ਪਤਾ ਸੀ ਕਿ ਇਹ ਸ਼ਖ਼ਸ ਕੌਣ ਹਨ ਅਤੇ ਨਾ ਹੀ ਮੇਰਾ ਕਿਸੇ ਦੀ ਦਸਤਾਰ ਉਤਾਰਨ ਦਾ ਇਰਾਦਾ ਸੀ। ਬਹੁਤ ਸਾਰੇ ਵੀਰਾਂ ਨੇ ਇਸ ਉਪਰੰਤ ਰੋਸ ਜ਼ਾਹਰ ਕੀਤਾ ਅਤੇ ਸੰਗਤ ਦੀਆਂ ਭਾਵਨਾਵਾਂ ਨੂੰ ਵੀ ਠੇਸ ਪੁੱਜੀ ਹੈ। ਦਾਸ ਹਮੇਸ਼ਾ ਦਸਤਾਰ ਨੂੰ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੁਆਰਾ ਬਖਸ਼ਿਸ਼ ਕੀਤਾ ਹੋਇਆ ਤਾਜ ਸਮਝਦਾ ਹੈ ਅਤੇ ਇਸੇ ਕਾਰਨ ਦਾਸ ਦਸਤਾਰਾਂ ਦੇ ਕੈਂਪ ਵੀ ਲਗਾਉਂਦਾ ਰਿਹਾ ਹੈ। ਦਾਸ ਕਦੇ ਵੀ ਇਹ ਨਹੀਂ ਸੋਚ ਸਕਦਾ ਕਿ ਕਿਸੇ ਦੀ ਦਸਤਾਰ ਦੀ ਬੇਅਦਬੀ ਕੀਤੀ ਜਾਵੇ। ਦਾਸ ਦਾ ਜਨਮ ਸਿੱਖ ਧਰਮ ਵਿਚ ਦ੍ਰਿੜ੍ਹ ਵਿਸ਼ਵਾਸ ਅਤੇ ਸ਼ਰਧਾ ਰੱਖਣ ਵਾਲੇ ਅੰਮ੍ਰਿਤਧਾਰੀ ਪਰਿਵਾਰ ਵਿਚ ਹੋਇਆ ਹੈ। ਜਿਸ ਲਈ ਮੈਂ ਗੁਰੂ ਸਾਹਿਬ ਅਤੇ ਗੁਰੂ ਰੂਪ ਸੰਗਤ ਅੱਗੇ ਨਿਮਾਣਾ-ਨਿਤਾਣਾ ਹੋ ਕੇ ਖਿਮਾ-ਜਾਚਨਾ ਕਰਦਾ ਹਾਂ।

ਜਿਵੇਂ ਕਿ ਹਰੇਕ ਸਿੱਖ ਦੀ ਆਖਰੀ ਓਟ ਸ੍ਰੀ ਅਕਾਲ ਤਖ਼ਤ ਸਾਹਿਬ ਅੱਗੇ ਹੀ ਹੁੰਦੀ ਹੈ, ਦਾਸ ਵੀ ਸ੍ਰੀ ਅਕਾਲ ਤਖ਼ਤ ਸਾਹਿਬ ਅੱਗੇ ਅਦਬ ਸਹਿਤ ਸਿਰ ਝੁਕਾਉਂਦਾ ਹੋਇਆ ਸ੍ਰੀ ਅਕਾਲ ਤਖ਼ਤ ਸਾਹਿਬ ਅਤੇ ਸੰਗਤ ਤੋਂ ਨਿਮਰਤਾ ਸਹਿਤ ਖਿਮਾ ਜਾਚਨਾ ਕਰਦਾ ਹੈ।

ਦਾਸ ਦੀ ਸ੍ਰੀ ਅਕਾਲ ਤਖ਼ਤ ਸਾਹਿਬ ਅੱਗੇ ਸਨਿਮਰ ਬੇਨਤੀ ਹੈ ਕਿ ਸੱਚੇ ਪਾਤਸ਼ਾਹ ਸਦਾ ਬਖਸ਼ਿੰਦ ਹਨ ਅਤੇ ਆਪਣੇ ਬਿਰਦ ਦੀ ਪੈਜ ਰੱਖਦਿਆਂ ਦਾਸ ਦੀ ਖਿਮਾ ਨੂੰ ਬਖਸ਼ ਲਿਆ ਜਾਵੇ। ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਹੋਣ ਵਾਲੇ ਹਰ ਹੁਕਮ ਨੂੰ ਦਾਸ ਖਿੜੇ ਮੱਥੇ ਮੰਨੇਗਾ।

ਸੱਚੇ ਪਾਤਸ਼ਾਹ ਦੇ ਦਰ ਦਾ ਸਵਾਲੀ
ਜਸਪ੍ਰੀਤ ਸਿੰਘ ਰਾਣਾ
9915777736

# ਖੰਨਾ ਪੇਪਰ ਮਿਲਜ਼ ਨੂੰ 'ਨੈਸ਼ਨਲ ਅਨਰਜੀ ਕੰਜ਼ਰਵੇਸ਼ਨ ਅਵਾਰਡ-2024' ਲਈ ਕੌਮੀ ਪੱਧਰ 'ਤੇ ਪਹਿਲਾ ਅਵਾਰਡ



**ਚੌਕ ਮਹਿਤਾ, 26 ਦਸੰਬਰ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਅਨਰਜੀ ਦੀ ਐਫੀਸ਼ਿਐਂਸੀ ਅਤੇ ਸੰਭਾਲ ਬਾਰੇ ਜਾਗਰੂਕਤਾ ਵਧਾਉਣ ਦੇ ਉਦੇਸ਼ ਨਾਲ 'ਬਿਊਰੋ ਆਫ ਅਨਰਜੀ ਐਫੀਸੀਐਂਸੀ ਨੇ ਊਰਜਾ ਮੰਤਰਾਲੇ ਦੇ ਦਿਸ਼ਾ ਨਿਰਦੇਸ਼ਾਂ ਹੇਠ ਉਦਯੋਗਿਕ ਯੂਨਿਟਾਂ, ਸੰਸਥਾਵਾਂ ਅਤੇ ਅਦਾਰਿਆਂ ਦੇ ਯਤਨਾਂ ਨੂੰ ਸਨਮਾਨਿਤ ਕਰਨ ਲਈ –ਨੈਸ਼ਨਲ ਅਨਰਜੀ ਕੰਜ਼ਰਵੇਸ਼ਨ ਦਿਵਸ– ਬੀਤੀ 14 ਦਸੰਬਰ ਨੂੰ ਦਿੱਲੀ ਵਿਖੇ ਮਨਾਇਆ ਗਿਆ। ਇਸ ਵਿਚ ਵੱਖ 2 ਖੇਤਰਾਂ ਤੋਂ ਕੁੱਲ 752 ਅਰਜ਼ੀਆਂ ਪ੍ਰਾਪਤ ਹੋਈਆਂ ਜਿਨ੍ਹਾਂ ਵਿਚ ਉਦਯੋਗ, ਟਰਾਂਸਪੋਰਟ ਆਦਿ ਸੰਸਥਾਵਾਂ ਸ਼ਾਮਿਲ। 'ਨੈਸ਼ਨਲ ਅਨਰਜੀ ਕੰਜ਼ਰਵੇਸ਼ਨ ਦਿਵਸ' ਮੱਕੇ ਤੇ ਭਾਰਤ ਦੇ ਮਾਨਯੋਗ ਉਪ ਰਾਸ਼ਟਰਪਤੀ ਸ੍ਰੀ ਜਗਦੀਪ ਧਨਖੜ ਨੇ ਵਿਗਿਆਨ ਭਵਨ, ਨਵੀ ਦਿੱਲੀ ਵਿਖੇ ਇਕ ਵਿਸ਼ਾਲ ਸਮਾਰੋਹ ਦੀ ਪ੍ਰਧਾਨਗੀ ਕੀਤੀ 9 ਇਸ ਪ੍ਰਭਾਵਸ਼ਾਲੀ ਸਮਾਰੋਹ ਦੌਰਾਨ ਪੰਜਾਬ ਦੀਮਹੱਤਵ ਪੂਰਨ ਸਥਾਨਕ ਉਦਯੋਗਿਕ ਇਕਾਈ 'ਖੰਨਾ ਪੇਪਰ ਮਿਲਸ ਲਿਮਿਟਿਡ' ਨੂੰ ਪਲੱਪ ਅਤੇ ਪੇਪਰ ਖੇਤਰ ਵਿਚ ਪੂਰੇ ਭਾਰਤ ਵਿਚ ਪਹਿਲਾ ਸਥਾਨ ਪ੍ਰਾਪਤ ਹੋਇਆ 9 ਇਹ ਗਰੋਵਮਈ ਸਨਮਾਨ ਖੰਨਾ ਪੇਪਰ ਮਿਲਜ ਦੇ ਮੈਨੇਜਿੰਗ ਡਾਇਰੈਕਟਰ ਰਾਹੁਲ ਖੰਨਾ, ਅਤੇ ਅਗਜੈਕਟਿਵ ਡਾਇਰੈਕਟਰ ਸ੍ਰੀ ਐਸ. ਵੀ. ਆਰ. ਕ੍ਰਿਸ਼ਨ ਨੇ ਇਹ ਅਵਾਰਡ ਭਾਰਤ ਦੇ ਮਾਨਯੋਗ ਉਪ ਰਾਸ਼ਟਰਪਤੀ ਤੋਂ ਪ੍ਰਾਪਤ ਕੀਤਾ। ਪੰਜਾਬ ਵਾਸੀਆਂ ਲਈ ਇਹ ਬੜੇ ਮਾਣ ਦੀ ਗੱਲ ਹੈ ਕਿ 'ਖੰਨਾ ਪੇਪਰ ਮਿਲਸ ਲਿਮਿਟਿਡ' ਜੋ ਕਿ ਦੇਸ਼ ਦੇ ਇਕ ਸਰਹੱਦੀ ਜਿਲੇ ਵਿਚ ਸਥਿਤ ਹੈ, ਨੇ ਇਹ ਪਹਿਲਾ ਅਵਾਰਡ ਪੂਰੇ ਭਾਰਤ ਵਿਚੋਂ ਜਿਤਿਆ। ਇਸ ਸ਼ਾਨਦਾਰ ਪ੍ਰਾਪਤੀ ਮੱਕੇ ਮਿਲਜ ਦੇ ਮਨੇਜਿੰਗ ਡਾਇਰੈਕਟਰ ਸ੍ਰੀ ਰਾਹੁਲ ਖੰਨਾ ਨੇ ਦੱਸਿਆ ਕਿ ਸ਼ੁਰੂ ਤੋਂ ਹੀ ਖੰਨਾ ਪੇਪਰ ਮਿਲਸ ਉਦਯੋਗਿਕ ਖੇਤਰ ਵਿਚ ਅਨਰਜੀਦੀਐਫੀਸ਼ਿਐਂਸੀ ਅਤੇ ਸੰਭਾਲ ਲਈ ਹਮੇਸ਼ਾ ਯਤਨ ਸ਼ੀਲ ਰਹੀ ਹੈ ਉਹਨਾਂ ਕਿਹਾ ਕਿ ਸਾਨੂੰ ਬਹੁਤ ਖੁਸ਼ੀ ਹੈ ਕੇ ਸਾਡੇ ਕੰਮ ਨੂੰ ਇਸ ਕਮੀ ਅਵਾਰਡ ਨਾਲ ਸਨਮਾਨਿਤ ਕੀਤਾ ਗਿਆ ਹੈ, ਇਸ ਨਾਲ ਸਾਡੀ ਟੀਮ ਨੂੰ ਹੋਰ ਵਡੀਆਂ ਪ੍ਰਾਪਤੀਆਂ ਕਰਨ ਲਈ ਪ੍ਰੇਰਨਾ ਮਿਲਦੀ ਰਹੇਗੀ।

# ਵਿਸ਼ਵ ਪ੍ਰਸਿੱਧ ਕੀਰਤਨੀਏ ਭਾਈ ਅਮਨਦੀਪ ਸਿੰਘ ਦੇ ਪਿਤਾ ਜਗਤਾਰ ਸਿੰਘ ਦੇ ਅਕਾਲ ਚਲਾਨਾ ਕਰਨ ਤੇ ਸਿੰਘ ਸਾਹਿਬ ਗਿਆਨੀ ਰਘਬੀਰ ਸਿੰਘ, ਭਾਈ ਗੁਰਇਕਬਾਲ ਸਿੰਘ ਅਤੇ ਮਾਤਾ ਵਿਪਨਪ੍ਰੀਤ ਕੌਰ ਲੁਧਿਆਣੇ ਵਾਲਿਆਂ ਵੱਲੋਂ ਗਹਿਰੇ ਦੁੱਖ ਦਾ ਪ੍ਰਗਟਾਵਾ



**ਚੌਕ ਮਹਿਤਾ, 26 ਦਸੰਬਰ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਬਾਬਾ ਦੀਪ ਸਿੰਘ ਟਰੱਸਟ ਦੇ ਸੇਵਾਦਾਰ ਭਾਈ ਅਮਨਦੀਪ ਸਿੰਘ ਦੇ ਪਿਤਾ ਜਗਤਾਰ ਸਿੰਘ ਜੋ ਪਰਿਵਾਰ ਨੂੰ ਸਦੀਵੀ ਵਿਛੋੜਾ ਦੇ ਗਏ ਹਨ। ਅੱਜ ਭਾਈ ਗੁਰਇਕਬਾਲ ਸਿੰਘ ਬੀਬੀ ਕੌਲਾਂ ਜੀ ਭਲਾਈ ਕੇਂਦਰ ਵਾਲੇ,ਸਾਹਿਬ ਗਿਆਨੀ ਰਘਬੀਰ ਸਿੰਘ ਜਥੇਦਾਰ ਸ੍ਰੀ ਅਕਾਲ ਤਖਤ ਸਾਹਿਬ ਅਤੇ ਮਾਤਾ ਵਿਪਨਪ੍ਰੀਤ ਕੌਰ ਲੁਧਿਆਣੇ ਵਾਲਿਆਂ ਨੇ ਭਾਈ ਅਮਨਦੀਪ ਸਿੰਘ ਜੀ ਨਾਲ ਉਹਨਾਂ ਦੇ ਗ੍ਰਹਿ ਵਿਖੇ ਪਹੁੰਚ ਕੇ ਗਹਿਰੇ ਦੁੱਖ ਦਾ ਪ੍ਰਗਟਾਵਾ ਕੀਤਾ। ਉਹਨਾਂ ਦੱਸਿਆ ਸ ਜਗਤਾਰ ਸਿੰਘ ਬੜੇ ਸੱਚੇ ਤੇ ਸਾਫ ਦਿਲ ਦੇ ਮਾਲਕ ਸਨ। ਇਸ ਮੌਕੇ ਭਾਈ ਅਮਨਦੀਪ ਜੀ ਨੇ ਦੱਸਿਆ ਪਿਤਾ ਜੀ ਦੀ ਅੰਤਿਮ ਅਰਦਾਸ 30 ਦਸੰਬਰ ਦਿਨ ਸੋਮਵਾਰ ਸਮਾਂ 12 ਤੋਂ 2 ਵਜੇ ਦੁਪਿਹਰ ਬੀਬੀ ਕੌਲਾਂ ਜੀ ਭਲਾਈ ਕੇਂਦਰ,ਸ੍ਰੀ ਅੰਮ੍ਰਿਤਸਰ ਵਿਖੇ ਹੋਵੇਗੀ। ਜਿਸ ਵਿੱਚ ਪੰਥ ਪ੍ਰਸਿੱਧ ਕੀਰਤਨੀ ਜਥੇ, ਸਿੰਘ ਸਾਹਿਬਾਨ, ਸੰਤ ਮਹਾਂਪੁਰਸ਼ ਅਤੇ ਦੇਸ਼ਾਂ ਵਿਦੇਸ਼ਾਂ ਤੋਂ ਸੰਗਤਾਂ ਹਾਜ਼ਰੀ ਭਰਨਗੀਆਂ।

ਐਸ ਸੀ ਬੀ ਸੀ ਅਧਿਆਪਕ ਯੂਨੀਅਨ ਵੱਲੋਂ

# ਡਾਕਟਰ ਅੰਬੇਦਕਰ ਭਵਨ ਗੁਰਦਾਸਪੁਰ ਵਿਖੇ ਇਕ ਹੰਗਾਮੀ ਮੀਟਿੰਗ ਕੀਤੀ ਗਈ


**ਪਠਾਨਕੋਟ, 26 ਦਸੰਬਰ (ਆਵਾਜ਼ਿ ਕੌਮ ਬਿਊਰੋ)**-ਐਸਸੀ ਬੀਸੀ ਅਧਿਆਪਕ ਯੂਨੀਅਨ ਗੁਰਦਾਸਪੁਰ ਦੀ ਇੱਕ ਹੰਗਾਮੀ ਮੀਟਿੰਗ ਡਾਕਟਰ ਅੰਬੇਦਕਰ ਭਵਨ ਗੁਰਦਾਸਪੁਰ ਵਿਖੇ ਕੀਤੀ ਗਈ ।ਜਿਸ ਵਿੱਚ ਇਹ ਰੋਸ ਜ਼ਾਹਿਰ ਕੀਤਾ ਗਿਆ ਕਿ,ਜੋ ਡੀ ਓ ਓ ਪ੍ਰਾਈਮਰੀ ਪਰਮਜੀਤ ਕੌਰ ਵੱਲੋਂ ,ਈ ਟੀ ਟੀ ਟੀਚਰਾਂ ਤੋਂ ਹੈੱਡ ਟੀਚਰਾਂ ਦੀਆਂ ਤਰੱਕੀਆਂ ਕੀਤੀਆਂ ਗਈਆਂ ਹਨ ,ਅਤੇ ਨਾਲ ਹੀ ਜੋ ਹੈੱਡ ਟੀਚਰ ਤੋਂ ਸੈਂਟਰ ਹੈੱਡ ਟੀਚਰ ਬਣਾਏ ਜਾ ਰਹੇ ਹਨ ਉਹਨਾਂ ਵਿੱਚ ਨਿਯਮਾਂ ਦੀਆਂ ਪੂਰੀਆਂ ਧੱਜੀਆਂ ਉਡਾਈਆਂ ਗਈਆਂ ਹਨ । ਐਸ ਸੀ ਬੀ ਸੀ ਅਧਿਆਪਕਾਂ ਦਾ ਜੋਂ ਬੈਕਲਾਗ ਤੇ ਰੋਸਟਰ ਮੁਤਾਬਿਕ ਕਿਸੇ ਵੀ ਕੋਟੇ ਦਾ ਬਿਲਕੁਲ ਹੀ ਖਿਆਲ ਨਹੀਂ ਰੱਖਿਆ ਗਿਆ ।ਮਾਸਟਰ ਰਛਪਾਲ ਸਿੰਘ ਭੁੰਬਲੀ ਜਿਲਾ ਪ੍ਰਧਾਨ ਐਸਸੀਬੀਸੀ ਅਧਿਆਪਕ ਯੂਨੀਅਨ ਗੁਰਦਾਸਪੁਰ ਨੇ ਇਤਰਾਜ ਕੀਤਾ ਹੈ ।ਕਿ ਜੇਕਰ ਇਹ ਤਰੱਕੀਆਂ ਕੈਂਸਲ ਕਰਕੇ ਰੋਸਟਰ ਮੁਤਾਬਕ ਅਤੇ ਹੋਰ ਨਿਯਮਾਂ ਮੁਤਾਬਕ ਨਾ ਕੀਤੀਆਂ ਗਈਆਂ ਤਾਂ ਡੀ ਈ ਓ ਦਫਤਰ ਗੁਰਦਾਸਪੁਰ ਦੇ ਅੱਗੇ ਜਬਰਦਸਤ ਧਰਨਾ ਲਗਾਇਆ ਜਾਵੇਗਾ ।ਅਤੇ ਜਦ ਤੱਕ ਨਿਯਮਾਂ ਅਨੁਸਾਰ ਬਣਦੇ ਸਟੇਸ਼ਨ ਅਤੇ ਤਰੱਕੀਆਂ ਐਸਸੀ ਬੀਸੀ ਟੀਚਰਾਂ ਨੂੰ ਨਹੀਂ ਦਿੱਤੇ ਜਾਂਦੇ ਜਾਂ ਰੋਸਟਰ ਲਾਗੂ ਨਹੀਂ ਕੀਤਾ ਜਾਂਦਾ, ਉਹਨਾਂ ਚਿਰ ਤੱਕ ਦਫਤਰ ਦੇ ਅੱਗੋਂ ਧਰਨਾ ਖਤਮ ਨਹੀਂ ਕੀਤੀ ਜਾਵੇਗੀ। ਜਲਦੀ ਹੀ ਐਸ ਸੀ ਬੀ ਸੀ ਯੂਨੀਅਨ ਦੇ ਪੰਜਾਬ ਪ੍ਰਧਾਨ ਜੀ ਨਾਲ ਗੱਲ ਕਰਕੇ ਅਗਲੇ ਪ੍ਰੋਗਰਾਮ ਨੂੰ ਉਲੀਕਿਆ ਜਾਵੇਗਾ ।ਮਾਸਟਰ ਪਵਨ ਕੁਮਾਰ ਹੈੱਡ ਟੀਚਰ ਸਾਹਿਬ ਨੇ ਰੋਸਟਰ ਨਾ ਪਲਾਈ ਕਰਨ ਤੇ ਡੀ ਈ ਓ ਪ੍ਰਾਈਮਰੀ ਪਰਮਜੀਤ ਕੌਰ ਅਤੇ ਹੋਰ ਜਿੰਮੇਵਾਰ ਅਧਿਕਾਰੀਆਂ ਨੂੰ ਜਲਦੀ ਕਾਰਵਾਈ ਕਰਕੇ ਤਰੱਕੀਆਂ ਨੂੰ ਕੈਂਸਿਲ ਕਰਨ ਲਈ ਕਿਹਾ ਗਿਆ ।ਇਸ ਸਮੇਂ ਹੋਰਨਾਂ ਤੋਂ ਇਲਾਵਾ ਸੀਐਚਟੀ ਸ੍ਰੀ ਸਤਪਾਲ, ਜਗਦੀਸ਼ ਬੈਂਸ,ਹੱਡ ਟੀਚਰ ਸ੍ਰੀ ਸੰਜੀਵ ਕੁਮਾਰ, ਸ੍ਰੀ ਨਰੇਸ਼ ਕੁਮਾਰ ,ਜਸਪਾਲ , ਬਲਜੀਤ ਕੁਮਾਰ, ਗੁਰਪ੍ਰੀਤ ਸਿੰਘ ਬੱਬੇਹਾਲੀ ਲਖਵਿੰਦਰ ਕੁਮਾਰ ਕੋਠੇ ਅਮਰਜੀਤ ਸਿੰਘ ਕੋਠੇ , ਵਿਜੇ ਕੁਮਾਰ ਅਤੇ ਹੋਰ ਬਹੁਤ ਸਾਰੇ ਸਾਥੀ ਹਾਜ਼ਰ ਸਨ।

# ਫਰੀਦ ਇਹ ਸੰਸਾਰ ਨਾ ਸ਼ੁਕਰਿਆ ਦਾ ਹੈ...








**ਫਕੀਰ** ਜਲਾਲੂਦੀਨ ਤਬਰੇਜ਼ੀ ਘੋੜ੍ਹੇ ਤੇ ਸਵਾਰ ਮੁਲਤਾਨ ਸ਼ਹਿਰ ਦੇ ਪਿੰਡ ਕੋਠੇਵਾਲ ਚੋਂ ਲੰਘ ਰਿਹਾ ਸੀ,ਜਿਥੇ ਸਾਂਈ ਬਖਤਿਆਰ ਦੀ ਬਿਖੇਰੀ ਰੂਹਾਨੀਅਤ ਦੀ ਖੁਸ਼ਬੋ ਨੇ ਮੋਹ ਲਿਆ,ਪਿੰਡ ਦੇ ਲੋਕਾਂ ਤੋਂ ਪੁੱਛਣ ਲੱਗਾ ਏਥੇ ਕੋਈ ਬੰਦਗੀ ਵਾਲਾ ਪ੍ਰਹੇਜਗਾਰ ਰਹਿੰਦਾ ਹੈ..?

ਸੰਸਾਰੀ ਬੰਦੇ ਕਹਿਣ ਲੱਗੇ ਨਹੀ...ਪਰ ਇਕ ਸਾਂਈ ਬਖਤਿਆਰ ਕਾਕੀ ਜੀ ਪਿੰਡ ਰਹਿੰਦੇ ਹਨ,ਬੱਚਿਆਂ ਨੂੰ ਤਾਲੀਮ ਦੇਂਦੇ ਹਨ ਜ਼ਲਾਲੂਦੀਨ ਸਾਂਈ ਬਖ਼ਿਤਆਰ ਦੇ ਮਦਰੱਸੇ ਜਾ ਪੁੱਜਾ,ਛੋਟੀ ਉਮਰੇ ਫਰੀਦ ਜੀ ਦਾ ਖੁਦਾ ਨਾਲ ਏਨਾ ਪਿਆਰ ਵੇਖ ਬਹੁਤ ਵਿਗਾਸ ਵਿਚ ਆਏ।

ਆਵਾਜ਼ਿ ਕੌਮ AWAZE QAUM International Newspaper & WEB TV

ਆਪਣੇ ਝੋਲ੍ਹੇ ਚੋਂ ਇਕ ਅਨਾਰ ਦਾ ਫਲ੍ਹ ਕੱਢ ਕੇ ਭੰਨਿਆ,ਕਹਿਣ ਲੱਗੇ ਲੈ ਫਰੀਦ ਇਹ ਖਾ ਲੈ,ਪਰ ਫਰੀਦ ਜੀ ਕਹਿਣ ਲੱਗਾ ਮੈਂ ਰੋਜਾ ਰਖਿਆ ਹੈ,ਅਜੇ ਖਾ ਨਹੀ ਸਕਦਾ ਜਲਾਲੂਦੀਨ ਨੇ ਭੰਨਿਆ ਅਨਾਰ ਆਪਣੇ ਝੋਲ੍ਹੇ ਵਿਚ ਪਾ ਲਿਆ ਤੇ ਅਸੀਸ ਦੇ ਕੇ ਪਰਤ ਗਿਆ ।

ਫਰੀਦ ਨੇ ਭੰਨੇ ਹੋਏ ਅਨਾਰ ਦੇ ਕੁਝ ਦਾਣੇ ਜੋ ਮਸਜਿਦ ਦੇ ਫਰਸ਼ ਤੇ ਡਿੱਗੇ ਸਨ,ਉਹ ਸੰਭਾਲ ਲਏ ਸ਼ਾਮ ਨੂੰ ਰੋਜਾ ਖੋਲ੍ਹ ਕੇ ਉਹ ਦਾਣੇ ਖਾਧੇ ਤਾਂ ਏਨਾ ਵਿਸਮਾਦ ਅਨੰਦ ਪਸਰ ਗਿਆ, ਸਿੱਧਾ ਸਾਂਈ ਬਖਤਿਆਰ ਕੋਲ ਜਾ ਕੇ ਪੁੱਛਣ ਲੱਗਾ ਸਾਂਈ ਜੀ ਅੱਜ ਕੌਣ ਫਕੀਰ ਆਏ ਸਨ..?

ਮੈਨੂੰ ਅਨਾਰ ਭੰਨ ਕੇ ਖਾਣ ਲਈ ਦੇ ਰਹੇ ਸਨ ਪਰ ਮੈਂ ਰੋਜੇ ਰੱਖੇ ਹੋਣ ਕਰਕੇ ਨਹੀ ਲੈ ਸਕਿਆ ਕੁਝ ਦਾਣੇ ਨਸੀਬ ਹੋਏ ਪਰ ਜੋ ਵਿਸਮਾਦ ਉਨ੍ਹਾਂ ਦੇ ਹੱਥੋਂ ਡਿੱਗੇ ਕੁਝ ਦਾਣਿਆਂ ਚੋਂ ਆਇਆ ਜੇ ਮੈਂ ਪੂਰਾ ਫਲ੍ਹ ਖਾ ਲੈਂਦਾ ਤਾਂ ਕਿੰਨੀਆਂ ਬਖਸ਼ਿਸ਼ਾਂ ਰਹਿਮਤਾਂ ਹੁੰਦੀਆਂ।

ਮੁਰਸ਼ਦ ਸਾਂਈ ਬਖਤਿਆਰ ਕਹਿਣ ਲੱਗੇ...

ਫਰੀਦ ਉਹ ਫਕੀਰ ਜਲਾਲੂਦੀਨ ਤਬਰੇਜ਼ੀ ਸੀ,ਏਥੋਂ ਗੁਜਰਦਾ ਆਪਣੇ ਰੂਹਾਨੀ ਬਲ ਦੀ ਪਰਖ਼ ਤੇ ਤੈਨੂੰ ਵੇਖਣ ਆਇਆ ਸੀ।

ਫਰੀਦ ਇਹ ਸੰਸਾਰ ਨਾ-ਸ਼ੁਕਰਿਆਂ ਦਾ ਹੈ ਸ਼ੁਕਰਾਨੇ ਵਾਲੇ ਥੋੜ੍ਹੇ ਹਨ,ਬੰਦਗੀ ਵਾਲੇ ਵਿਰਲੇ,ਜਿਹੜੇ ਫਲ੍ਹ ਦੇ ਦਾਣੇ ਤੈਨੂੰ ਨਸੀਬ ਹੋਏ,ਉਸਨੂੰ ਬੰਦਗੀ ਵਾਲੇ ਹੱਥਾਂ ਛੋਹਿਆ ਸੀ,ਉਹ ਖੇਤ ਭਲਾ,ਉਹ ਰੁੱਖ ਭਲਾ,ਉਹ ਰੁੱਤ ਭਲੀ,ਉਹ ਕਿਸਾਨ ਮੁਕਤ #ਫਰੀਦ ਹਜਾਰਾਂ ਰੁੱਤਾਂ ਆਉਦੀਆਂ,ਕ੍ਰੋੜਾਂ ਫਲ ਲੱਗਦੇ ਹਨ,ਪਰ ਜਿਸ ਫਲ੍ਹ ਨੂੰ ਬੰਦਗੀ ਵਾਲੇ ਦੇ ਹੱਥ ਛੋਹ ਲੈਣ ਉਸਦਾ ਆਇਆ ਸਫਲ ਹੁੰਦਾ।

ਏਸੇ ਤਰ੍ਹਾਂ ਸੰਸਾਰ ਤੇ ਮਨੁੱਖਾਂ ਦੀਆਂ ਭੀੜ੍ਹਾਂ ਚੋਂ ਵਿਰਲੇ ਹਨ ਜਿੰਨਾ ਨੂੰ ਸੱਚੇ ਸੰਤਾਂ ਸਾਧੂਆਂ ਬੰਦਗੀ ਵਾਲਿਆਂ ਦੀ ਸੰਗਤ ਨਸੀਬ ਹੁੰਦੀ ਹੈ।

ਇਸਲਾਮੀ ਤਵਾਰੀਖ਼ ਚੋਂ ਇਹ ਸਾਖੀ ਪੜ੍ਹਕੇ ਮੈਨੂੰ ਸੰਤ ਬਾਬਾ ਸੇਵਾ ਸਿੰਘ ਕਾਰਸੇਵਾ ਵਾਲੇ ਮਹਾਂਪੁਰਸ਼ ਯਾਦ ਆਏ...ਜੋ ਸੰਨ੍ਹ 1935 ਵਿਚ ਸ੍ਰੀ ਅਨੰਦਪੁਰ ਸਾਹਿਬ ਦਰਸ਼ਨ ਕਰਨ ਗਏ ਕਿਲ੍ਹਾ ਅਨੰਦਗੜ੍ਹ ਦੀ ਬਾਉਲੀ ਸਾਹਿਬ ਦੇ ਖਸਤਾ ਹਾਲਾਤ ਵੇਖ ਆਪਣਾ ਜੀਵਨ ਸੇਵਾ ਦੇ ਲੇਖੇ ਲਾਉਣ ਦਾ ਫੈਸਲਾ ਲਿਆ ਤੇ ਪੂਰੀ ਉਮਰ ਕਲਗੀਧਰ ਪਾਤਸ਼ਾਹ ਜੀ ਦੇ ਅਸਥਾਨਾਂ ਦੀ ਸੇਵਾ ਬਿਨਾਂ ਆਧੁਨਿਕ ਸਾਧਨਾਂ ਤੋਂ ਆਰੰਭ ਕੀਤੀ। ਖੱਚਰਾਂ ਤੇ ਮਾਲ ਢੋਅ-ਢੋਅ ਕੇ ਪਹਾੜਾਂ ਦੀਆਂ ਟੀਸੀਆਂ ਤੇ ਸੀਮੈਂਟ ਰੇਤਾ ਬੱਜਰੀ ਇੱਟਾਂ ਪਹੁੰਚਾ ਕੇ ਸੇਵਾ ਕਰਵਾਈ।

ਸੰਨ੍ਹ 1984 ਤੋਂ ਬਾਅਦ ਦਹਾਕਿਆਂ ਤੋਂ ਸਿੱਖ ਸੰਪ੍ਰਦਾਵਾਂ ਵਿਰੁੱਧ ਸਰਕਾਰੀ ਪ੍ਰਚਾਰਕਾਂ ਵਲੋਂ ਕੂੜ੍ਹ ਪ੍ਰਚਾਰ ਕਰਕੇ ਬਹੁਤ ਭੰਡਿਆ ਗਿਆ, ਖਾਸਕਰ ਜਿੰਨਾ ਸੰਪ੍ਰਦਾਵਾਂ ਦਾ ਸਿੱਖ ਸੰਘਰਸ਼ ਵਿਚ ਵੱਡਾ ਯੋਗਦਾਨ ਸੀ ਮੁੱਖ ਤੌਰ ਤੇ ਉਨਾਂ ਵਿਰੁੱਧ ਮੋਰਚਾ ਖੋਲ੍ਹਿਆ ਗਿਆ ਜਿਵੇਂ ਦਮਦਮੀ ਟਕਸਾਲ ਅਤੇ ਕਾਰਸੇਵਾ ਵਾਲੇ ਮਹਾਂਪੁਰਸ਼ਾਂ ਵਿਰੁੱਧ ਵਿਰੋਧ ਨੂੰ ਚੈਨੇਲਾਈਜ਼ ਕਰਨ ਵਾਲੇ ਜਿਆਦਾਤਰ ਪੈਨਸ਼ਨਧਾਰਕ ਤਨਖਾਹਦਾਰ ਮੁਲਾਜ਼ਮ ਕੁਝ ਸੀਕਰੇਟ ਏਜੰਟ ਸਨ ਜਿੰਨਾ ਚੋਂ ਬਹੁਤੇ ਪੰਥ ਦੀ ਕਚਹਿਰੀ ਵਿਚ ਨੰਗੇ ਹੋ ਚੁੱਕੇ ਹਨ। ਨਿੰਦਕਾਂ ਦੁਸ਼ਟਾਂ ਅਤੇ ਪੰਥ ਦੇ ਭੇਖ਼ ਵਿਚ ਘੁਸਪੈਠ ਕਰਕੇ ਬੈਠੇ ਅਖੌਤੀ ਸਿੱਖਾਂ ਦੇ ਦੋਹੀਂ ਜਹਾਨੀ ਮੂੰਹ ਕਾਲੇ ਹੋਣਗੇ ਦੂਜੇ ਪਾਸੇ ਮਹਾਂਪੁਰਸ਼ਾਂ ਦੇ ਨਾਮ ਦਾ ਡੰਕਾਂ ਯੁੱਗੋ ਯੁੱਗ ਵਜੇਗਾ।

ਸਰਦਾਰ ਧੰਨਾ ਸਿੰਘ ਪਟਿਆਲਵੀ ਜੀ ਦੀ ਇਕ ਸਦੀ ਪੁਰਾਣੀ

ਵੱਡ ਅਕਾਰੀ ਲਿਖ਼ਤ "ਗੁਰ ਤੀਰਥ ਯਾਤਰਾ" ਜਿਸ ਵਿਚ ਉਨਾਂ ਨੇ ਸੈਂਕੜੇ ਤਸਵੀਰਾਂ ਸਹਿਤ ਇਕ ਸਦੀ ਪਹਿਲਾਂ ਦੇ ਗੁਰ ਅਸਥਾਨਾਂ ਦੇ ਹਾਲਾਤ ਬਿਆਨ ਕੀਤੇ ਹਨ...ਮਿਸਾਲ ਵਜੋਂ ਅਨੰਦਪੁਰ ਸਾਹਿਬ ਦੇ ਤਿੰਨ ਕਿਲ੍ਹੇ ਮੌਜੂਦ ਨਹੀ ਸਨ,ਕਿਲ੍ਹਾ ਲੋਹਗੜ੍ਹ, ਕਿਲ੍ਹਾ ਹੋਲਗੜ੍ਹ,ਕਿਲ੍ਹਾ ਫਤਿਹਗੜ੍ਹ ਸਾਹਿਬ ਆਦਿ ਬਹੁਤ ਅਸਥਾਨ ਮੁਗਲਾਂ ਤੇ ਅੰਗਰੇਜ਼ਾਂ ਵਲੋਂ ਢਾਹ ਦਿੱਤੇ ਸਨ ਜਿੰਨਾ ਨੂੰ ਦੁਬਾਰਾ ਕਾਰਸੇਵਾ ਵਾਲੇ ਮਹਾਂਪੁਰਸ਼ਾਂ ਵਲੋਂ ਬਣਵਾਇਆ ਗਿਆ ।

ਗੁਰੂ ਕੇ ਲਾਹੌਰ ਨੂੰ ਜਾਂਦਿਆਂ ਰਸਤੇ ਵਿਚ ਅਨੇਕਾਂ ਡੂੰਘੀਆਂ ਖਾਈਆਂ ਸਨ ਜਿੰਨਾ ਤੇ ਮਹਾਂਪੁਰਖਾਂ ਵਲੋਂ ਅੱਧੀ ਸਦੀ ਪਹਿਲਾਂ ਪੁਲ੍ਹ ਬਣਵਾਏ,ਸਾਡੇ ਜੋੜ੍ਹ ਮੇਲਿਆਂ ਸ਼ਹੀਦੀ ਪੁਰਬਾਂ ਪ੍ਰਕਾਸ਼ ਦਿਹਾੜਿਆਂ ਤੇ ਪੂਰਾ ਸਿੱਖ ਸੰਸਾਰ ਜਿਨ੍ਹਾਂ ਧਰਮ ਅਸਥਾਨਾਂ ਗੁਰਦੁਆਰਾ ਸਾਹਿਬਾਨ ਵਿਚ ਢੁੱਕਦਾ ਉਹ ਏਨਾ ਸਾਧੂਆਂ ਦੀ ਦੇਣ ਹਨ ।

ਸੰਨ੍ਹ 1972 ਵਿਚ ਕਾਰਸੇਵਾ ਵਾਲੇ ਮਹਾਂਪੁਰਸ਼ ਸੰਤ ਬਾਬਾ ਉਤੱਮ ਸਿੰਘ ਗਵਾਲੀਅਰ ਦੇ ਕਿਲ੍ਹੇ ਵਿਖੇ ਛੇਵੇਂ ਪਾਤਸ਼ਾਹ ਜੀ ਦੇ ਪਾਵਨ ਅਸਥਾਨ ਦੇ ਦਰਸ਼ਨ ਦੀਦਾਰ ਲਈ ਪਹੁੰਚੇ ।

ਜਿਥੇ ਸੰਨ੍ਹ 1612 ਵਿਚ ਮੀਰੀ-ਪੀਰੀ ਦੇ ਮਾਲਕ ਛੇਵੇਂ ਪਾਤਸ਼ਾਹ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਨੂੰ ਚੰਦੂ ਵਰਗੇ ਈਰਖਾਲੂਆਂ ਦੀ ਚੁੱਕਣਾ ਵਿਚ ਆਏ ਜਹਾਂਗੀਰ ਬਾਦਸ਼ਾਹ ਵਲੋਂ ਸਵਾ ਦੋ ਸਾਲ ਕੈਦ ਰੱਖਿਆ ਗਿਆ।

ਸਾਂਈ ਮੀਆਂ ਮੀਰ ਜੀ ਦੇ ਸਮਝਾਉਣ ਤੋਂ ਬਾਅਦ ਅਖੀਰ ਬਾਦਸ਼ਾਹ ਨੇ ਆਪਣੀ ਬੱਜਰ ਗਲਤੀ ਦਾ ਅਹਿਸਾਸ ਕਰਦਿਆਂ ਪਾਤਸ਼ਾਹ ਜੀ ਦੀ ਸ਼ਰਤ ਮੰਨਦਿਆਂ 52 ਰਾਜਿਆਂ ਸਮੇਂਤ ਰਿਹਾਅ ਕਰਕੇ ਭੁੱਲ ਬਖਸ਼ਾਈ ।

ਸੰਨ੍ਹ 1972 ਤੱਕ ਇਸ ਅਸਥਾਨ ਦੇ ਨਾਮ 3 ਵਿਘੇ ਜਮੀਨ ਸੀ,ਬਾਬਾ ਉਤੱਮ ਸਿੰਘ ਜੀ ਨੇ 22 ਵਿਘੇ ਜਮੀਨ ਖਰੀਦ ਕੇ ਗੁਰੂਘਰ ਦੇ ਨਾਮ ਲਗਵਾਈ ਇਕ ਸੁੰਦਰ ਗੁਰਦੁਆਰਾ ਸਾਹਿਬ ਬਣਵਾਇਆ।

ਸਿੱਖ ਸੰਪ੍ਰਦਾਵਾਂ ਦੇ ਵਿਰੋਧੀ ਸਿੱਖੀ ਭੇਖ ਵਿਚ ਤੁਰੇ ਫਿਰਦੇ ਮੌਡਰਨ ਮਸੰਦ ਹਮੇਸ਼ਾ ਕਾਰਸੇਵਾ ਵਾਲੇ ਸਾਧੂਆਂ ਦੀ ਨਿੰਦਾ ਕਰਦੇ ਹਨ ਪਰ ਇਹ ਗੱਲਾਂ ਕਦੇ ਸਾਹਮਣੇਂ ਨਹੀ ਆਉਣ ਦਿੱਤੀਆਂ ਜਾਂਦੀਆਂ ।

ਏਨਾ ਸਾਧੂਆਂ ਨੇ ਆਪਣੇ ਘਰ ਨਹੀ ਬਣਾਏ,ਨਾ ਮਹਿੰਗੇ ਕੱਪੜੇ ਪਾਏ,ਨਾ ਮਹਿੰਗੀਆਂ ਗੱਡੀਆਂ ਰੱਖੀਆਂ ਪਰ ਗੁਰੂਘਰਾਂ ਦੀਆਂ ਆਲੀਸ਼ਾਨ ਇਮਾਰਤਾਂ ਤੇ ਸਰਾਂਵਾਂ ਬਣਵਾ ਕੇ ਪੰਥ ਨੂੰ ਸੌਂਪੀਆਂ, ਧੰਨ ਸਨ ਏਨਾ ਸਾਧੂਆਂ ਦੀਆਂ ਮਾਵਾਂ ਜਿੰਨਾ ਨੇ ਪੁੱਤ ਪੰਥ ਦੀ ਝੋਲ੍ਹੀ ਪਾਏ।••

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

# ਆੜ੍ਹਤੀਆਂ ਨੇ ਰੱਦ ਕੀਤੀ ਕੇਂਦਰ ਦੀ ਖੇਤੀ ਮਾਰਕਿਟ ਨੀਤੀ, ਕਿਹਾ ਮੰਡੀ ਬੋਰਡ ਖ਼ਤਮ ਕਰਨ ਦੀ ਕੋਸ਼ਿਸ਼, ਸੈਸ਼ਨ ਬੁਲਾ ਕੇ ਪ੍ਰਸਤਾਵ ਕਰੇ ਰੱਦ

**ਨਵੀਂ ਦਿੱਲੀ, 26 ਦਸੰਬਰ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਸਰਕਾਰ ਨੇ ਅੱਜ ਕੇਂਦਰ ਸਰਕਾਰ ਵੱਲੋਂ ਜਾਰੀ ਨਵੀਂ ਖੇਤੀ ਮੰਡੀਕਰਨ ਨੀਤੀ ਦੇ ਖਰੜੇ ਸਬੰਧੀ ਕਮਿਸ਼ਨ ਏਜੰਟਾਂ ਨਾਲ ਮੀਟਿੰਗ ਕੀਤੀ। ਕਿਸਾਨਾਂ ਤੋਂ ਬਾਅਦ ਹੁਣ ਕਮਿਸ਼ਨ ਏਜੰਟਾਂ (ਆੜ੍ਹਤੀਆਂ) ਨੇ ਵੀ ਇਸ ਨੀਤੀ ਨੂੰ ਰੱਦ ਕਰ ਦਿੱਤਾ ਹੈ। ਆੜ੍ਹਤੀਆ ਐਸੋਸੀਏਸ਼ਨ ਦੇ ਪ੍ਰਧਾਨ ਵਿਜੇ ਕਾਲੜਾ ਨੇ ਸਰਕਾਰ ਨੂੰ ਪੰਜਾਬ ਵਿਧਾਨ ਸਭਾ ਦਾ ਵਿਸ਼ੇਸ਼ ਸੈਸ਼ਨ ਬੁਲਾ ਕੇ ਕੇਂਦਰ ਸਰਕਾਰ ਦੇ ਖਰੜੇ ਨੂੰ ਰੱਦ ਕਰਨ ਦਾ ਸੁਝਾਅ ਦਿੱਤਾ ਹੈ। ਇਸ ਡਰਾਫਟ ਰਾਹੀਂ ਕਾਰਪੋਰੇਟ ਘਰਾਣਿਆਂ ਨੂੰ ਬਾਜ਼ਾਰਾਂ 'ਤੇ ਕਬਜ਼ਾ ਕਰਨ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ। ਅੰਦੋਲਨ 'ਤੇ ਚੱਲ ਰਹੇ ਕਿਸਾਨ ਆਗੂ ਜਗਜੀਤ ਸਿੰਘ ਡੱਲੇਵਾਲ ਬਾਰੇ ਉਨ੍ਹਾਂ ਕਿਹਾ ਕਿ ਉਨ੍ਹਾਂ ਵਰਗੇ ਆਗੂਆਂ ਦੀਆਂ ਜਾਨਾਂ ਬਹੁਤ ਕੀਮਤੀ ਹਨ। ਇਹ ਮੀਟਿੰਗ ਖੇਤੀਬਾੜੀ ਮੰਤਰੀ ਗੁਰਮੀਤ ਸਿੰਘ ਦੀ ਅਗਵਾਈ ਹੇਠ ਹੋਈ। ਇਸ ਵਿੱਚ ਪੰਜਾਬ ਭਰ ਤੋਂ ਆੜ੍ਹਤੀਏ ਪਹੁੰਚੇ ਹੋਏ ਸਨ। ਇਸ ਮੌਕੇ ਖੇਤੀਬਾੜੀ ਮੰਤਰੀ ਨੇ ਕਿਹਾ ਕਿ ਪੰਜਾਬ ਦਾ ਮੰਡੀ ਬੋਰਡ ਏਸ਼ੀਆ ਦਾ ਸਭ ਤੋਂ ਮਜ਼ਬੂਤ ? ?ਬੋਰਡ ਹੈ। ਕੇਂਦਰ ਇਸ ਨੂੰ ਤੋੜਨ ਦੀ ਕੋਸ਼ਿਸ਼ ਕਰ ਰਿਹਾ ਹੈ। ਪੰਜਾਬ ਦੇ ਲੋਕ ਇਸ ਖਰੜੇ ਕਾਰਨ ਪੰਜਾਬ ਨੂੰ ਨੁਕਸਾਨ ਹੋਣ ਦਾ ਡਰ ਸਤਾ ਰਹੇ ਹਨ।



ਖੇਤੀਬਾੜੀ ਮੰਤਰੀ ਨੇ ਕਿਹਾ ਕਿ ਕੇਂਦਰ ਨੂੰ ਡਰਾਫਟ 'ਤੇ ਆਪਣਾ ਜਵਾਬ ਦੇਣ ਤੋਂ ਪਹਿਲਾਂ ਵੱਖ-ਵੱਖ ਵਰਗਾਂ ਤੋਂ ਸੁਝਾਅ ਲਏ ਜਾ ਰਹੇ ਹਨ। ਹੁਣ ਤੱਕ ਹੋਈ ਗੱਲਬਾਤ ਤੋਂ ਸਾਫ਼ ਹੈ ਕਿ ਸਭ ਨੂੰ ਲੱਗਦਾ ਹੈ ਕਿ ਮੰਡੀ ਬੋਰਡ ਭੰਗ ਹੋ ਜਾਵੇਗਾ। ਦੱਸ ਦਈਏ ਕਿ ਕੇਂਦਰ ਸਰਕਾਰ ਵੱਲੋਂ 25 ਦਸੰਬਰ ਨੂੰ ਖੇਤੀ ਬਾਜ਼ਾਰ ਨੀਤੀ ਦਾ ਖਰੜਾ ਜਾਰੀ ਕੀਤਾ ਗਿਆ ਸੀ। ਇਸ ਦੇ ਨਾਲ ਹੀ ਪੰਜਾਬ ਸਰਕਾਰ ਨੂੰ ਇਸ ਬਾਰੇ ਸੁਝਾਅ ਦੇਣ ਲਈ ਕਿਹਾ ਗਿਆ ਸੀ। ਇਸ ਤੋਂ ਬਾਅਦ ਸਰਕਾਰ ਨੇ ਕਿਸਾਨਾਂ ਨਾਲ ਮੀਟਿੰਗ ਕੀਤੀ। ਕਿਸਾਨਾਂ ਨੇ ਇਸ ਨੀਤੀ ਨੂੰ ਪੂਰੀ ਤਰ੍ਹਾਂ ਰੱਦ ਕਰ ਦਿੱਤਾ ਸੀ। ਹਾਲਾਂਕਿ ਸਰਕਾਰ ਨੇ ਇਸ ਬਾਰੇ ਸੁਝਾਅ ਦੇਣ ਲਈ ਕੇਂਦਰ ਸਰਕਾਰ ਤੋਂ ਤਿੰਨ ਹਫ਼ਤਿਆਂ ਦਾ ਸਮਾਂ ਮੰਗਿਆ ਸੀ। ਕੇਂਦਰ ਸਰਕਾਰ ਨੇ ਪੰਜਾਬ ਸਰਕਾਰ ਨੂੰ 10 ਜਨਵਰੀ ਤੱਕ ਦਾ ਸਮਾਂ ਦਿੱਤਾ ਹੈ।

# ਮਾਤਾ ਗੁਜਰ ਕੌਰ, ਚਾਰ ਸਾਹਿਬਜ਼ਾਦੇ ਅਤੇ ਅਨੇਕਾਂ ਸਿੱਖ ਕੌਮ ਦੇ ਸ਼ਹੀਦ ਸਿੰਘਾਂ ਲਈ 22 ਦਸੰਬਰ ਤੋਂ 28 ਦਸੰਬਰ ਤੱਕ ਜਪੁਜੀ ਸਾਹਿਬ ਤੇ ਚੋਪਾਈ ਸਾਹਿਬ ਦੇ ਪਾਠ ਚੱਲ ਰਹੇ ਹਨ—ਭਾਈ ਜ਼ੋਰਾ ਸਿੰਘ ਸੰਧੂ

ਫ਼ਿਰੋਜ਼ਪੁਰ, 26 ਦਸੰਬਰ (ਮਨੋਹਰ ਲਾਲ) :— ਗੁਰਦੁਆਰਾ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਤਰਵੈਨੀ ਚੌਂਕ ਫ਼ਿਰੋਜ਼ਪੁਰ ਛਾਉਣੀ ਵਿਖੇ ਮਾਤਾ ਗੁਜਰ ਕੌਰ, ਚਾਰ ਸਾਹਿਬਜ਼ਾਦਿਆਂ ਅਤੇ ਅਨੇਕਾਂ ਸਿੱਖ ਕੌਮ ਦੇ ਸ਼ਹੀਦ ਸਿੰਘਾਂ ਲਈ 22 ਦਸੰਬਰ ਤੋਂ 28 ਦਸੰਬਰ ਤੱਕ ਜਪੁਜੀ ਸਾਹਿਬ ਤੇ ਚੋਪਾਈ ਸਾਹਿਬ ਜਿਹੜੇ ਕਿ ਹਰ ਰੋਜ਼ ਬੀਬੀਆਂ ਵੱਲੋਂ ਕੀਤਾ ਜਾ ਰਿਹਾ ਹੈ। ਇਹ ਜਾਣਕਾਰੀ ਗੁਰਦੁਆਰਾ ਸ੍ਰੀ ਗੁਰੂ ਤੇਗ ਬਹਾਦਰ ਸਾਹਿਰ ਤਰਵੈਨੀ ਚੌਂਕ ਫ਼ਿਰੋਜ਼ਪੁਰ ਛਾਉਣੀ ਦੇ ਪ੍ਰਧਾਨ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਧੰਨ—ਧੰਨ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦਾ ਸਮੁੱਚਾ ਪਰਿਵਾਰ ਜੋ ਕਿ 20 ਦਸੰਬਰ (6 ਪੋਹ) ਨੂੰ ਆਨੰਦਪੁਰ ਸਾਹਿਬ ਜੀ ਦਾ ਕਿਲਾ ਛੱਡਿਆ ਅਤੇ ਜਦੋਂ ਸਰਸਾ ਨਦੀ ਪਾਰ ਕਰਨ ਲੱਗੇ ਹਨੇਰੀ ਰਾਤ ਮੀਂਹ ਹਨੇਰੀ ਵਿਚ ਪਰਿਵਾਰ, ਤਿੰਨ ਹਿੱਸਿਆਂ ਵਿਚ ਵੰਡਿਆ ਗਿਆ, ਜਿਸ ਵਿਚ ਧੰਨ—ਧੰਨ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਬਾਬਾ ਅਜੀਤ ਸਿੰਘ, ਬਾਬਾ ਜੁਝਾਰ ਸਿੰਘ ਅਤੇ 40 ਸਿੰਘ ਚਮਕੌਰ ਦੀ ਗੜ੍ਹੀ ਵੱਲ ਤੁਰ ਪਏ ਅਤੇ ਮਾਤਾ ਸੁੰਦਰ ਕੌਰ, ਮਾਤਾ ਸਾਹਿਬ ਕੌਰ, ਭਾਈ ਮਨੀ ਸਿੰਘ, ਭਾਈ ਜਵਾਹਰ ਸਿੰਘ ਦਿੱਲੀ ਵੱਲ ਪਏ ਅਤੇ ਮਾਤਾ ਗੁਜਰ ਕੌਰ ਅਤੇ ਛੋਟੇ ਸਾਹਿਬਜ਼ਾਦੇ, ਬਾਬਾ ਜ਼ੋਰਾਵਰ ਸਿੰਘ, ਬਾਬਾ ਫਤਹਿ ਸਿੰਘ ਗੰਗੂ ਤੇਲੀ ਰਸੋਈਏ ਨਾਲ ਉਨ੍ਹਾਂ ਦੇ ਪਿੰਡ ਸਹੇੜੀ ਵੱਲ ਤੁਰ ਪਏ, ਧੰਨ—ਧੰਨ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦਾ ਮੁਗਲ ਸੈਨਾ ਪਿਛਾ ਕਰ ਰਹੀਆਂ ਸਨ ਅਤੇ ਉਹ ਚਮਕੌਰ ਦੀ ਗੜ੍ਹੀ ਵਿਚ ਟਿਕਾਣਾ ਕੀਤਾ, ਪਰ ਮੁਗਲ ਫੌਜਾਂ ਨੇ ਚਾਰ ਚੁਫੇਰਿਓ ਚਮਕੌਰ ਦੀ ਕੱਚੀ ਗੜ੍ਹੀ ਨੇ ਘੇਰਿਆ ਹੋਇਆ ਸੀ ਅਤੇ ਬਾਬਾ ਅਜੀਤ ਸਿੰਘ ਨੇ ਗੁਰੂ ਪਿਤਾ ਤੋਂ ਆਗਿਆ ਲਈ ਯੁੱਧ ਵਿਚ ਜਾਣ ਲਈ ਅਤੇ ਬਾਬਾ ਅਜੀਤ ਸਿੰਘ ਨੇ 10 ਲੱਖ ਫੌਜਾਂ ਦਾ ਟਾਕਰਾ ਕਰਦੇ ਹੋਏ ਯੁੱਧ ਵਿਚ ਸ਼ਹੀਦ ਹੋ ਗਏ, ਫਿਰ ਬਾਬਾ ਜੁਝਾਰ ਸਿੰਘ ਨੇ ਗੁਰੂ ਪਿਤਾ ਤੋਂ ਆਗਿਆ ਲਈ ਉਹ ਵੀ ਜਾਲਮਾਂ ਨਾਲ ਲੜਦੇ ਹੋਏ ਸ਼ਹੀਦ ਹੋ ਗਏ ਅਤੇ 40 ਸਿੰਘ ਸ਼ਹੀਦ ਹੋ ਗਏ, ਇਸੇ ਦੌਰਾਨ ਪੰਜ ਪਿਆਰਿਆਂ ਨੇ ਗੁਰੂ ਸਾਹਿਬ ਨੂੰ ਇਥੋਂ ਜਾਣ ਦੀ ਬੇਨਤੀ ਕੀਤੀ ਅਤੇ ਉਹ ਲਲਕਾਰੇ ਮਾਰਦੇ ਹੋਏ ਮਾਛੀਵਾੜੇ ਦੇ ਜੰਗਲਾਂ ਵਿਚ ਨੰਗੇ ਪੈਰੀ ਵਸਤਰ ਸਾਰੇ ਫਟ ਗਏ ਸੀ, ਪੋਹ ਦੀਆਂ ਰਾਤ ਵਿਚ ਛਿਲ ਦਾ ਸਰਾਣੇ ਤੇ ਸਿਰ ਰੱਖ ਕੇ ਅਰਾਮ ਕੀਤਾ। ਉਧਰ ਮਾਤਾ ਗੁਜਰ ਕੌਰ, ਛੋਟੇ ਸਾਹਿਬਜ਼ਾਦਿਆਂ, ਇਕ ਰਾਤ ਕੁੰਮਾ ਮਾਸਕੀ ਦੀ ਝੋਪੜੀ ਵਿਚ ਰਾਤ ਗੁਜਾਰੀ ਜਿਥੇ ਬੀਬੀ ਲਛਮੀ ਨੇ ਮਾਤਾ ਜੀ ਦੀ ਅਤੇ ਛੋਟੇ ਸਾਹਿਬਜ਼ਾਦਿਆਂ ਦੀ ਸੇਵਾ ਕੀਤੀ ਅਤੇ ਦੂਸਰੇ ਦਿਨ ਗੂੰਗੂ ਤੇਲੀ ਆਪਣੇ ਪਿੰਡ ਸਹੇੜੀ ਲੈ ਗਿਆ, ਜਿਥੇ ਉਨ੍ਹਾਂ ਮਾਤਾ ਜੀ ਦੀ ਪੋਟਲੀ ਗਹਿਣਿਆਂ ਵਾਲੀ ਚੁਰਾ ਲਈ ਅਤੇ ਉਨ੍ਹਾਂ ਨੂੰ ਮੋਰਿੰਡਾ ਕੋਤਵਾਲ ਦੇ ਹਵਾਲੇ ਕਰ ਦਿੱਤਾ, ਜਿਥੇ ਉਹ ਇਕ ਰਾਤ ਹਵਾਲਾਤ ਵਿਚ ਰਹੇ ਅਤੇ ਫਿਰ ਉਨ੍ਹਾਂ ਨੂੰ ਵਜੀਰ ਖਾਂ ਦੇ ਪੇਸ਼ ਕੀਤਾ, ਜਿਨ੍ਹਾਂ ਨੇ ਛੋਟੇ ਸਾਹਿਬਜ਼ਾਦਿਆਂ ਨੂੰ ਤਿੰਨ ਦਿਨ ਠੰਡੇ ਬੁਰਜ ਵਿਚ ਭੁੱਖੇ ਭਾਣੇ ਰੱਖਿਆ ਅਤੇ ਧਰਮ ਪਰਿਵਰਤਨ ਲਈ ਕਿਹਾ ਅਤੇ ਉਨ੍ਹਾਂ ਨੂੰ ਡਰਾਇਆ ਧਮਕਾਇਆ ਅਤੇ ਲਾਲਚ ਦਿੱਤੇ, ਪਰ ਛੋਟੇ ਸਾਹਿਬਜ਼ਾਦਿਆਂ ਦਾ ਇਕੋ ਹੀ ਜਵਾਬ ਸੀ, ਮਰ ਜਾਵਾਂਗੇ, ਗੁਰੂ ਗੋਬਿੰਦ ਸਿੰਘ ਦੇ ਬੇਟੇ ਹਾਂ, ਇਸ ਤਰ੍ਹਾਂ ਉਨ੍ਹਾਂ ਨੂੰ ਨੀਹਾਂ ਵਿਚ ਚਿਣਵਾ ਕੇ ਸ਼ਹੀਦ ਕੀਤਾ ਅਤੇ ਇਸ ਦੌਰਾਨ ਬਾਬਾ ਮੋਤੀ ਰਾਮ ਮਹਿਰਾ ਜੋ ਕਿ ਵਜੀਰ ਖਾਂ ਕੋਲ ਰਸੋਈਆ ਸੀ ਤਿੰਨ ਦਿਨ ਛੋਟੇ ਸਾਹਿਬਜ਼ਾਦਿਆਂ ਅਤੇ ਮਾਤਾ ਜੀ ਨੂੰ ਪਹਿਰੇਦਾਰਾਂ ਨੂੰ ਮੋਹਰਾਂ ਦੇ ਕੇ ਦੁੱਧ ਛਕਾਉਂਦਾ ਸੀ। ਬਾਬਾ ਮੋਤੀ ਰਾਮ ਮਹਿਰਾ ਅਤੇ ਉਸ ਦੇ ਪਰਿਵਾਰ ਨੂੰ ਕੋਹਲੀ ਵਿਚ ਪੀੜੀਆ ਗਿਆ। ਇਸ ਤਰ੍ਹਾਂ ਟੋਡਰ ਮੱਲ ਨੇ ਵਜੀਰ ਖਾਂ ਤੋਂ ਮਹਿੰਗੀ ਜਮੀਨ ਲੈ ਕੇ ਸਿੱਧੀਆਂ ਮੋਹਰਾਂ ਨਾਲ ਜਮੀਨ ਖਰੀਦ ਕੇ ਸਸੰਕਾਰ ਕਰ ਦਿੱਤਾ। ਪ੍ਰਧਾਨ ਜ਼ੋ.ਰਾ ਸਿੰਘ ਸੰਧੂ ਨੇ ਅੱਗੇ ਦੱਸਿਆ ਕਿ ਅਸੀਂ ਇਸ ਸਬੰਧ ਵਿਚ 28 ਦਸੰਬਰ ਨੂੰ ਗੁਰਦੁਆਰਾ ਸਾਹਿਬ ਵਿਖੇ ਭੋਗ ਪਾਏ ਜਾਣਗੇ। ਇਸ ਮੌਕੇ ਤੇ ਗੁਰੂ ਕਾ ਲੰਗਰ ਅਤੁੱਟ ਵਰਤਾਇਆ ਜਾਵੇਗਾ।






# ਬਠਿੰਡਾ 'ਚ ਜਾਅਲੀ ਵਿਧਾਇਕ ਗ੍ਰਿਫਤਾਰ, ਪੁਲਿਸ ਅਧਿਕਾਰੀਆਂ ਨੂੰ ਫ਼ੋਨ ਕਰਕੇ ਦਿੱਤੀਆਂ ਧਮਕੀਆਂ, ਕਿਹਾ-ਛੱਡ ਦਿਓ ਮੇਰੇ ਸਾਥੀ

**ਬਠਿੰਡਾ, 26 ਦਸੰਬਰ (ਆਵਾਜ਼ਿ ਕੌਮ ਬਿਊਰੋ)**-ਬਠਿੰਡਾ 'ਚ ਫਰਜ਼ੀ ਵਿਧਾਇਕ ਬਣ ਕੇ ਪੁਲਿਸ ਅਧਿਕਾਰੀਆਂ ਨੂੰ ਧਮਕੀਆਂ ਦੇਣ ਵਾਲੇ ਨੌਜਵਾਨ ਨੂੰ ਪੁਲਿਸ ਨੇ ਗ੍ਰਿਫਤਾਰ ਕੀਤਾ ਹੈ। ਉਸ ਨੇ ਪੁਲਿਸ ਨੂੰ ਧਮਕੀਆਂ ਦੇ ਕੇ ਆਪਣੇ ਸਾਥੀਆਂ ਨੂੰ ਛੁਡਾਉਣ ਦੀ ਕੋਸ਼ਿਸ਼ ਕੀਤੀ। ਗੋਨਿਆਣਾ ਮੰਡੀ ਦੀ ਥਾਣਾ ਇੰਚਾਰਜ ਇੰਸਪੈਕਟਰ ਜਸਵਿੰਦਰ ਕੌਰ ਨੇ ਦੱਸਿਆ ਕਿ ਮੁਲਜ਼ਮ ਨੂੰ ਨਗਰ ਕੌਂਸਲ ਚੋਣਾਂ ਦੌਰਾਨ ਇਸ ਲਈ ਹਿਰਾਸਤ ਵਿੱਚ ਨਹੀਂ ਲਿਆ ਗਿਆ ਕਿਉਂਕਿ ਉਹ ਵਿਧਾਇਕ ਸੀ। ਉਨ੍ਹਾਂ ਦੱਸਿਆ ਕਿ ਚੋਣਾਂ ਦੌਰਾਨ ਕਥਿਤ ਦੋਸ਼ੀ ਨੇ ਹਲਕਾ ਭੁੱਚੋ ਤੋਂ ਵਿਧਾਇਕ ਮਾਸਟਰ ਜਗਸੀਰ ਸਿੰਘ ਬਣਕੇ ਪੁਲਿਸ ਨੂੰ ਧਮਕੀਆਂ ਦਿੱਤੀਆਂ ਤੇ ਜਦੋਂ ਪੁਲਿਸ ਅਧਿਕਾਰੀ ਮੋਹਨਦੀਪ ਸਿੰਘ ਬੰਗੀ ਨੇ ਫ਼ੋਨ ਕਰਨ ਵਾਲੇ ਵਿਅਕਤੀ ਦੀ ਜਾਂਚ ਕੀਤੀ ਤਾਂ ਪਤਾ ਲੱਗਾ ਕਿ ਫੋਨ ਕਰਕੇ ਧਮਕੀਆਂ ਦੇਣ ਵਾਲਾ ਵਿਧਾਇਕ ਨਹੀਂ ਸਗੋਂ ਹਰਵਿੰਦਰ ਸਿੰਘ ਨਾਂਅ ਦਾ ਵਿਅਕਤੀ ਹੈ। ਪੁਲਿਸ ਅਧਿਕਾਰੀ ਮੋਹਨਦੀਪ ਸਿੰਘ ਬੰਗੀ ਨੇ ਹਰਵਿੰਦਰ ਸਿੰਘ ਖ਼ਿਲਾਫ਼ ਵੱਖ-ਵੱਖ ਧਾਰਾਵਾਂ ਤਹਿਤ ਕੇਸ ਦਰਜ ਕਰਕੇ ਗ੍ਰਿਫ਼ਤਾਰ ਕਰ ਲਿਆ ਹੈ। ਪੁਲਿਸ ਹੁਣ ਇਸ ਗੱਲ ਦੀ ਜਾਂਚ ਕਰ ਰਹੀ ਹੈ ਕਿ ਉਸਨੇ ਅਜਿਹਾ ਕਿਉਂ ਕੀਤਾ। ਕੀ ਉਸਨੇ ਪਹਿਲਾਂ ਵੀ ਕਿਸੇ ਅਧਿਕਾਰੀ ਨੂੰ ਫੋਨ ਕੀਤਾ ਹੈ? ਚੋਣਾਂ ਦੌਰਾਨ ਹਰਵਿੰਦਰ ਸਿੰਘ ਦੇ ਸਾਥੀ ਨੂੰ ਗ੍ਰਿਫ਼ਤਾਰ ਕੀਤਾ ਗਿਆ ਸੀ ਜਿਨ੍ਹਾਂ ਨੂੰ ਉਹ ਛੁਡਵਾਉਣ ਦੀ ਕੋਸ਼ਿਸ਼ ਕਰ ਰਿਹਾ ਸੀ

# ਡੇਰਾ ਰਾਧਾਸੁਆਮੀ ਬਿਆਸ ਦੇ ਮੁਖੀ ਗੁਰਿੰਦਰ ਸਿੰਘ ਢਿੱਲੋਂ ਤੇ ਗਿਆਨੀ ਹਰਪ੍ਰੀਤ ਸਿੰਘ ਦੀ ਗੁਪਤ ਮੀਟਿੰਗ ਨੇ ਛੇੜੀ ਨਵੀਂ ਚਰਚਾ, ਚੁੱਪ ਨੇ ਪਾਇਆ ਸ਼ੋਰ !

**ਅੰਮ੍ਰਿਤਸਰ, 26 ਦਸੰਬਰ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਦੀ ਪੰਥਕ ਸਿਆਸਤ ਇਸ ਵੇਲੇ ਸ਼ਾਇਦ ਹੁਣ ਤੱਕ ਦੀ ਸਭ ਤੋਂ ਵੱਡੀ ਉਥਲ ਪੁਥਲ ਦਾ ਸਾਹਮਣਾ ਕਰ ਰਹੀ ਹੈ। ਸ਼੍ਰੋਮਣੀ ਅਕਾਲੀ ਦਲ ਦੇ ਸਾਬਕਾ ਲੀਡਰ ਤੇ ਗਿਆਨੀ ਹਰਪ੍ਰੀਤ ਸਿੰਘ ਵਿਚਾਲੇ ਜੋ ਕੁਝ ਚੱਲ ਰਿਹਾ ਹੈ ਉਹ ਕਿਸੇ ਤੋਂ ਲੁਕਿਆ ਨਹੀਂ ਹੈ। ਸ਼੍ਰੋਮਣੀ ਕਮੇਟੀ ਵੱਲੋਂ ਵੀ ਹਰਪ੍ਰੀਤ ਸਿੰਘ ਖ਼ਿਲਾਫ਼ ਕਾਰਵਾਈ ਕੀਤੀ ਗਈ ਹੈ। ਇਸ ਦੌਰਾਨ ਹੁਣ ਡੇਰਾ ਰਾਧਾਸੁਆਮੀ ਬਿਆਸ ਦੇ ਮੁਖੀ ਗੁਰਿੰਦਰ ਸਿੰਘ ਢਿੱਲੋਂ ਵੱਲੋਂ ਗਿਆਨੀ ਹਰਪ੍ਰੀਤ ਸਿੰਘ ਨਾਲ ਕੀਤੀ ਮੁਲਾਕਾਤ ਨੇ ਨਵੀਂ ਚਰਚਾ ਛੇੜ ਦਿੱਤੀ ਹੈ।



ਦਰਅਸਲ, ਡੇਰਾ ਰਾਧਾਸੁਆਮੀ ਬਿਆਸ ਦੇ ਮੁਖੀ ਗੁਰਿੰਦਰ ਸਿੰਘ ਢਿੱਲੋਂ ਅਤੇ ਤਖ਼ਤ ਸ੍ਰੀ ਦਮਦਮਾ ਸਾਹਿਬ ਦੇ ਜਥੇਦਾਰ ਗਿਆਨੀ ਹਰਪ੍ਰੀਤ ਸਿੰਘ ਇੱਕ ਘੰਟੇ ਤੋਂ ਵੱਧ ਸਮਾਂ ਆਪਸ ਵਿੱਚ ਗੱਲਬਾਤ ਹੋਈ। ਗਿਆਨੀ ਹਰਪ੍ਰੀਤ ਸਿੰਘ ਦੀ ਰਿਹਾਇਸ਼ ਉੱਤੇ ਹੋਈ ਮੀਟਿੰਗ ਬਾਰੇ ਦੋਵੇਂ ਧਿਰਾਂ ਵੱਲੋਂ ਇਸ ਬਾਰੇ ਖ਼ਾਮੋਸ਼ੀ ਧਾਰਨ ਕੀਤੀ ਹੋਈ ਹੈ। ਇਹ ਵੀ ਸਾਹਮਣੇ ਆਇਆ ਹੈ ਕਿ ਕਿ ਅਕਾਲੀ ਆਗੂ ਸੁਰਜੀਤ ਸਿੰਘ ਰੱਖੜਾ ਵੀ ਇਸ ਮੌਕੇ ਉਥੇ ਪਹੁੰਚ ਗਏ। ਘਰ ਦੇ ਆਲੇ-ਦੁਆਲੇ ਭਾਰੀ ਸੁਰੱਖਿਆ ਪ੍ਰਬੰਧ ਹੋਣ ਕਰ ਕੇ ਮੀਡੀਆ ਕਰਮੀਆਂ ਨੂੰ ਘਰ ਤੋਂ ਦੂਰ ਹੀ ਰੱਖਿਆ ਗਿਆ।

## ਪੱਕੇ ਤੌਰ 'ਤੇ ਖਤਮ ਕੀਤੀਆਂ ਜਾ ਸਕਦੀਆਂ ਨੇ ਗਿਆਨੀ ਹਰਪ੍ਰੀਤ ਸਿੰਘ ਦੀ ਸੇਵਾਵਾਂ

ਜ਼ਿਕਰ ਕਰ ਦਈਏ ਕਿ ਹਰਪ੍ਰੀਤ ਸਿੰਘ ਦੇ ਕਥਿਤ ਸਾਂਢੂ ਵੱਲੋਂ ਉਨ੍ਹਾਂ ਬਾਰੇ ਕੀਤੀਆਂ ਵਿਵਾਦਤ ਟਿੱਪਣੀਆਂ ਦੇ ਸਬੰਧ 'ਚ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਅੰਤਰਿੰਗ ਕਮੇਟੀ ਵੱਲੋਂ ਉਨ੍ਹਾਂ ਦੀਆਂ ਜਥੇਦਾਰ ਵਜੋਂ ਸੇਵਾਵਾਂ 'ਤੇ 15 ਦਿਨਾਂ ਲਈ ਰੋਕ ਲਾਈ ਹੋਈ ਹੈ। ਇਸ ਮੌਕੇ ਚਰਚਾ ਇਹ ਵੀ ਛਿੜੀ ਹੋਈ ਹੈ ਕਿ ਸ਼੍ਰੋਮਣੀ ਕਮੇਟੀ ਵੱਲੋਂ ਕਦੇ ਵੀ ਉਨ੍ਹਾਂ ਦੀਆਂ ਸੇਵਾਵਾਂ ਪੱਕੇ ਤੌਰ 'ਤੇ ਖ਼ਤਮ ਕੀਤੀਆਂ ਜਾ ਸਕਦੀਆਂ ਹਨ। ਕਮੇਟੀ ਦੀ ਅੰਤਰਿੰਗ ਕਮੇਟੀ ਦੀ ਮੀਟਿੰਗ ਵੀ 30 ਦਸੰਬਰ ਨੂੰ ਸੱਦੀ ਹੋਈ ਹੈ।

ਗੁਰਿੰਦਰ ਸਿੰਘ ਢਿੱਲੋਂ ਦੀ ਭਾਜਪਾ ਤੇ ਸ਼੍ਰੋਮਣੀ ਅਕਾਲੀ ਦਲ ਨਾਲ ਨੇੜਤਾ ਵੀ ਲੁਕੀ ਛਿਪੀ ਨਹੀਂ। ਉਨ੍ਹਾਂ ਦੀਆਂ ਦੋਵਾਂ ਹੀ ਪਾਰਟੀਆਂ ਦੇ ਸੀਨੀਅਰ ਆਗੂਆਂ ਤੋਂ ਇਲਾਵਾ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਦੇ ਪ੍ਰਧਾਨ ਸਿਮਰਨਜੀਤ ਸਿੰਘ ਮਾਨ, ਹਰਿਆਣਾ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਆਗੂ ਬਲਜੀਤ ਸਿੰਘ ਦਾਦੂਵਾਲ ਨਾਲ 'ਮਿਲਣੀਆਂ' ਧਾਰਮਿਕ ਅਤੇ ਸਿਆਸੀ ਹਲਕਿਆਂ ਅੰਦਰ ਚਰਚਾ ਦਾ ਵਿਸ਼ਾ ਬਣਦੀਆਂ ਰਹੀਆਂ ਹਨ।

# ਆਲ ਇੰਪਲਾਈਜ ਕੋਆਰਡੀਨੇਸ਼ਨ ਕਮੇਟੀ ਫਿਰੋਜਪੁਰ ਵੱਲੋਂ ਮੀਟਿੰਗ

## ਮੀਟਿੰਗ ਵਿੱਚ ਮੁਲਾਜ਼ਮਾ ਤੇ ਪੈਨਸ਼ਨਰਾਂ ਨੂੰ ਆ ਰਹੀਆਂ ਸਮੱਸਿਆਵਾਂ ਤੇ ਕੀਤੀਆਂ ਵਿਚਾਰਾਂ



**ਫ਼ਿਰੋਜ਼ਪੁਰ, 26 ਦਸੰਬਰ (ਮਨੋਹਰ ਲਾਲ)** :—ਆਲ ਇੰਪਲਾਈਜ ਕੋ ?ਆਰਡੀਨੇਸ਼ਨ ਕਮੇਟੀ ਫਿਰੋਜ਼ਪੁਰ ਦੀ ਮੀਟਿੰਗ ਨਾਰਦਨ ਰੇਲਵੇ ਮੈਂਨਜ ਯੂਨੀਅਨ ਦਫਤਰ ਵਿਖੇ ਕਾਮਰੇਡ ਸੁਭਾਸ਼ ਸ਼ਰਮਾ ਦੀ ਪ੍ਰਧਾਨਗੀ ਹੇਠ ਹੋਈ। ਮੀਟਿੰਗ ਵਿੱਚ ਕੇਂਦਰ ਅਤੇ ਰਾਜ ਸਰਕਾਰ ਦੇ ਵੱਖ ? ਵੱਖ ਵਿਭਾਗਾਂ ਵਿੱਚ ਕੰਮ ਕਰਦੇ ਮੁਲਾਜ਼ਮ ਅਤੇ ਸੇਵਾ ਮੁਕਤ ਹੋਇ ਮੁਲਾਜ਼ਮਾਂ ਸ਼ਾਮਿਲ ਹੋਏ। ਮੀਟਿੰਗ ਵਿੱਚ ਕੇਂਦਰ ਤੇ ਰਾਜ ਸਰਕਾਰ ਦੀਆਂ ਮੁਲਾਜ਼ਮ ਤੇ ਪੈਨਸ਼ਨਰ ਮਾਰੂ ਨੀਤੀਆਂ ਦੀ ਨਿਖੇਧੀ ਕੀਤੀ ਤੇ ਮੁਲਾਜ਼ਮਾ ਤੇ ਪੈਨਸ਼ਨ ਨੂੰ ਆ ਰਹੀਆਂ ਸਮਸਿਆਵਾਂ ਤੇ ਗਭੀਰਤਾ ਦਾ ਨਾਲ ਵਿਚਾਰਾਂ ਕੀਤੀਆਂ। ਮੀਟਿੰਗ ਵਿੱਚ ਕਿਸਾਨੀ ਮੰਗਾਂ ਨੂੰ ਲੈ ਕੇ ਕਿਸਾਨ ਜਥੇਬੰਦੀਆਂ ਵੱਲੋਂ ਕੀਤੇ ਜਾ ਰਹੇ ਸੰਘਰਸ਼ ਅਤੇ ਐਸ.ਬੀ.ਐਸ ਸਟੇਟ ਯੂਨੀਵਰਸਿਟੀ ਫਿਰੋਜ਼ਪੁਰ ਦੇ ਮੁਲਾਜ਼ਮ ਦੀਆ ਤਨਖਾਹਾਂ ਨੂੰ ਰਿਲੀਜ ਕਰਾਉਣ ਲਈ ਜਥੇਬੰਦੀਆਂ ਵੱਲੋਂ ਕੀਤੇ ਜਾ ਰਹੇ ਸੰਘਰਸ਼ਾਂ ਦਾ ਸਮਰਥਨ ਕੀਤਾ। ਇਸ ਸਮੇਂ ਨਾਰਦਨ ਰੇਲਵੇ ਮੈਨਜ ਯੂਨੀਅਨ ਦੇ ਸਾਬਕਾ ਪ੍ਰਧਾਨ ਤੇ ਆਲ ਇੰਪਲਾਈਜ ਕੋ ?ਆਰਡੀਨੇਸ਼ਨ ਕਮੇਟੀ ਫਿਰੋਜਪੁਰ ਦੇ ਸਾਬਕਾ ਪ੍ਰਧਾਨ ਫ਼ਕੀਰ ਚੰਦ ਦੀ 15ਵੀਂ ਬਰਸੀ ਪਿੰਡ ਬਜੀਦਪੁਰ ਵਿਖੇ 28 ਦਸੰਬਰ ਨੂੰ ਮਨਾਈ ਜਾਵੇਗੀ, ਇਹ ਸਮੇਂ ਇਹ ਵੀ ਫੈਸਲਾ ਕੀਤਾ ਗਿਆ ਕਿ ਆਲ ਇੰਪਲਾਈਜ ਕੋ ਆਰਡੀਨੇਸ਼ਨ ਕਮੇਟੀ ਫਿਰੋਜ਼ਪੁਰ ਦੀ ਚੋਣ ਕਰਾਉਣ ਲਈ ਅਗਲੀ ਮੀਟਿੰਗ ਵਿੱਚ ਰੂਪ ਰੇਖਾ ਤਿਆਰ ਕੀਤੀ ਜਾਵੇਗੀ।ਇਸ ਮੀਟਿੰਗ ਵਿੱਚ ਆਲ ਇੰਪਲਾਈਜ ਕੋ—ਆਰਡੀਨੇਸ਼ਨ ਕਮੇਟੀ ਦੇ ਜਨਰਲ ਸਕੱਤਰ ਕਿਸ਼ਨ ਚੰਦ ਜਾਗੋਵਾਲੀਆਂ, ਵਿਤ ਸਕੱਤਰ ਮਹਿੰਦਰ ਸਿੰਘ ਧਾਲੀਵਾਲ, ਜਨਤਕ ਜਥੇਬੰਦੀਆਂ ਦੇ ਸਾਂਝੇ ਮੋਰਚੇ ਦੇ ਕਨਵੀਨਰ ਸੁਰਿੰਦਰ ਸਿੰਘ, ਪੋਸਟ ਆਫਿਸ ਇੰਪਲਾਈਜ ਯੂਨੀਅਨ ਪ੍ਰਧਾਨ ਪ੍ਰਦੀਪ ਧਵਨ, ਜੀ.ਟੀ.ਯੂ ਰਾਜੀਵ ਹਾਡਾ, ਨਰੇਸ਼ ਸੈਣੀ ਖੇਤੀ ਬਾੜੀ ਸਬ ?ਇੰਸਪੈਕਟਰ ਯੂਨੀਅਨ,ਪਦਮ ਕੁਮਾਰ ਪ੍ਰਿਤਪਾਲ ਸਿੰਘ ਨਾਰਦਰਨ ਰੇਲਵੇ,ਇੰਜ ਜਗਦੀਪ ਮਾਂਗਟ, ਜਨਰਲ ਸਕੱਤਰ ਪ.ਸ.ਸ.ਫ, ਸਤਿੰਦਰ ਸਿੰਘ ਸ਼ਹੀਦ ਭਗਤ ਸਿੰਘ ਇੰਜੀਨੀਅਰਿੰਗ ਕਾਲਜ, ਡਾ ਪ੍ਰਦੀਪ ਰਾਣਾ, ਤਿਰਲੋਕ ਸਿੰਘ ਚੰਦਰ ਮੋਹਨ, ਪੈਨਸ਼ਨਰ ਆਗੂ, ਬੂਟਾ ਸਿੰਘ, ਬਲਬੀਰ ਸਿੰਘ ਗੋਖੀਵਾਲਾ ਜੰਗਲਾਤ ਵਰਕਰਜ ਯੂਨੀਅਨ ਸ਼ਾਮਿਲ ਹੋਏ।

# ਡੱਲੇਵਾਲ ਦੇ ਮਰਨ ਵਰਤ ਨੂੰ ਹੋਇਆ ਇੱਕ ਮਹੀਨਾ ਪੂਰਾ, ਹਾਲਤ ਹੋਈ ਨਾਜ਼ੁਕ, ਬੋਲਣ ਤੋਂ ਵੀ ਅਸਮਰਥ

**ਖਨੌਰੀ ਬਾਰਡਰ, 26 ਦਸੰਬਰ (ਆਵਾਜ਼ਿ ਕੌਮ ਬਿਊਰੋ)**-ਕਿਸਾਨ ਆਗੂ ਜਗਜੀਤ ਸਿੰਘ ਡੱਲੇਵਾਲ ਵੱਲੋਂ ਫ਼ਸਲਾਂ ਦੇ ਘੱਟੋ-ਘੱਟ ਸਮਰਥਨ ਮੁੱਲ ਸਮੇਤ 13 ਮੰਗਾਂ ਨੂੰ ਲੈ ਕੇ ਖਨੌਰੀ ਸਰਹੱਦ 'ਤੇ ਕੀਤੇ ਜਾ ਰਹੇ ਮਰਨ ਵਰਤ ਨੂੰ ਅੱਜ (ਵੀਰਵਾਰ) 31 ਦਿਨ ਹੋ ਗਏ ਹਨ। ਉਨ੍ਹਾਂ ਦੀ ਹਾਲਤ ਨਾਜ਼ੁਕ ਬਣੀ ਹੋਈ ਹੈ। ਹੁਣ ਉਹ ਗੱਲ ਵੀ ਨਹੀਂ ਕਰ ਪਾ ਰਹੇ ਹਨ। ਉਹ ਇਸ਼ਾਰਿਆਂ ਰਾਹੀਂ ਹੀ ਗੱਲ ਕਰ ਰਹੇ ਹਨ। ਦੂਜੇ ਪਾਸੇ 30 ਦਸੰਬਰ ਨੂੰ ਅੰਦੋਲਨ ਦੇ ਸਮਰਥਨ ਵਿੱਚ ਦਿੱਤੇ ਜਾਣ ਵਾਲੇ ਪੰਜਾਬ ਬੰਦ ਸਬੰਧੀ ਅੱਜ ਖਨੌਰੀ ਵਿੱਚ ਅਹਿਮ ਮੀਟਿੰਗ ਕੀਤੀ ਜਾਵੇਗੀ। ਇਸ ਵਿੱਚ ਵਪਾਰਕ ਜਥੇਬੰਦੀਆਂ, ਸਮਾਜਿਕ ਤੇ ਧਾਰਮਿਕ ਜਥੇਬੰਦੀਆਂ ਦੇ ਨੁਮਾਇੰਦੇ, ਵੱਖ-ਵੱਖ ਯੂਨੀਅਨਾਂ ਦੇ ਆਗੂ ਸ਼ਾਮਲ ਹੋਣਗੇ। ਦੂਜੇ ਪਾਸੇ ਪੰਜਾਬ ਨੂੰ ਛੱਡ ਕੇ ਬਾਕੀ ਰਾਜਾਂ ਵਿੱਚ ਵੀ ਜਗਜੀਤ ਸਿੰਘ ਡੱਲੇਵਾਲ ਜੀ ਦੇ ਮਰਨ ਵਰਤ ਦੇ ਸਮਰਥਨ ਵਿੱਚ ਸਵੇਰੇ 10 ਵਜੇ ਤੋਂ ਸ਼ਾਮ 4 ਵਜੇ ਤੱਕ ਭੁੱਖ ਹੜਤਾਲ ਕੀਤੀ ਜਾਵੇਗੀ। ਹਾਲਾਂਕਿ ਇਹ ਸੰਘਰਸ਼ 13 ਫਰਵਰੀ ਤੋਂ ਚੱਲ ਰਿਹਾ ਹੈ। ਡਾਕਟਰਾਂ ਨੇ ਮੈਡੀਕਲ ਬੁਲੇਟਿਨ ਜਾਰੀ ਕਰਦਿਆਂ ਕਿਹਾ ਕਿ ਜਗਜੀਤ ਸਿੰਘ ਡੱਲੇਵਾਲ ਦਾ ਬਲੱਡ ਪ੍ਰੈਸ਼ਰ ਬਹੁਤ ਚਿੰਤਾਜਨਕ ਹਾਲਤ ਵਿੱਚ ਹੈ। 30 ਦਿਨਾਂ ਤੋਂ ਕੁਝ ਨਹੀਂ ਖਾਧਾ ਅਤੇ ਪਾਣੀ ਤੋਂ ਇਲਾਵਾ ਕੁਝ ਨਹੀਂ ਪੀਤਾ। ਉਨ੍ਹਾਂ ਦੇ ਹੱਥ-ਪੈਰ ਪੀਲੇ ਪੈ ਗਏ ਹਨ। ਉਹ ਹੁਣ ਬੋਲਣ ਤੋਂ ਵੀ ਅਸਮਰੱਥ ਹਨ। ਕਿਸਾਨ ਆਗੂ ਅਭਿਮਨਿਊ ਕੋਹਾੜ ਨੇ ਕਿਹਾ ਕਿ ਕੇਂਦਰ ਸਰਕਾਰ, ਰਾਜ ਸਰਕਾਰਾਂ ਅਤੇ ਕਿਸੇ ਵੀ ਸੰਵਿਧਾਨਕ ਅਦਾਰੇ ਨੂੰ ਕੋਈ ਭੁਲੇਖਾ ਨਹੀਂ ਰਹਿਣਾ ਚਾਹੀਦਾ, ਇਸ ਲਈ ਜਗਜੀਤ ਸਿੰਘ ਡੱਲੇਵਾਲ ਦੇ ਕੀਟੋਨ ਬਾਡੀ ਟੈਸਟ ਸਮੇਤ ਸਾਰੇ ਟੈਸਟ ਸਰਕਾਰੀ ਡਾਕਟਰਾਂ ਤੋਂ ਕਰਵਾਏ ਜਾਣ ਅਤੇ ਉਨ੍ਹਾਂ ਦੀ ਰਿਪੋਰਟ ਦੇਸ਼ ਨਾਲ ਸਾਂਝੀ ਕਰਨੀ ਚਾਹੀਦੀ ਹੈ।



ਕਿਸਾਨ ਆਗੂਆਂ ਨੇ ਕਿਹਾ ਕਿ ਹਰਿਆਣਾ ਸਰਕਾਰ ਨੇ ਕੁਝ ਦਿਨ ਪਹਿਲਾਂ ਨੋਟੀਫਿਕੇਸ਼ਨ ਜਾਰੀ ਕਰਕੇ ਕਿਹਾ ਸੀ ਕਿ ਅਸੀਂ ਘੱਟੋ-ਘੱਟ ਸਮਰਥਨ ਮੁੱਲ 'ਤੇ 24 ਫਸਲਾਂ ਦੀ ਖਰੀਦ ਦੀ ਗਰੰਟੀ ਦੇਣ ਦਾ ਫੈਸਲਾ ਲੈ ਰਹੇ ਹਾਂ। ਦੋਵਾਂ ਮੋਰਚਿਆਂ ਦੇ ਆਗੂ ਹਰਿਆਣਾ ਸਰਕਾਰ ਤੋਂ ਸਵਾਲ ਪੁੱਛਣਾ ਚਾਹੁੰਦੇ ਹਨ ਕਿ ਕੀ ਕੋਈ ਵੀ ਸੂਬਾ ਸਰਕਾਰ ਘੱਟੋ-ਘੱਟ ਸਮਰਥਨ ਮੁੱਲ 'ਤੇ ਫ਼ਸਲਾਂ ਦੀ ਖ਼ਰੀਦ ਲਈ ਆਪਣੇ ਤੌਰ 'ਤੇ ਵਿੱਤੀ ਸਾਧਨਾਂ ਦਾ ਪ੍ਰਬੰਧ ਕਰ ਸਕਦੀ ਹੈ? ਕਿਸਾਨ ਆਗੂਆਂ ਨੇ ਕਿਹਾ ਕਿ ਕੇਂਦਰੀ ਪੂਲ ਦੀ ਜ਼ਿਆਦਾਤਰ ਖਰੀਦ ਸੂਬਾ ਸਰਕਾਰ ਦੀਆਂ ਏਜੰਸੀਆਂ ਕਰਦੀਆਂ ਹਨ। ਜਿਸ ਦਾ ਬਜਟ ਕੇਂਦਰ ਸਰਕਾਰ ਤੋਂ ਹੀ ਆਉਂਦਾ ਹੈ, ਫਿਰ ਕੀ ਕੋਈ ਵੀ ਰਾਜ ਸਰਕਾਰ ਕੇਂਦਰ ਸਰਕਾਰ ਦੇ ਸਹਿਯੋਗ ਤੋਂ ਬਿਨਾਂ ਸਾਰੀਆਂ ਫਸਲਾਂ ਘੱਟੋ-ਘੱਟ ਸਮਰਥਨ ਮੁੱਲ 'ਤੇ ਖਰੀਦ ਸਕਦੀ ਹੈ? ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸੈਣੀ ਨੂੰ ਇਸ ਦਾ ਜਵਾਬ ਦੇਣਾ ਚਾਹੀਦਾ ਹੈ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243